ਸ਼ਨੀਵਾਰ, 5 ਅਪ੍ਰੈਲ, 2025
23 ਚੇਤ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 304

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • SATURDAY, 5 APRIL, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਚੀਨ ਸਿੱਧਾ ਟੱਕਰਿਆ, ਅਮਰੀਕੀ ਮਾਲ 'ਤੇ ਹੋਰ 34 ਫੀਸਦੀ ਟੈਰਿਫ ਠੋਕਿਆ

ਬੀਜਿੰਗ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਠੋਕੇ ਟੈਰਿਫਾਂ ਦਾ ਜਵਾਬ ਦਿੰਦਿਆਂ ਚੀਨ ਨੇ ਸ਼ੁੱਕਰਵਾਰ ਅਮਰੀਕੀ ਮਾਲ 'ਤੇ ਵਾਧੂ ਟੈਰਿਫ ਤੇ ਰੋਕਾਂ ਲਾਉਣ ਦਾ ਐਲਾਨ ਕੀਤਾ। ਟਰੰਪ ਵੱਲੋਂ ਟੈਰਿਫ ਵਧਾਉਣ ਤੋਂ ਬਾਅਦ ਚੀਨ ਪਹਿਲਾ ਦੇਸ਼ ਹੈ, ਜਿਸ ਨੇ 'ਜੈਸੇ ਕੋ ਤੈਸਾ' ਵਾਲੇ ਫਾਰਮੂਲੇ ਤਹਿਤ ਜਵਾਬੀ ਕਾਰਵਾਈ ਕੀਤੀ ਹੈ। ਚੀਨ ਦੇ ਸਟੇਟ ਕੌਂਸਲ ਟੈਰਿਫ ਕਮਿਸ਼ਨ ਨੇ ਕਿਹਾ ਹੈ ਕਿ ਅਮਰੀਕੀ ਕਾਰਵਾਈ ਕੌਮਾਂਤਰੀ ਵਪਾਰ ਨੇਮਾਂ ਦੇ ਮੁਤਾਬਕ ਨਹੀਂ ਅਤੇ ਚੀਨ ਦੇ ਵਾਜਬ ਹੱਕਾਂ ਤੇ ਹਿੱਤਾਂ ਨੂੰ ਗੰਭੀਰ ਨੁਕਸਾਨ ਪਹੁੰਚਾਇਆ ਹੈ। ਵਿੱਤ ਮੰਤਰਾਲੇ ਨੇ ਕਿਹਾ ਕਿ ਚੀਨ ਅਮਰੀਕੀ ਮਾਲ 'ਤੇ 10 ਅਪ੍ਰੈਲ ਤੋਂ ਹੋਰ 34 ਫੀਸਦੀ ਟੈਰਿਫ ਲਾਗੂ ਕਰੇਗਾ। ਚੀਨ ਨੇ ਸਮਾਰਿਅਮ, ਗੈਡੋਲੀਨਿਅਮ, ਟਰਬਿਅਮ, ਡਿਸਪਰੋਸਿਅਮ, ਲੁਟੇਨਿਅਮ, ਸਕੈਂਡਿਅਮ ਤੇ ਤਿਰੀਅਮ ਵਰਗੇ ਦਰਮਿਆਨੇ ਤੇ ਭਾਰੀ ਖਣਿਜਾਂ ਦੀ ਅਮਰੀਕਾ ਨੂੰ ਬਰਾਮਦ 'ਤੇ ਚਾਰ ਅਪ੍ਰੈਲ ਤੋਂ ਹੀ ਕੰਟਰੋਲ ਦਾ ਐਲਾਨ ਕੀਤਾ ਹੈ। ਇਨ੍ਹਾਂ ਦੀ ਕੰਪਿਊਟਰ ਚਿੱਪਾਂ ਤੇ ਇਲੈਕਟ੍ਰਿਕ ਵਹੀਕਲਾਂ ਦੀਆਂ ਬੈਟਰੀਆਂ 'ਚ ਵਰਤੋਂ ਹੁੰਦੀ ਹੈ। ਵਣਜ ਮੰਤਰਾਲੇ ਨੇ ਕਿਹਾ ਹੈ ਕਿ ਇਹ ਕੰਟਰੋਲ ਕੌਮੀ ਸੁਰੱਖਿਆ ਤੇ ਹਿੱਤਾਂ ਦੀ ਰਾਖੀ ਅਤੇ ਨਿਸ਼ਸਤਰੀਕਰਨ ਪ੍ਰਤੀ ਕੌਮਾਂਤਰੀ ਜ਼ਿੰਮੇਵਾਰੀ ਨੂੰ ਪੂਰਾ ਕਰਨ ਲਈ ਲਾਗੂ ਕੀਤੇ ਗਏ ਹਨ। ਚੀਨੀ ਸਰਕਾਰ ਨੇ ਇਹ ਵੀ ਕਿਹਾ ਹੈ ਕਿ ਇਹ 27 ਹੋਰ ਅਮਰੀਕੀ ਕੰਪਨੀਆਂ 'ਤੇ ਰੋਕਾਂ ਲਾਵੇਗੀ। ਉਹ ਅਮਰੀਕੀ ਟੈਰਿਫਾਂ ਖਿਲਾਫ ਸੰਸਾਰ ਵਪਾਰ ਜਥੇਬੰਦੀ (ਡਬਲਿਊ ਟੀ ਓ) ਵਿੱਚ ਕੇਸ ਵੀ ਕਰੇਗੀ।

ਚੀਨ ਵੱਲੋਂ ਕੀਤੀ ਗਈ ਇਸ ਜਵਾਬੀ ਕਾਰਵਾਈ ਨਾਲ ਅਮਰੀਕਾ ਦਾ ਸ਼ੇਅਰ ਬਾਜ਼ਾਰ ਲੜਖੜਾ ਗਿਆ।

ਊਠ ਤੋਂ ਛਾਨਣੀ ਲਾਹੀ

ਨਵੀਂ ਦਿੱਲੀ : ਵ੍ਹਾਈਟ ਹਾਊਸ ਦੇ ਇੱਕ ਦਸਤਾਵੇਜ਼ ਦੇ ਅਨੁਸਾਰ ਅਮਰੀਕਾ ਨੇ ਭਾਰਤ 'ਤੇ ਲਗਾਏ ਜਾਣ ਵਾਲੀ ਦਰਾਮਦਗੀ ਡਿਊਟੀ ਨੂੰ 27 ਫੀਸਦੀ ਤੋਂ ਘਟਾ ਕੇ 26 ਫੀਸਦੀ ਕਰ ਦਿੱਤਾ ਹੈ। ਇਹ ਟੈਕਸ 9 ਅਪ੍ਰੈਲ ਤੋਂ ਸ਼ੁਰੂ ਹੋਣਾ ਹੈ।

ਬੁੱਧਵਾਰ ਨੂੰ ਵੱਖ-ਵੱਖ ਦੇਸ਼ਾਂ ਵਿਰੁੱਧ ਜਵਾਬੀ ਟੈਕਸ ਦਾ ਐਲਾਨ ਕਰਦੇ ਹੋਏ ਟਰੰਪ ਨੇ ਇੱਕ ਚਾਰਟ ਚੁੱਕਿਆ ਹੋਇਆ ਸੀ, ਜਿਸ ਵਿੱਚ ਭਾਰਤ, ਚੀਨ, ਯੂ ਕੇ ਅਤੇ ਯੂਰਪੀਨ ਯੂਨੀਅਨ ਵਰਗੇ ਦੇਸ਼ਾਂ ਨੂੰ ਹੁਣ ਭੁਗਤਾਨ ਕਰਨ ਵਾਲੇ ਟੈਕਸ ਦਿਖਾਏ ਗਏ ਸਨ। ਚਾਰਟ ਨੇ ਸੰਕੇਤ ਦਿੱਤਾ ਕਿ ਭਾਰਤ ਨੇ ਮੁਦਰਾ ਹੇਰਾਫੇਰੀ ਅਤੇ ਵਪਾਰ ਰੁਕਾਵਟਾਂ ਸਮੇਤ 52 ਫੀਸਦੀ ਟੈਕਸ ਲਗਾਏ ਸਨ ਅਤੇ ਅਮਰੀਕਾ ਹੁਣ ਭਾਰਤ ਤੋਂ 26 ਫੀਸਦੀ ਦੀ ਛੋਟ ਵਾਲਾ ਜਵਾਬੀ ਟੈਕਸ ਵਸੂਲੇਗਾ। ਪਹਿਲਾਂ ਵ੍ਹਾਈਟ ਹਾਊਸ ਦੇ ਦਸਤਾਵੇਜ਼ਾਂ ਵਿੱਚ ਭਾਰਤ 'ਤੇ 27 ਫੀਸਦੀ ਡਿਊਟੀ ਦਿਖਾਈ ਗਈ ਸੀ।

ਹਾਲਾਂਕਿ ਨਵੀਨਤਮ ਅਪਡੇਟ ਦੇ ਅਨੁਸਾਰ ਇਸ ਨੂੰ ਘਟਾ ਕੇ 26 ਫੀਸਦੀ ਕਰ ਦਿੱਤਾ ਗਿਆ ਹੈ। ਉਦਯੋਗ ਮਾਹਰਾਂ ਨੇ ਕਿਹਾ ਕਿ ਇੱਕ ਫੀਸਦੀ ਦਾ ਬਹੁਤਾ ਪ੍ਰਭਾਵ ਨਹੀਂ ਪਵੇਗਾ।

ਸ਼ੇਅਰ ਬਾਜ਼ਾਰ 'ਚ ਵੱਡੀ ਗਿਰਾਵਟ

ਮੁੰਬਈ : ਟਰੰਪ ਵੱਲੋਂ ਜਵਾਬੀ ਟੈਰਿਫ ਐਲਾਨੇ ਜਾਣ ਤੋਂ ਬਾਅਦ ਸ਼ੁੱਕਰਵਾਰ ਸੈਂਸੈਕਸ ਤੇ ਨਿਫਟੀ ਵਿੱਚ ਭਾਰੀ ਗਿਰਾਵਟ ਆਈ। ਵਿਦੇਸ਼ੀ ਫੰਡਾਂ ਦੀ ਨਿਕਾਸੀ ਦੇ ਚਲਦਿਆਂ ਵੀ ਬਜ਼ਾਰ ਪ੍ਰਭਾਵਤ ਹੋਇਆ ਹੈ। ਸੈਂਸੈਕਸ 930.67 ਅੰਕ ਡਿੱਗ ਕੇ 75,364.69 'ਤੇ ਆ ਗਿਆ। ਕਾਰੋਬਾਰ ਦੌਰਾਨ ਇੱਕ ਵਾਰ ਤਾਂ 1054.81 ਅੰਕ ਡਿੱਗ ਗਿਆ ਸੀ।

ਨਿਫਟੀ 345.65 ਅੰਕ ਡਿੱਗ ਕੇ 22,867.90 ਅੰਕ 'ਤੇ ਬੰਦ ਹੋਇਆ।

ਅੱਠਵੀਂ 'ਚੋਂ ਹੁਸ਼ਿਆਰਪੁਰ ਦਾ ਪੁਨੀਤ ਵਰਮਾ ਅੱਵਲ

ਮੁਹਾਲੀ (ਗੁਰਜੀਤ ਬਿੱਲਾ)

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਅੱਠਵੀਂ ਸ਼੍ਰੇਣੀ ਦਾ ਨਤੀਜਾ ਐਲਾਨ ਦਿੱਤਾ ਹੈ। 10471 ਸਕੂਲਾਂ ਦੇ 290471 ਪ੍ਰੀਖਿਆਰਥੀ ਪ੍ਰੀਖਿਆ ਵਿੱਚ ਅਪੀਅਰ ਹੋਏ, ਜਿਨ੍ਹਾਂ ਵਿੱਚੋਂ 282627 ਪ੍ਰਮੋਟ ਹੋਏ ਅਤੇ ਨਤੀਜੇ ਦੀ ਪਾਸ ਪ੍ਰਤੀਸ਼ਤਤਾ 97.30 ਫੀਸਦੀ ਰਹੀ।

ਪੁਨੀਤ ਵਰਮਾ ਪੁੱਤਰ ਅਸ਼ੋਕ ਵਰਮਾ/ ਨੀਤੂ ਵਰਮਾ, (ਰੋਲ ਨੰ. 8025370012) ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਏ-225, ਚੀਫ ਖਾਲਸਾ ਦੀਵਾਨ, ਮਾਡਲ ਟਾਊਨ, ਹੁਸ਼ਿਆਰਪੁਰ ਨੇ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਪਹਿਲਾ, ਨਵਜੋਤ ਕੌਰ ਪੁੱਤਰੀ ਕਰਨਜੀਤ ਸਿੰਘ/ ਵੀਰਪਾਲ ਕੌਰ (ਰੋਲ ਨੰ. 8025227565) ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰ. ਸਕੂਲ ਕੋਟ ਸੁੱਖੀਆ, ਫਰੀਦਕੋਟ ਨੇ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਦੂਜਾ ਅਤੇ ਨਵਜੋਤ ਕੌਰ ਪੁੱਤਰੀ ਗੁਰਮੇਜ ਸਿੰਘ/ ਕੁਲਜੀਤ ਕੌਰ (ਰੋਲ ਨੰ. 8025111174) ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰ. ਸਕੂਲ, ਚੰਨਣਕੇ (ਅੱਡਾ ਨਾਥ ਦੀ ਖੂਹੀ) ਅੰਮ੍ਰਿਤਸਰ ਨੇ 99.83 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਤੀਜਾ ਸਥਾਨ ਹਾਸਲ ਕੀਤਾ।

ਬਰਾਬਰ ਅੰਕ ਪ੍ਰਾਪਤ ਕਰਨ 'ਤੇ ਛੋਟੀ ਉਮਰ ਵਾਲੇ ਪ੍ਰੀਖਿਆਰਥੀ ਨੂੰ ਮੈਰਿਟ ਵਿੱਚ ਉਚ ਸਥਾਨ ਪ੍ਰਦਾਨ ਕੀਤਾ ਗਿਆ ਹੈ।ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਨਤੀਜਾ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ www.pseb.ac.in ਅਤੇ www.indiaresults.com 'ਤੇ ਅਪਲੋਡ ਕਰ ਦਿੱਤਾ ਗਿਆ ਹੈ। ਜਿਹੜੇ ਪ੍ਰੀਖਿਆਰਥੀ ਇਸ ਪ੍ਰੀਖਿਆ ਵਿੱਚ ਪ੍ਰਮੋਟ ਨਹੀਂ ਹੋ ਸਕੇ, ਉਹਨਾਂ ਦੀ ਸਪਲੀਮੈਂਟਰੀ ਪ੍ਰੀਖਿਆ ਜੂਨ ਵਿੱਚ ਕੰਡਕਟ ਕਰਵਾਈ ਜਾਵੇਗੀ।

15 ਲੱਖ ਰੁਪਏ ਕੀਹਦੇ ਸਨ ?

ਚੰਡੀਗੜ੍ਹ : ਹਾਲਾਂਕਿ ਸੀ ਬੀ ਆਈ ਦੀ ਕੋਰਟ ਨੇ ਜੱਜ ਦੀ ਕੋਠੀ ਅੱਗੇ ਮਿਲੇ ਪੈਸਿਆਂ ਦੇ ਮਾਮਲੇ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੀ ਸਾਬਕਾ ਜੱਜ ਨਿਰਮਲ ਯਾਦਵ ਸਣੇ ਸਾਰੇ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਹੈ, ਸੀ ਬੀ ਆਈ ਵੱਲੋਂ 17 ਸਾਲ ਪਹਿਲਾਂ ਜਾਂਚ ਦੌਰਾਨ ਜ਼ਬਤ ਕੀਤੇ ਗਏ 15 ਲੱਖ ਰੁਪਏ ਦਾ ਭੇਤ ਅਜੇ ਵੀ ਨਹੀਂ ਖੁੱਲ੍ਹਿਆ। ਸੀ ਬੀ ਆਈ ਨੇ ਹਰਿਆਣਾ ਦੇ ਵੇਲੇ ਦੇ ਐਡੀਸ਼ਨਲ ਐਡਵੋਕੇਟ ਜਨਰਲ ਸੰਜੀਵ ਬਾਂਸਲ ਦੇ ਕਲਰਕ ਪ੍ਰਕਾਸ਼ ਰਾਮ ਵੱਲੋਂ 13 ਅਗਸਤ 2008 ਨੂੰ ਹਾਈ ਕੋਰਟ ਦੀ ਜੱਜ ਨਿਰਮਲਜੀਤ ਕੌਰ ਦੀ ਕੋਠੀ 'ਚ ਨੋਟਾਂ ਦਾ ਬੈਗ ਦੇਣ ਮਗਰੋਂ ਕੇਸ ਦਰਜ ਕੀਤਾ ਸੀ। ਜਸਟਿਸ ਨਿਰਮਲਜੀਤ ਕੌਰ ਦੀ ਹਦਾਇਤ 'ਤੇ ਪੁਲਸ ਸੱਦੀ ਗਈ ਅਤੇ ਚੰਡੀਗੜ੍ਹ ਪੁਲਸ ਦੇ ਸਬ-ਇੰਸਪੈਕਟਰ ਨੇ ਪ੍ਰਕਾਸ਼ ਰਾਮ ਨੂੰ ਨੋਟਾਂ ਵਾਲੇ ਬੈਗ ਸਣੇ ਹਿਰਾਸਤ ਵਿੱਚ ਲੈ ਲਿਆ ਸੀ। ਸੈਕਟਰ-11 ਦੇ ਐੱਸ ਐੱਚ ਓ ਨੇ ਨੋਟ ਗਿਣੇ ਤਾਂ 15 ਲੱਖ ਨਿਕਲੇ। 16 ਅਗਸਤ 2008 ਨੂੰ ਕੇਸ ਦਰਜ ਕਰਨ ਦੇ ਬਾਅਦ ਚੰਡੀਗੜ੍ਹ ਪ੍ਰਸ਼ਾਸਨ ਨੇ ਜਾਂਚ 26 ਅਗਸਤ 2008 ਨੂੰ ਸੀ ਬੀ ਆਈ ਨੂੰ ਸੌਂਪ ਦਿੱਤੀ।

15 ਲੱਖ ਰੁਪਏ ਸਣੇ ਸਾਰੇ ਦਸਤਾਵੇਜ਼ ਸੀ ਬੀ ਆਈ ਨੂੰ ਸੌਂਪ ਦਿੱਤੇ ਗਏ ਅਤੇ ਪੈਸੇ ਅਜੇ ਵੀ ਸੀ ਬੀ ਆਈ ਦੇ ਮਾਲਖਾਨੇ ਵਿੱਚ ਪਏ ਹਨ। ਜਾਂਚ ਪੂਰੀ ਕਰਕੇ ਸੀ ਬੀ ਆਈ ਨੇ ਚਾਰਜਸ਼ੀਟ ਵਿੱਚ ਦਾਅਵਾ ਕੀਤਾ ਕਿ ਪੈਸੇ ਜਸਟਿਸ ਨਿਰਮਲ ਯਾਦਵ ਲਈ ਸਨ, ਪਰ ਰਲਦੇ-ਮਿਲਦੇ ਨਾਂਅ ਕਰਕੇ ਜਸਟਿਸ ਨਿਰਮਲਜੀਤ ਕੌਰ ਦੀ ਕੋਠੀ ਪਹੁੰਚਾ ਦਿੱਤੇ ਗਏ। ਸੀ ਬੀ ਆਈ ਨੇ ਕਿਹਾ ਸੀ ਕਿ ਇੱਕ ਮੁਲਜ਼ਮ ਰਵਿੰਦਰ ਸਿੰਘ ਨੇ ਇਹ ਪੈਸੇ ਜਾਇਦਾਦ ਦੇ ਕੇਸ ਵਿੱਚ ਹੱਕ 'ਚ ਫੈਸਲਾ ਕਰਾਉਣ ਲਈ ਸੰਜੀਵ ਬਾਂਸਲ ਨੂੰ ਜਸਟਿਸ ਯਾਦਵ ਨੂੰ ਦੇਣ ਲਈ ਦਿੱਤੇ ਸਨ, ਪਰ ਸਾਰੇ ਮੁਲਜ਼ਮਾਂ ਨੇ ਦਾਅਵਾ ਕੀਤਾ ਕਿ ਸੀ ਬੀ ਆਈ ਨੇ ਉਨ੍ਹਾਂ ਨੂੰ ਝੂਠਾ ਫਸਾਇਆ ਹੈ। ਬਚਾਅ ਪੱਖ ਦੇ ਵਕੀਲ ਹਿਤੇਸ਼ ਪੁਰੀ ਨੇ ਕਿਹਾ ਕਿ ਚਾਰਜਸ਼ੀਟ ਘੜੇ-ਘੜਾਏ ਸਬੂਤਾਂ ਦੇ ਆਧਾਰ 'ਤੇ ਦਾਖਲ ਕੀਤੀ ਗਈ ਤੇ ਸੀ ਬੀ ਆਈ ਕੋਰਟ ਨੇ ਵੀ ਆਪਣੇ ਫੈਸਲੇ ਵਿੱਚ ਸਬੂਤਾਂ ਨੂੰ ਘੜੇ-ਘੜਾਏ ਕਰਾਰ ਦਿੱਤਾ। ਸੀ ਬੀ ਆਈ ਨੇ ਪ੍ਰਕਾਸ਼ ਰਾਮ ਨੂੰ ਨਾ ਗਵਾਹ ਬਣਾਇਆ ਤੇ ਨਾ ਮੁਲਜ਼ਮ। ਪੁਰੀ ਨੇ ਕਿਹਾ ਕਿ ਇਹ ਸੀ ਬੀ ਆਈ ਹੀ ਜਾਣਦੀ ਹੈ ਕਿ ਪੈਸੇ ਕਿਸਦੇ ਸਨ, ਕਿਉਂਕਿ ਕੋਰਟ ਨੇ ਕੇਸ ਵਿੱਚ ਨਾਮਜ਼ਦ ਲੋਕਾਂ ਦਾ ਪੈਸਿਆਂ ਨਾਲ ਲਿੰਕ ਨਹੀਂ ਨਹੀਂ ਪਾਇਆ ਹੈ।

ਵਕਫ ਕਾਨੂੰਨ ਨਾ ਸਿਰਫ ਗੈਰ-ਵਾਜਬ, ਸਗੋਂ ਗੈਰ-ਸੰਵਿਧਾਨਕ ਵੀ : ਸੀ ਪੀ ਆਈ

ਲੁਧਿਆਣਾ (ਐੱਮ ਐੱਸ ਭਾਟੀਆ)

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਪਾਰਟੀ ਵਕਫ ਕਾਨੂੰਨ, ਜੋ ਕਿ ਸੁਧਾਰ ਦੀ ਆੜ ਵਿੱਚ ਧਰਮ ਨਿਰਪੱਖਤਾ ਅਤੇ ਸਮਾਨਤਾ 'ਤੇ ਹਮਲਾ ਹੈ, ਨੂੰ ਪੂਰੀ ਤਰ੍ਹਾਂ ਰੱਦ ਕਰਦੀ ਹੈ। ਇਹ ਬਿੱਲ ਮੁੱਖ ਕਾਨੂੰਨੀ ਸੁਰੱਖਿਆਵਾਂ ਨੂੰ ਖਤਮ ਕਰਦਾ ਹੈ, ਨਿਯੰਤਰਣ ਨੂੰ ਕੇਂਦਰਤ ਕਰਦਾ ਹੈ ਅਤੇ ਧਾਰਮਕ ਦਾਨਾਂ ਵਿੱਚ ਰਾਜ ਦੀ ਦਖਲਅੰਦਾਜ਼ੀ ਨੂੰ ਸਮਰੱਥ ਬਣਾਉਂਦਾ ਹੈ, ਜੋ ਕਿ ਬੁਨਿਆਦੀ ਅਧਿਕਾਰਾਂ ਦੀ ਉਲੰਘਣਾ ਹੈ। ਇਹ ਕਾਨੂੰਨ ਨਾ ਸਿਰਫ ਅਨੁਚਿਤ ਹੈ, ਸਗੋਂ ਗੈਰ-ਸੰਵਿਧਾਨਕ ਵੀ ਹੈ, ਕਿਉਂਕਿ ਇਹ ਵਕਫ 'ਤੇ ਚੋਣਵੇਂ ਤੌਰ 'ਤੇ ਪਾਬੰਦੀਆਂ ਲਗਾ ਕੇ ਧਾਰਾ 14 ਦੀ ਉਲੰਘਣਾ ਕਰਦਾ ਹੈ, ਧਾਰਾ 25 ਦੀ ਉਲੰਘਣਾ ਕਰਦਾ ਹੈ, ਰਾਜ ਨੂੰ ਇਹ ਨਿਰਧਾਰਤ ਕਰਨ ਦੀ ਆਗਿਆ ਦੇ ਕੇ ਕਿ ਵਕਫ ਕੌਣ ਬਣਾ ਸਕਦਾ ਹੈ ਅਤੇ ਧਾਰਮਿਕ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਕੇ ਧਾਰਾ 26 ਦੀ ਅਣਦੇਖੀ ਕਰਦਾ ਹੈ। ਆਪਣੀਆਂ ਕਾਨੂੰਨੀ ਖਾਮੀਆਂ ਤੋਂ ਪਰੇ ਇਹ ਬਿੱਲ ਫਿਰਕੂ ਤਣਾਅ ਪੈਦਾ ਕਰਨ ਅਤੇ ਆਰਥਿਕ ਸੰਕਟ ਅਤੇ ਬੇਰੁਜ਼ਗਾਰੀ ਵਰਗੇ ਅਸਲ ਮੁੱਦਿਆਂ ਤੋਂ ਧਿਆਨ ਭਟਕਾਉਣ ਦੀ ਇੱਕ ਰਣਨੀਤੀ ਹੈ। ਭਾਜਪਾ ਦੀ ਰਣਨੀਤੀ ਸਪੱਸ਼ਟ ਹੈ-ਘੱਟ ਗਿਣਤੀਆਂ ਨੂੰ ਬਦਨਾਮ ਕਰਨ ਲਈ ਵਿਵਾਦ ਪੈਦਾ ਕਰਨਾ। 'ਵਕਫ ਦੁਆਰਾ ਉਪਭੋਗਤਾ' ਉਪਬੰਧ ਨੂੰ ਹਟਾਉਣਾ ਭਾਈਚਾਰਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ, ਜਿਸ ਨਾਲ ਜ਼ਮੀਨ ਹੜੱਪਣ ਦਾ ਆਗਿਆ ਮਿਲਦੀ ਹੈ। 5 ਸਾਲਾਂ ਲਈ ਇਸਲਾਮ ਦਾ ਅਭਿਆਸ ਕਰਨ ਵਾਲੇ ਵਕਫ ਬਣਾਉਣ ਲਈ ਨਵਾਂ ਯੋਗਤਾ ਮਾਪਦੰਡ ਇੱਕ ਦਖਲਅੰਦਾਜ਼ੀ ਅਤੇ ਮਨਮਾਨੀ ਨਿਯਮ ਹੈ, ਜੋ ਭਾਰਤੀ ਰਾਜ ਦੇ ਧਰਮ ਨਿਰਪੱਖ ਪ੍ਰਮਾਣ ਪੱਤਰਾਂ ਦੀ ਉਲੰਘਣਾ ਕਰਦਾ ਹੈ। ਵਿਵਾਦ ਹੱਲ ਨੂੰ ਕੁਲੈਕਟਰਾਂ ਨੂੰ ਤਬਦੀਲ ਕਰਨ ਨਾਲ ਫੈਸਲੇ ਟ੍ਰਿਬਿਊਨਲਾਂ ਦੀ ਬਜਾਏ ਸਰਕਾਰ-ਨਿਯੰਤਰਿਤ ਨੌਕਰਸ਼ਾਹਾਂ ਦੇ ਹੱਥਾਂ ਵਿੱਚ ਜਾਂਦੇ ਹਨ। ਵਕਫ ਕੌਂਸਲ ਦਾ ਪੁਨਰਗਠਨ ਘੱਟ ਗਿਣਤੀ ਸੰਸਥਾਵਾਂ ਵਿੱਚ ਇੱਕ ਅਨੁਚਿਤ ਘੁਸਪੈਠ ਹੈ। ਇਹ ਬਿੱਲ ਇਸ ਝੂਠੇ ਬਿਰਤਾਂਤ ਨੂੰ ਮਜ਼ਬੂਤ ਕਰਦਾ ਹੈ ਕਿ ਵਕਫ ਜਾਇਦਾਦਾਂ ਨਾਜਾਇਜ਼ ਹਨ ਅਤੇ ਘੱਟ ਗਿਣਤੀਆਂ ਨੂੰ ਉਨ੍ਹਾਂ ਦੇ ਆਪਣੇ ਦੇਸ਼ ਤੋਂ ਦੂਰ ਕਰਨ ਦੀ ਕੋਸ਼ਿਸ਼ ਕਰਦਾ ਹੈ।

ਸੀ ਪੀ ਆਈ ਚੇਤਾਵਨੀ ਦਿੰਦੀ ਹੈ ਕਿ ਅਜਿਹੀ ਦਖਲਅੰਦਾਜ਼ੀ ਗਿਰਜਾਘਰਾਂ, ਗੁਰਦੁਆਰਿਆਂ, ਵਿਹਾਰਾਂ ਅਤੇ ਘੱਟ ਗਿਣਤੀ ਸੰਪਰਦਾਵਾਂ ਦੇ ਮੰਦਰਾਂ ਸਮੇਤ ਹੋਰ ਧਾਰਮਕ ਸੰਸਥਾਵਾਂ ਨੂੰ ਕੰਟਰੋਲ ਕਰਨ ਲਈ ਇੱਕ ਮਿਸਾਲ ਕਾਇਮ ਕਰ ਸਕਦੀ ਹੈ। ਅਸੀਂ ਸਰਕਾਰ ਨੂੰ ਸਾਰੇ ਧਾਰਮਿਕ ਸੰਸਥਾਵਾਂ ਲਈ ਸਮਾਨਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾ ਕੇ ਭਾਰਤ ਦੀਆਂ ਧਰਮ ਨਿਰਪੱਖ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਦਾ ਸੱਦਾ ਦਿੰਦੇ ਹਾਂ। ਜੇਕਰ ਅਸਲੀ ਸੁਧਾਰ ਉਦੇਸ਼ ਹੈ ਤਾਂ ਇਹ ਲੋਕਤੰਤਰੀ ਸਲਾਹ-ਮਸ਼ਵਰੇ ਅਤੇ ਸੰਵਿਧਾਨਕ ਅਧਿਕਾਰਾਂ ਦੇ ਸਤਿਕਾਰ ਰਾਹੀਂ ਕੀਤਾ ਜਾਣਾ ਚਾਹੀਦਾ ਹੈ।

ਸੈਕਸ ਸਕੈਂਡਲ 'ਚ ਸਜ਼ਾ ਸੋਮਵਾਰ ਤੱਕ ਟਲੀ

ਮੁਹਾਲੀ : ਵਿਸ਼ੇਸ਼ ਸੀ ਬੀ ਆਈ ਅਦਾਲਤ ਵੱਲੋਂ ਬਹੁ-ਚਰਚਿਤ ਮੋਗਾ ਸੈਕਸ ਸਕੈਂਡਲ ਮਾਮਲੇ ਵਿੱਚ ਮੋਗਾ ਦੇ ਤੱਤਕਾਲੀ ਐੱਸ ਐੱਸ ਪੀ ਦਵਿੰਦਰ ਸਿੰਘ ਗਰਚਾ, ਤੱਤਕਾਲੀ ਐੱਸ ਪੀ (ਐੱਚ) ਪਰਮਦੀਪ ਸਿੰਘ ਸੰਧੂ ਸਮੇਤ ਮੋਗਾ ਸਿਟੀ ਥਾਣੇ ਦੇ ਦੋ ਸਾਬਕਾ ਐੱਸ ਐੱਚ ਓਜ਼ ਰਮਨ ਕੁਮਾਰ ਅਤੇ ਇੰਸਪੈਕਟਰ ਅਮਰਜੀਤ ਸਿੰਘ ਨੂੰ ਹੁਣ ਸੋਮਵਾਰ ਨੂੰ ਸਜ਼ਾ ਸੁਣਾਈ ਜਾਵੇਗੀ। ਅਦਾਲਤ ਨੇ ਪਹਿਲਾਂ ਸ਼ੁੱਕਰਵਾਰ ਸਜ਼ਾ ਸੁਣਾਉਣੀ ਸੀ।

ਹੁਣ ਹੁਕਮ ਪੰਜਾਬੀ 'ਚ

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਮਗਰੋਂ ਪੰਜਾਬ ਸਰਕਾਰ ਨੇ ਅਫਸਰਾਂ ਦੇ ਤਬਾਦਲਿਆਂ ਦੇ ਹੁਕਮ ਪੰਜਾਬੀ ਭਾਸ਼ਾ 'ਚ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਹਨ। ਪੰਜਾਬ ਸਰਕਾਰ ਨੇ 2 ਆਈ ਏ ਐੱਸ ਅਤੇ ਇੱਕ ਪੀ ਸੀ ਐੱਸ ਅਧਿਕਾਰੀ ਦੇ ਤਬਾਦਲਿਆਂ ਦੇ ਹੁਕਮ ਪੰਜਾਬੀ 'ਚ ਜਾਰੀ ਕੀਤੇ ਹਨ। ਅਹਿਮ ਸੂਤਰਾਂ ਅਨੁਸਾਰ ਮੁੱਖ ਮੰਤਰੀ ਨੇ ਦੋ ਦਿਨ ਪਹਿਲਾਂ ਮੁੱਖ ਸਕੱਤਰ ਨੂੰ ਮੀਟਿੰਗ ਦੌਰਾਨ ਪੰਜਾਬੀ ਭਾਸ਼ਾ 'ਚ ਕੰਮ

ਸ਼ਹੀਦ ਸ਼ਿੰਗਾਰਾ ਸਿੰਘ ਚੋਪੜਾ ਦੀ ਯਾਦ 'ਚ ਵਿਦਿਆਰਥੀਆਂ ਦਾ ਸਨਮਾਨ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ ਵਿਖੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਮਾਜ ਸੇਵੀ ਗੁਰਜੀਤ ਸਿੰਘ ਚੋਪੜਾ ਵੱਲੋਂ ਆਪਣੇ ਵੱਡੇ ਭਰਾ ਸ਼ਹੀਦ ਸ਼ਿੰਗਾਰਾ ਸਿੰਘ ਚੋਪੜਾ ਦੀ ਯਾਦ 'ਚ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਛੇਵੀਂ ਤੋਂ ਬਾਰ੍ਹਵੀਂ ਤੱਕ ਦੇ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਮਾਣ ਸਤਿਕਾਰ ਦਿੱਤਾ ਗਿਆ।ਸਕੂਲ ਇੰਚਾਰਜ ਮੈਡਮ ਸੰਕੂਤਲਾ ਦੇਵੀ ਨੇ ਚੋਪੜਾ ਪਰਵਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕਾਰਜਾਂ ਲਈ ਸਮੂਹ ਸਮਾਜ ਸੇਵੀ ਪਰਵਾਰਾਂ ਨੂੰ ਅਗੇ ਆਉਣਾ ਚਾਹੀਦਾ ਹੈ।

ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਬਜਟ ਦੀਆਂ ਕਾਪੀਆਂ ਸਾੜੀਆਂ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਵੱਲੋਂ ਵੱਖ-ਵੱਖ ਬਲਾਕਾਂ ਵਿੱਚ ਪੰਜਾਬ ਸਰਕਾਰ ਵੱਲੋਂ ਪੇਸ਼ ਬਜਟ ਦੀਆਂ ਕਾਪੀਆਂ ਸਾੜ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਇਕੱਠ ਨੂੰ ਸੰਬੋਧਨ ਹੁੰਦੇ ਹੋਏ ਸਟੇਟ ਆਗੂ ਤੇ ਬਲਾਕ ਪ੍ਰਧਾਨ ਮਨਦੀਪ ਕੁਮਾਰੀ ਸੀਟੂ ਦੇ ਜ਼ਿਲ੍ਹਾ ਸੈਕਟਰੀ ਇੰਦਰਪਾਲ ਪੁੰਨਾਵਾਲ ਨੇ ਕਿਹਾ ਕਿ ਪੰਜਾਬ ਦੀ ਸੀਟੂ ਮੌਜੂਦਾ ਸਰਕਾਰ ਆਮ ਆਦਮੀ ਪਾਰਟੀ ਦੇ ਨਾਮ ਨਾਲ ਆਈ ਸੀ, ਪਰ ਪੇਸ਼ ਕੀਤਾ ਗਿਆ ਬਜਟ ਆਮ ਆਦਮੀ ਵਾਲਾ ਨਹੀਂ ਹੈ।ਉਨ੍ਹਾਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਕੁਝ ਗਰੰਟੀਆਂ ਕੀਤੀਆਂ ਸਨ, ਜਿਸ ਵਿੱਚ ਆਂਗਣਵਾੜੀ ਵਰਕਰ ਹੈਲਪਰ ਦੇ ਮਾਣ-ਭੱਤੇ ਨੂੰ ਦੁੱਗਣਾ ਕਰਨਾ ਵੀ ਸ਼ਾਮਲ ਸੀ, ਪਰ ਵਿਭਾਗੀ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਭਰੇ ਸਦਨ ਵਿੱਚ ਆਂਗਣਵਾੜੀ ਵਰਕਰਾਂ ਦੇ ਕੰਮ ਦੇ ਘੰਟੇ ਘਟਾ ਕੇ ਪੇਸ਼ ਕਰਨੇ ਬਹੁਤ ਹੀ ਨਿੰਦਣਯੋਗ ਗੱਲ ਹੈ।ਉਨ੍ਹਾਂ ਕਿਹਾ ਕਿ ਮੰਤਰੀ ਸਾਹਿਬਾਨ ਵੱਲੋਂ ਇੱਕ ਗੱਲ ਨੂੰ ਅੱਖੋਂ ਭਰੋਖੇ ਰੱਖਿਆ ਗਿਆ ਕਿ ਮਾਨਯੋਗ ਸੁਪਰੀਮ ਕੋਰਟ ਵੱਲੋਂ ਆਦੇਸ਼ ਜਾਰੀ ਹੈ ਕਿ ਘੱਟੋ ਘੱਟ ਉਜ਼ਰਤ ਆਂਗਨਵਾੜੀ ਵਰਕਰ-ਹੈਲਪਰ ਨੂੰ ਦਿੱਤੀ ਜਾਵੇ ਪੰਜਾਹ ਵਰ੍ਹੇ ਸਕੀਮ ਪੂਰੇ ਕਰਨ ਜਾ ਰਹੀ ਹੈ।50 ਵਰ੍ਹੇ ਕੰਮ ਕਰਕੇ ਵੀ ਵਰਕਰ ਹੈਲਪਰ ਮਾਣਭੱਤੇ 'ਤੇ ਹਨ, ਇਸ ਤੋਂ ਹੋਰ ਸ਼ਰਮ ਦੀ ਗੱਲ ਕੀ ਹੋ ਸਕਦੀ ਹੈ।ਉਨ੍ਹਾਂ ਕਿਹ ਕਿ 24 ਘੰਟੇ ਡਿਊਟੀ ਵਿੱਚ ਹਾਜ਼ਰ ਰਹਿਣ ਵਾਲਿਆਂ ਨੂੰ ਚਾਰ ਘੰਟੇ ਕਹਿ ਕੇ ਉਨ੍ਹਾਂ ਦੇ ਕੰਮ ਨੂੰ ਛੋਟਾ ਅੰਕਣਾ ਵਿਭਾਗੀ ਮੰਤਰੀ ਨੂੰ ਸ਼ੋਭਾ ਨਹੀਂ ਦਿੰਦਾ।ਇਸ ਨੂੰ ਲੈ ਕੇ ਆਂਗਣਵਾੜੀ ਵਰਕਰ ਹੈਲਪਰ ਵਿੱਚ ਤਿੱਖਾ ਰੋਸ ਹੈ ਤੇ ਇਸ ਰੋਸ ਦਾ ਪ੍ਰਗਟਾਵਾ ਬਜਟ ਦੀਆਂ ਕਾਪੀਆਂ ਸਾੜ ਕੇ ਕੀਤਾ ਗਿਆ। ਧਰਨੇ ਵਿੱਚ ਸ਼ਾਮਲ ਗੁਰਪ੍ਰੀਤ ਕੌਰ ਲੌਂਗੋਵਾਲ, ਰੁਪਿੰਦਰ ਕੌਰ ਲਿੱਦੜਾਂ, ਸਰਬਜੀਤ ਕੌਰ ਈਲਵਾਲ, ਗੀਤਾ ਰਾਣੀ ਉਭਾਵਾਲ, ਰਾਖੀ ਸ਼ਰਮਾ ਉਬਾਵਾਲ, ਮੀਨਾਕਸੀ ਕਾਲੜਾ ਸੰਗਰੂਰ, ਦਰਸ਼ਨਾ ਕੌਰ ਆਦਿ ਹਾਜ਼ਰ ਸਨ।

ਭਾਕਿਯੂ ਉਗਰਾਹਾਂ ਇਕਾਈ ਹਮੀਦੀ ਦੀ ਸਰਬ-ਸੰਮਤੀ ਨਾਲ ਚੋਣ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਹਮੀਦੀ ਵਿਖੇ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੀ ਮੀਟਿੰਗ ਹੋਈ।ਇਸ ਮੌਕੇ ਰਾਮ ਸਿੰਘ ਸੰਘੇੜਾ, ਨਾਹਰ ਸਿੰਘ ਗੁੰਮਟੀ ਆਦਿ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਕਿਸਾਨੀ 'ਤੇ ਹਮਲੇ ਤੇਜ਼ ਕਰਕੇ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਨਿੱਜੀ ਕੰਪਨੀਆਂ ਹਵਾਲੇ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਿਸਾਨੀ ਤੇ ਜਵਾਨੀ ਨੂੰ ਬਚਾਉਣ ਲਈ ਜਥੇਬੰਦਕ ਹੋ ਕੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਭਾਕਿਯੂ (ਉਗਰਾਹਾਂ) ਪਿੰਡ ਹਮੀਦੀ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਸਰਬ-ਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਪ੍ਰਧਾਨ ਬਲਰਾਜ ਸਿੰਘ ਧਾਲੀਵਾਲ, ਮੀਤ ਪ੍ਰਧਾਨ ਰੇਸ਼ਮ ਸਿੰਘ, ਜਨਰਲ ਸਕੱਤਰ ਗੁਰਮੀਤ ਸਿੰਘ, ਸਹਾਇਕ ਸਕੱਤਰ ਹਰਪਾਲ ਸਿੰਘ, ਖਜ਼ਾਨਚੀ ਭਜਨ ਸਿੰਘ ਚੁਣੇ ਗਏ।ਇਸ ਮੌਕੇ ਆਗੂਆਂ ਵੱਲੋਂ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਜਥੇਬੰਦੀ ਦੇ ਬੈਜ਼ ਲਗਾ ਕੇ ਸਨਮਾਨਤ ਕੀਤਾ ਗਿਆ।

ਬਿਨਾਂ ਮਸ਼ਵਰੇ ਸਿੱਖਿਆ ਕੋਆਰਡੀਨੇਟਰ ਲਗਾਉਣ 'ਤੇ ਪ੍ਰਗਟਾਈ ਨਾਰਾਜ਼ਗੀ

ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਬਲਾਕ ਪੰਚਾਇਤ ਯੂਨੀਅਨ ਦੀ ਮੀਟਿੰਗ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਤਕਰੀਬਨ ਦੋ ਦਰਜ਼ਨ ਸਰਪੰਚਾਂ ਨੇ ਹਿੱਸਾ ਲਿਆ।ਸਰਪੰਚਾਂ ਨੇ ਦਰਪੇਸ਼ ਮਸਲੇ ਸਿੱਧੇ ਤੌਰ 'ਤੇ ਆਪਣੇ ਨੁਮਾਇੰਦੇ ਤੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਮਿਲ ਕੇ ਰੱਖਣ ਦਾ ਅਹਿਮ ਫ਼ੈਸਲਾ ਕੀਤਾ।ਮੀਟਿੰਗ ਦੌਰਾਨ ਪਿੰਡ ਲੱਡਾ ਦੇ ਚੁਣੇ ਹੋਏ ਕਾਂਗਰਸੀ ਸਰਪੰਚ ਮਿੱਠੂ ਲੱਡਾ ਤੇ ਗ੍ਰਾਮ ਪੰਚਾਇਤ ਨੂੰ ਗ੍ਰਾਂਟਾਂ ਪਾਉਣ ਦੀ ਥਾਂ ਪੰਚਾਇਤੀ ਰਾਜ ਵਿਭਾਗ ਰਾਹੀਂ ਗ੍ਰਾਂਟਾਂ ਖ਼ਰਚਣ ਦੇ ਮਾਮਲੇ 'ਤੇ ਤਿੱਖਾ ਸਟੈਂਡ ਲਿਆ।ਬਲਾਕ ਪ੍ਰਧਾਨ ਜੱਗਾ ਭੋਜੋਵਾਲੀ ਸਮੇਤ ਹਾਜ਼ਰ ਸਰਪੰਚ ਹਰਜੀਤ ਸਿੰਘ ਬੁਗਰਾ, ਦਵਿੰਦਰ ਸਿੰਘ ਧੂਰਾਭਗਵਾਨ ਸਿੰਘ ਭਲਵਾਨ, ਜਸਵੀਰ ਸਿੰਘ ਦੋਹਲਾ, ਗੁਰਪ੍ਰੀਤ ਸਿੰਘ, ਜਗਜੀਤ ਸਿੰਘ ਕੱਕੜਵਾਲ, ਸਰਪੰਚ ਲਾਲੀ ਬੰਗਾਂਵਾਲੀ ਆਦਿ ਨੇ ਹਾਲ ਦੀ ਦੌਰਾਨ ਸਰਕਾਰੀ ਸਕੂਲਾਂ ਦੇ ਕੋਆਰਡੀਨੇਟਰ ਲਗਾਏ ਜਾਣ ਮੌਕੇ ਸਰਪੰਚਾਂ ਨਾਲ ਮਸ਼ਵਰਾ ਨਾ ਕਰਨ 'ਤੇ ਨਰਾਜ਼ਗੀ ਪ੍ਰਗਟ ਕੀਤੀ ਤੇ ਕਿਹਾ ਕਿ ਆਪਣੇ ਮਸਲੇ ਉਹ ਮੱਖ ਮੰਤਰੀ ਕੋਲ ਹੀ ਰੱਖਣਗੇ।ਸਰਪੰਚਾਂ ਦੇ ਵਫ਼ਦ ਵੱਲੋਂ ਏਡੀਸੀ ਵਿਕਾਸ ਨਾਲ ਮੁਲਾਕਾਤ ਬਲਾਕ ਪੰਚਾਇਤ ਯੂਨੀਅਨ ਦੇ ਬਲਾਕ ਪ੍ਰਧਾਨ ਜੱਗਾ ਭੋਜੋਵਾਲੀ ਦੀ ਅਗਵਾਈ ਹੇਠ ਸਰਪੰਚਾਂ ਨੇ ਏਡੀਸੀ ਵਿਕਾਸ ਸੁਖਚੈਨ ਸਿੰਘ ਨਾਲ ਮੁਲਾਕਾਤ ਕੀਤੀ ਤੇ ਕੁਝ ਪੰਚਾਇਤਾਂ ਦਾ ਉਨ੍ਹਾਂ ਦੇ ਦਫ਼ਤਰ ਪਿਆ ਰਿਕਾਰਡ ਪੰਚਾਇਤਾਂ ਨੂੰ ਦੇਣ ਦੀ ਅਪੀਲ ਕੀਤੀ।ਪਿੰਡਾਂ ਵਿੱਚ ਧੀਮੀ ਗਤੀ ਨਾਲ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਤੇ ਪਿੰਡ ਲੱਡਾ 'ਚ ਵਿਭਾਗ ਦੀ ਥਾਂ ਗ੍ਰਾਂਟ ਚੁਣੀ ਹੋਈ ਪੰਚਾਇਤ ਨੂੰ ਸਿੱਧੀ ਪਾਉਣ ਦੀ ਮੰਗ ਉਠਾਈ। ਆਗੂਆਂ ਅਨੁਸਾਰ ਏਡੀਸੀ ਨੇ ਸਰਪੰਚਾਂ ਦੀਆਂ ਸਾਰੀਆਂ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ।

ਗੁਰੂ ਹਰਕ੍ਰਿਸ਼ਨ ਆਈ.ਟੀ.ਆਈ. ਵਿਖੇ ਨਸ਼ਿਆਂ ਖਿਲਾਫ ਜਾਗਰੂਕਤਾ ਸਮਾਗਮ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਗੁਰੂ ਹਰਕ੍ਰਿਸ਼ਨ ਆਈ.ਟੀ.ਆਈ. ਫਾਜ਼ਿਲਕਾ ਵਿਖੇ ਡਾ. ਪਿਕਾਕਸ਼ੀ ਅਰੋੜਾ ਮਾਨਸਿਕ ਰੋਗਾਂ ਦੇ ਮਾਹਰ ਦੀ ਪ੍ਰਧਾਨਗੀ ਵਿੱਚ ਜਾਗਰੂਕਤਾ ਸਮਾਗਮ ਕੀਤਾ ਗਿਆ।ਇਸ ਸਮੇਂ ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਣਾ, ਦਿਵੇਸ਼ ਕੁਮਾਰ, ਸੁਰਿੰਦਰ ਕੁਮਾਰ ਕੌਂਸਲਰ ਮੌਜੂਦ ਸਨ।ਡਾ. ਪਿਕਾਕਸ਼ੀ ਅਰੋੜਾ ਨੇ ਸਿਖਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਾਕੀ ਬਿਮਾਰੀਆਂ ਦੀ ਤਰ੍ਹਾਂ ਨਸ਼ਾ ਵੀ ਇੱਕ ਮਾਨਸਿਕ ਬਿਮਾਰੀ ਹੈ।ਜਾਗਰੂਕਤਾ ਨਾਲ ਹੀ ਇਸ ਬਿਮਾਰੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।ਉਨ੍ਹਾਂ ਬੱਚਿਆਂ ਨੂੰ ਨਸ਼ਾ ਵੇਚਣ ਵਾਲੇ ਸਮਾਜ ਵਿਰੋਧੀ ਅਨਸਰਾਂ ਤੋਂ ਦੂਰ ਰਹਿਣ ਲਈ ਕਿਹਾ ਤੇ ਇਨ੍ਹਾਂ ਲੋਕਾਂ ਦੀ ਜਾਣਕਾਰੀ ਪੁਲਸ ਵਿਭਾਗ ਨੂੰ ਦੇਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਨੋਦ ਖੁਰਾਣਾ, ਦਿਵੇਸ਼ ਕੁਮਾਰ ਤੇ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜੇਕਰ ਕੋਈ ਵਿਅਕਤੀ ਜਾਂ ਬੱਚਾ ਨਸ਼ੇ ਦਾ ਆਦੀ ਹੋ ਚੁੱਕਾ ਹੈ ਤਾਂ ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿਚ ਦਾਖਲ ਕਰਵਾਉਣ ਤੱਕ ਮਦਦ ਕੀਤੀ ਜਾਵੇ।ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਫਾਜ਼ਿਲਕਾ ਵਿੱਚ 2 ਸਰਕਾਰੀ ਨਸ਼ਾ ਛੁਡਾਊ ਕੇਂਦਰ, ਇੱਕ ਪੁਨਰਵਾਸ ਕੇਂਦਰ ਤੇ 9 ਓਟ ਸੈਂਟਰ ਬਣਾਏ ਹੋਏ ਹਨ, ਜਿੱਥੇ ਨਸ਼ੇ ਦੇ ਆਦੀ ਮਰੀਜ਼ਾਂ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਸਮੇਂ ਸ੍ਰੀ ਰਾਕੇਸ਼ ਭੂਸਰੀ ਪ੍ਰਿੰਸੀਪਲ ਵੱਲੋਂ ਜੀ ਆਇਆਂ ਕਿਹਾ ਗਿਆ ਤੇ ਬੱਚਿਆਂ ਨੂੰ ਅੱਜ ਦਾ ਸੰਦੇਸ਼ ਅੱਗੇ ਸਮਾਜ ਵਿੱਚ ਦੇਣ ਲਈ ਪ੍ਰੇਰਿਤ ਕੀਤਾ ਗਿਆ।ਇਸ ਸਮੇਂ ਸਕੂਲ ਅਧਿਆਪਕ ਤੇ ਬੱਚੇ ਹਾਜ਼ਰ ਸਨ।

ਸਰਕਾਰ ਹਾਈ ਸਕੂਲ ਪੁਆਦੜਾ ਵਿਖੇ ਨਵੇਂ ਵਿੱਦਿਅਕ ਵਰ੍ਹੇ ਮੌਕੇ ਸ੍ਰ. ਹਰਪ੍ਰੀਤ ਸਿੰਘ ਸਪੁੱਤਰ ਸ੍ਰ. ਚੂਹੜ ਸਿੰਘ ਅਤੇ ਸ੍ਰ. ਜਸਕਰਣ ਸਿੰਘ ਸਪੁੱਤਰ ਸ੍ਰ. ਕੁਲਵੰਤ ਸਿੰਘ ਨੇ ਆਪਣੇ ਪਰਵਾਰਾਂ ਵੱਲੋਂ ਵਿਦਿਆਰਥੀਆਂ ਦੀ ਜ਼ਰੂਰਤ ਨੂੰ ਦੇਖਦੇ ਹੋਏ ਨਵੇਂ ਵਾਟਰ ਕੂਲਰ ਦੀ ਸੇਵਾ ਕਰਵਾਈ ਗਈ। ਇਸ ਮੌਕੇ ਸਕੂਲ ਮੁਖੀ ਸਤੀਸ਼ ਕੁਮਾਰ ਤੇ ਸਮੂਹ ਸਕੂਲ ਸਟਾਫ ਅਤੇ ਸਕੂਲ ਕਮੇਟੀ ਮੈਂਬਰਜ਼ ਵੱਲੋਂ ਦਾਨੀ ਪਰਵਾਰਾਂ ਦਾ ਅਤੇ ਪਿੰਡ ਦੀ ਪੰਚਾਇਤ ਦਾ ਧੰਨਵਾਦ ਕੀਤਾ ਗਿਆ ਅਤੇ ਸਨਮਾਨ ਚਿੰਨ੍ਹ ਦਿੱਤਾ ਗਿਆ।(ਇਨਸੈਟ) ਵਾਟਰ ਕੂਲਰ।

ਪਿੰਡ ਮਾਛੀਕੇ ਵਿਖੇ ਕਬੱਡੀ ਟੂਰਨਾਮੈਂਟ ਕਰਾਇਆ ਗਿਆ ਤੇ ਖਿਡਾਰੀਆਂ ਨੂੰ ਚੰਗੇ ਇਨਾਮਾਂ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸਪੋਰਟਸ ਕਲੱਬ ਦੇ ਮੈਂਬਰ ਸਮੂਹ ਐਨ ਆਰ ਆਈ ਵੀਰ ਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਕਬੱਡੀ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਗਏ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ, ਨਿਹਾਲ ਸਿੰਘ ਵਾਲਾ)

ਆਂਗਣਵਾੜੀ ਵਰਕਰਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ

■ ਸੀ ਡੀ ਪੀ ਓ ਰਾਹੀਂ ਜਿਲਾ ਪ੍ਰੋਗਰਾਮ ਅਫਸਰ ਨੂੰ ਭੇਜਿਆ ਮੰਗ ਪੱਤਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ ਵੱਲੋਂ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਦੀਆਂ ਕਾਪੀਆਂ ਸਾੜ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਇਕੱਤਰ ਆਂਗਣਵਾੜੀ ਵਰਕਰਾਂ ਨੇ ਬਜਟ ਨੂੰ ਲੋਕ ਵਿਰੋਧੀ ਦੱਸਦਿਆਂ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੂਬਾਈ ਸਕੱਤਰ ਅਮ੍ਰਿਤਪਾਲ ਕੌਰ ਨੇ ਕਿਹਾ ਕਿ ਵਿਭਾਗ ਦੀ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਭਰੇ ਸਾਧਨ ਵਿੱਚ ਆਂਗਣਵਾੜੀ ਵਰਕਰਾਂ ਦੇ ਕੰਮ ਦੇ ਘੰਟੇ ਘਟਾ ਕੇ ਪੇਸ਼ ਕਰਨੇ ਬਹੁਤ ਨਿੰਦਣਯੋਗ ਗੱਲ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸਵੇਰ ਤੋਂ ਲੈ ਕੇ ਸੌਣ ਤੱਕ ਕਈ ਪ੍ਰਕਾਰ ਦੀਆਂ ਰਿਪੋਰਟਾਂ ਮੰਗੀਆਂ ਜਾਂਦੀਆਂ ਹਨ।ਉਨਾਂ ਸੰਬੰਧਤ ਮੰਤਰੀ ਨੂੰ ਚੇਤਾਵਨੀ ਦਿੰਦਿਆ ਕਿਹਾ ਕਿ ਹੁਣ ਉਹ ਕੇਵਲ ਰੋਜ਼ਾਨਾ ਚਾਰ ਘੰਟੇ ਹੀ ਕੰਮ ਕਰਨਗੀਆਂ ਤੇ ਇਸ ਉਪਰੰਤ ਸਾਡੇ ਤੋਂ ਕੋਈ ਵੀ ਸਬੰਧਤ ਅਧਿਕਾਰੀ ਰਿਪੋਰਟ ਨਹੀਂ ਮੰਗ ਸਕਦਾ ਕਿਉਂਕਿ ਸਾਨੂੰ ਮਾਣਭੱਤਾ ਕੇਵਲ ਚਾਰ ਘੰਟੇ ਦਾ ਹੀ ਦਿੱਤਾ ਜਾ ਰਿਹਾ ਹੈ, ਜਦਕਿ ਸੁਪਰੀਮ ਕੋਰਟ ਦੇ ਆਦੇਸ਼ ਮੁਤਾਬਕ ਘੱਟੋ ਘੱਟ ਉਜਰਤ ਆਂਗਣਵਾੜੀ ਵਰਕਰ ਹੈਲਪਰ ਨੂੰ ਦਿੱਤੀ ਜਾਣੀ ਜ਼ਰੂਰੀ ਹੈ।ਜ਼ਿਲ੍ਹਾ ਪ੍ਰੋਗਰਾਮ ਅਫਸਰ ਦੇ ਨਾਂਅ ਭੇਜੇ ਮੰਗ ਪੱਤਰ ਵਿੱਚ ਉਨ੍ਹਾਂ ਮੰਗ ਰੱਖੀ ਕਿ ਫੋਟੋ ਕੈਪਚਰ ਕਰਕੇ ਬੱਚਿਆਂ ਦੀ ਹਾਜ਼ਰੀ ਲਵਾਉਣ ਲਈ ਓਟੀਪੀ ਦੀ ਲੋੜ ਹੁੰਦੀ ਹੈ, ਜਿਹੜਾ ਕਿ ਮਾਪਿਆਂ ਤੋਂ ਕਈ ਵਾਰ ਨਹੀਂ ਮਿਲਦਾ ਹੈ, ਜਿਸ ਵਿਚ ਆਂਗਣਵਾੜੀ ਵਰਕਰਾਂ ਨੂੰ ਖੱਜਲ ਖੁਆਰੀ ਸਹਿਣ ਕਰਨੀ ਪੈਂਦੀ ਹੈ, ਜਦੋਂਕਿ ਮਾਨਯੋਗ ਸੁਪਰੀਮ ਕੋਰਟ ਦੇ ਹੁਕਮ ਮੁਤਾਬਕ ਆਧਾਰ ਲਿੰਕ ਜਾਂ ਪਰੂਫਾਂ ਦੇ ਅਧਾਰ ਤੇ ਕਿਸੇ ਦੇ ਵੀ ਅਧਿਕਾਰ ਨੂੰ ਰੋਕਿਆ ਨਹੀਂ ਜਾ ਸਕਦਾ।

ਸਪਲੀਮੈਂਟਰੀ ਨਿਊਟਰੇਸ਼ਨ ਬੱਚਿਆਂ ਦਾ ਸੰਵਿਧਾਨਿਕ ਅਧਿਕਾਰ ਹੈ ਤੇ ਆਈ ਸੀ ਡੀ ਐਸ ਸਕੀਮ ਦੁਆਰਾ ਜ਼ੀਰੋ ਤੋਂ ਲੈ ਕੇ ਛੇ ਸਾਲ ਤੱਕ ਦੇ ਬੱਚਿਆਂ ਨੂੰ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ।

ਕੋਟ ਭਾਈ ਵਿਖੇ ਹੋਏ ਕਤਲ ਦਾ ਮਾਮਲਾ 24 ਘੰਟਿਆਂ 'ਚ ਸੁਲਝਾਇਆ

ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ/ਜਸਵੰਤ ਗਿੱਲ ਛੱਤਿਆਣਾ)

ਡਾ. ਅਖਿਲ ਚੌਧਰੀ ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੱਤੀ ਕਿ 2 ਅਪ੍ਰੈਲ 2025 ਨੂੰ ਸਵੇਰੇ 8:00 ਵਜੇ ਕੋਟਭਾਈ 'ਚ ਇਕ ਦੁਕਾਨਦਾਰ ਰਾਜੇਸ਼ ਕੁਮਾਰ ਉਰਫ਼ ਕਾਲੀ ਪੁੱਤਰ ਟੇਕ ਚੰਦ ਦੀ ਨਿਰਦਈ ਤਰੀਕੇ ਨਾਲ

5 Apr Page-3.qxd 4/4/2025 10:58 PM Page 1

ਨਸ਼ਾ ਤਸਕਰਾਂ ਖ਼ਿਲਾਫ਼ ਦੋ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਨਸ਼ਿਆਂ ਖ਼ਿਲਾਫ਼ ਵਿਢੇ ਯੁੱਧ ਤਹਿਤ ਕਾਰਵਾਈ ਕਰਦਿਆਂ ਪੁਲਸ ਨੇ ਦੋ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਦੇ ਐਸ.ਆਈ. ਸੰਤੋਖ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਪਿੰਡ ਬਹਾਦਰ ਮੋੜ ਤੋਂ ਦੌਰਾਨੇ ਨਾਕਾਬੰਦੀ ਦਿਲਬਾਗ ਸਿੰਘ ਪੁੱਤਰ ਬ੍ਰਹਮ ਸਿੰਘ ਵਾਸੀ ਕੋਠੇ ਨੰਗਲ ਥਾਣਾ ਤਾਰਾਗੜ੍ਹ ਜ਼ਿਲ੍ਹਾ ਪਠਾਨਕੋਟ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਦੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਦੇ ਮੋਮੀ ਲਿਫਾਫੇ ਵਿੱਚੋਂ ਲਪੇਟੀ ਹੋਈ 5 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਕਲਾਨੌਰ ਦੇ ਏ.ਐਸ.ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਟੀ.ਪੁਆਇੰਟ ਖੈਹਿਰਾ ਕੋਟਲੀ ਤੋਂ ਅਵਤਾਰ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ ਗੋਸਲ ਨੂੰ 7500 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਦੋਵਾਂ ਮਾਮਲਿਆਂ ਵਿਚ ਐਨ.ਡੀ.ਪੀ.ਐਸ. ਅਤੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਖਾਲਸਾ ਕਾਲਜ ਲਾਅ ਵਿਖੇ ਸ਼ਹੀਦ ਭਗਤ ਸਿੰਘ ਨੂੰ ਸਮਰਪਤ ਸੈਮੀਨਾਰ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)— ਖਾਲਸਾ ਕਾਲਜ ਆਫ਼ ਲਾਅ ਵਿਖੇ ਸ਼ਹੀਦ ਭਗਤ ਸਿੰਘ ਦੀ ਸ਼ਹੀਦੀ ਨੂੰ ਸਮਰਪਤ ਸੈਮੀਨਾਰ ਕਰਵਾਇਆ ਗਿਆ। ਕਾਲਜ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਪ੍ਰੋ: (ਡਾ.) ਜਸਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਮੌਕੇ ਪ੍ਰਿੰਸੀਪਲ, ਸਟਾਫ਼ ਮੈਂਬਰ, ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਡਾ: ਜਸਪਾਲ ਸਿੰਘ ਨੇ ਕਿਹਾ ਕਿ ਭਾਰਤ ਦੀ ਅਜ਼ਾਦੀ 'ਚ ਪੰਜਾਬੀਆਂ ਅਤੇ ਖਾਸ ਕਰਕੇ ਸਿੱਖਾਂ ਦਾ ਬਹੁਤ ਵਡਮੁੱਲਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜ਼ਾਦੀ ਦੇ ਸੰਘਰਸ਼ ਲਈ ਦੇਸ਼ ਭਰ 'ਚ ਜਿਨ੍ਹਾਂ 121 ਦੇਸ਼ ਭਗਤਾਂ ਨੂੰ ਫਾਂਸੀ 'ਤੇ ਚੜ੍ਹਾਇਆ ਗਿਆ, ਉਨ੍ਹਾਂ 'ਚੋਂ 93 ਸਿੱਖ ਸਨ। ਭਾਵੇਂ ਸਿੱਖ ਭਾਰਤ ਦੀ ਕੁਲ ਆਬਾਦੀ ਦਾ 1.5% ਹਨ, ਪਰ ਆਜ਼ਾਦੀ ਦੇ ਸੰਘਰਸ਼ 'ਚ ਸਿੱਖਾਂ ਦਾ ਯੋਗਦਾਨ 90% ਰਿਹਾ ਹੈ।ਉਨ੍ਹਾਂ ਦੇਸ਼-ਭਗਤਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਹਮੇਾ ਯਾਦ ਰੱਖਣ ਅਤੇ ਉਨ੍ਹਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਪ੍ਰੋਫੈਸਰ ਡਾ. ਸੁਖਮਨਪ੍ਰੀਤ ਕੌਰ ਵੱਲੋਂ ਪ੍ਰੋਗਰਾਮ ਦੇ ਆਯੋਜਨ ਸਬੰਧੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਮੌਕੇ ਵਿਦਿਆਰਥੀਆਂ ਦੇ ਕਵਿਤਾਵਾਂ ਮੁਕਾਬਲੇ ਵੀ ਕਰਵਾਏ ਗਏ, ਜਿਸ 'ਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਨਸ਼ਿਆਂ ਦੀ ਦਲਦਲ 'ਚੋਂ ਨਿਕਲਣ ਲਈ ਇਕ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਰਾਸ਼ਿਮਾ ਚੰਗੋਤਰਾ, ਡਾ. ਸੀਮਾ ਰਾਣੀ, ਡਾ. ਪੂਰਨਿਮਾ ਖੰਨਾ, ਡਾ. ਪਵਨਦੀਪ ਕੌਰ, ਡਾ. ਪ੍ਰੀਤ ਇੰਦਰ ਕੌਰ, ਡਾ. ਅਨੀਤਾ, ਡਾ.ਹਰਜੋਤ ਕੌਰ, ਪ੍ਰੋ. ਬਲਗੇਰ ਸਿੰਘ, ਪ੍ਰੋ. ਉਤਕਰਸ਼ ਸੇਠ, ਪ੍ਰੋ. ਤਨਵੀਰ ਕੌਰ ਬਲ, ਪ੍ਰੋ. ਸੁਗਮ, ਪ੍ਰੋ. ਰਿਚਾ ਜੋਸ਼ੀ, ਪ੍ਰੋ. ਮਨਸੀਰਤ ਕੌਰ, ਪ੍ਰੋ. ਵਜ਼ੀਰ ਸਿੰਘ, ਰਣਜੀਤ ਸਿੰਘ ਨਿਗਰਾਨ, ਸਵਰਣ ਸਿੰਘ, ਵਿਕਰਮਜੀਤ ਸਿੰਘ, ਤਰਨਜੀਤ ਕੌਰ, ਸ਼ੈਲੀ ਸ਼ਰਮਾ ਆਦਿ ਤੋਂ ਇਲਾਵਾ ਹੋਰ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸ੍ਰੀ ਗੁਰੂ ਅਮਰਦਾਸ ਸਪੋਰਟਸ ਕ੍ਰਿਕਟ ਕਲੱਬ ਵੱਲੋਂ ਤਿੰਨ ਰੋਜ਼ਾ ਕ੍ਰਿਕਟ ਟੂਰਨਾਮੈਂਟ ਸ਼ੁਰੂ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਜ਼ਿਲ੍ਹਾ ਤਰਨ ਤਾਰਨ ਦੇ ਅਧੀਨ ਆਉਂਦੇ ਇਤਿਹਾਸਕ ਕਸਬਾ ਫਤਿਆਬਾਦ ਦੇ ਸਰਕਾਰੀ ਸੀਨੀਅਰ ਸੈਕੰਡਰੀ ਦੀ ਕ੍ਰਿਕਟ ਗਰਾਊਂਡ ਵਿਚ ਸ੍ਰੀ ਗੁਰੂ ਅਮਰਦਾਸ ਸਪੋਰਟਸ ਕਲੱਬ ਫਤਿਆਬਾਦ ਵੱਲੋਂ ਤਿੰਨ ਰੋਜ਼ਾ ਕ੍ਰਿਕਟ ਟੂਰਨਾਮੈਂਟ ਸ਼ੁਰੂ ਕਰਵਾਇਆ ਗਿਆ, ਜਿਸ ਵਿੱਚ 28 ਦੇ ਕਰੀਬ ਟੀਮਾਂ ਨੇ ਭਾਗ ਲਿਆ।ਟੂਰਨਾਮੈਂਟ ਦੀ ਸ਼ੁਰੂਆਤ ਵਿੱਚ ਕਸਬਾ ਫਤਿਹਾਬਾਦ ਦੇ ਸਰਪੰਚ ਜਗਵਿੰਦਰ ਸਿੰਘ ਮਣਕੂ ਨੇ ਆਪਣੇ ਕਰ ਕਮਲਾਂ ਨਾਲ ਉਦਘਾਟਨ ਕੀਤਾ।ਇਸ ਮੌਕੇ ਹੋਰਨਾਂ ਤੋ ਇਲਾਵਾ ਸੁਖਦੇਵ ਸਿੰਘ ਨੰਬਰਦਾਰ, ਸੁਖਦੇਵ ਰਾਜ, ਬਲਵਿੰਦਰ ਸਿੰਘ ਸਾਬੀ ਮੈਂਬਰ, ਜਸਬੀਰ ਸਿੰਘ ਸਾਬੀ ਮੈਂਬਰ ਪੰਚਾਇਤ, ਚਰਨਜੀਤ ਸਿੰਘ ਦਿਊਲ ਮੈਂਬਰ, ਹਰਜੀਤ ਸਿੰਘ ਮੈਂਬਰ, ਬਲਦੇਵ ਸਿੰਘ ਜੇ ਈ, ਕੁਲਦੀਪ ਸਿੰਘ, ਅਵਤਾਰ ਸਿੰਘ ਭੰਗੂ, ਤਜਿੰਦਰ ਭੰਗੂ, ਮਲਕੀਤ ਰੰਧਾਵਾ, ਗੋਬਿੰਦ, ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਜਸ਼ਨ ਬੱਲ, ਇੰਦਰਜੀਤ ਰੰਧਾਵਾ, ਰਵਿੰਦਰ ਕੁਮਾਰ ਪ੍ਰਿੰਸੀਪਲ, ਸਰਬ ਸੰਧੂ, ਮਨਜੀਤ ਸਿੰਘ ਬੱਬੂ, ਰਵੀ ਕੈਨੇਡਾ, ਮਨੋਜ ਕੈਨੇਡਾ ਆਦਿ ਮੌਜੂਦ ਸਨ। ਇਸ ਮੌਕੇ ਦਮਨ ਹੰਸ ਵੱਲੋਂ ਟੈਂਟ ਦੀ ਫ੍ਰੀ ਸੇਵਾ ਵੀ ਕੀਤੀ ਗਈ।

ਪਰਾਲੀ ਦੀਆਂ ਗੱਠਾਂ ਲੈ ਕੇ ਜਾਂਦੇ ਟਰੈਕਟਰ ਟਰਾਲੀਆਂ ਤੋਂ ਰਾਹਗੀਰ ਡਾਢੇ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਦੁਆਰਾ ਪਰਾਲੀ ਨੂੰ ਅੱਗ ਲਗਾਉਣ ਦੇ ਸਖਤ ਹੁਕਮਾਂ ਤੋਂ ਬਾਅਦ ਕਿਸਾਨਾਂ ਵੱਲੋਂ ਪਰਾਲੀ ਦੀਆਂ ਮਸ਼ੀਨਾਂ ਰਾਹੀਂ ਗੱਠਾਂ ਬਣਾਈਆਂ ਜਾ ਰਹੀਆਂ ਹਨ ਜਿਨ੍ਹਾਂ ਨੂੰ ਮਿੱਲਾਂ ਵਿੱਚ ਲਿਜਾਣ ਵਾਸਤੇ ਲੰਬੀਆਂ ਟਰਾਲੀਆਂ ਅਤੇ ਟਰੈਕਟਰਾਂ ਦੀ ਵਰਤੋਂ ਕੀਤੀ ਜਾਂਦੀ ਹੈ। ਜਦੋਂ ਪਰਾਲੀ ਦੀਆਂ ਗੱਠਾਂ ਭਰ ਕੇ ਟਰੈਕਟਰ ਟਰਾਲੀਆਂ ਸੜਕ 'ਤੇ ਜਾਂਦੀਆਂ ਹਨ ਤਾਂ ਅੱਗੋਂ ਪਿੱਛੋਂ ਜਾ ਰਹੇ ਵਾਹਨ ਚਾਲਕ ਨੂੰ ਲੰਘਣ ਲਈ ਜਗ੍ਹਾ ਨਹੀਂ ਮਿਲਦੀ ਜਿਸ ਕਰਕੇ ਵਾਹਨ ਚਾਲਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਕਈ ਵਾਰ ਸੜਕਾਂ 'ਤੇ ਹਾਦਸੇ ਵਾਪਰ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਟਰਾਲੀਆਂ ਦਾ ਫੈਲਾਅ ਏਨਾ ਜ਼ਿਆਦਾ ਹੁੰਦਾ ਹੈ ਅੱਗੇ ਕੁਝ ਵੀ ਦਿਖਾਈ ਨਹੀਂ ਦਿੰਦਾ ਅਤੇ ਗੱਡੀਆਂ ਦੀਆਂ ਲੰਬੀਆਂ ਲੰਬੀਆਂ ਲਾਈਨਾਂ ਟਰਾਲੀਆਂ ਦੇ ਪਿਛੇ ਲੱਗ ਜਾਂਦੀਆਂ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਪਰਾਲੀ ਦੀਆਂ ਗੱਠਾਂ ਵਾਲੀਆਂ ਟਰਾਲੀਆਂ ਦੇ ਸੜਕ ਤੋਂ ਗੁਜ਼ਰਨ ਦਾ ਕੋਈ ਸਮਾਂ ਨਿਸਚਿਤ ਕੀਤਾ ਜਾਵੇ ਤਾਂ ਜੋ ਆਵਾਜਾਈ ਬਿਨਾਂ ਕਿਸੇ ਰੁਕਾਵਟ ਦੇ ਨਿਰਵਿਘਨ ਜਾਰੀ ਰਹੇ।

ਕੇਂਦਰ ਸਰਕਾਰ ਵੱਲੋਂ ਵਕਫ਼ ਸੋਧ ਬਿੱਲ ਘੱਟ-ਗਿਣਤੀਆਂ ਦੇ ਮਾਮਲਿਆਂ 'ਚ ਦਖ਼ਲਅੰਦਾਜ਼ੀ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਲੋਕ ਸਭਾ 'ਚ ਪੇਸ਼ ਹੋਏ ਵਕਫ਼ ਸੋਧ ਬਿੱਲ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਕੇਂਦਰ ਸਰਕਾਰ ਦਾ ਘੱਟਗਿਣਤੀਆਂ ਨਾਲ ਸਬੰਧਤ ਮਾਮਲਿਆਂ ਵਿਚ ਸਿੱਧਾ ਦਖ਼ਲ ਹੈ। ਉਨ੍ਹਾਂ ਕਿਹਾ ਕਿ ਇਹ ਸੋਧ ਬਿੱਲ ਸਬੰਧਤ ਧਿਰਾਂ ਨੂੰ ਵਿਸ਼ਵਾਸ ਵਿਚ ਲਏ ਬਿਨਾਂ ਲਿਆਂਦਾ ਗਿਆ ਹੈ । ਉਨ੍ਹਾਂ ਕਿਹਾ ਕਿ ਇੰਝ ਲੱਗ ਰਿਹਾ ਹੈ ਕਿ ਸਰਕਾਰ ਦੀ ਮਨਸ਼ਾ ਘੱਟਗਿਣਤੀਆਂ ਦੇ ਅਧਿਕਾਰਾਂ ਨੂੰ ਖ਼ਤਮ ਕਰਕੇ ਪ੍ਰਬੰਧਾਂ ਨੂੰ ਆਪਣੇ ਅਨੁਸਾਰ ਚਲਾਉਣ ਦੀ ਹੈ। ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਘੱਟਗਿਣਤੀਆਂ ਦੇ ਹੱਕ-ਹਕੂਕ ਸੁਰੱਖਿਅਤ ਰੱਖਣ ਦੀ ਹਾਮੀ ਰਹੀ ਹੈ ਅਤੇ ਉਹ ਘੱਟਗਿਣਤੀ ਭਾਈਚਾਰੇ ਦੇ ਹੱਕਾਂ ਖਿਲਾਫ਼ ਲਏ ਗਏ ਕਿਸੇ ਵੀ ਫੈਸਲੇ ਦਾ ਵਿਰੋਧ ਕਰਦੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪਹਿਲਾਂ ਵੀ ਘੱਟਗਿਣਤੀਆਂ ਨੂੰ ਦਬਾਉਣ ਦੀ ਨੀਤੀ ਤਹਿਤ ਦੇਸ਼ ਅੰਦਰ ਯੂਨੀਫਾਰਮ ਸਿਵਲ ਕੋਡ ਲਿਆਂਦਾ ਸੀ, ਜੋ ਵੱਖ-ਵੱਖ ਕੌਮਾਂ, ਧਰਮਾਂ ਦੇ ਨਿੱਜੀ ਕਾਨੂੰਨਾਂ ਅਤੇ ਧਾਰਮਿਕ ਅਕੀਦਿਆਂ ਵਿਚ ਸਿੱਧੀ ਦਖ਼ਲਅੰਦਾਜ਼ੀ ਸੀ। ਇਸੇ ਤਰ੍ਹਾਂ ਫ਼ੌਜ ਵਿਚ ਸਿੱਧੀ ਭਰਤੀ ਦੀ ਥਾਂ ਅਗਨੀਵੀਰ ਜਿਹੇ ਫੈਸਲਿਆਂ ਨਾਲ ਘੱਟਗਿਣਤੀਆਂ ਦੇ ਰਾਖਵੇਂ ਹੱਕ ਖੋਹਣ ਦੀ ਕੋਸ਼ਿਸ਼ ਕੀਤੀ ਗਈ। ਫ਼ੌਜ ਅੰਦਰ ਸਿੱਖ ਫ਼ੌਜੀਆਂ ਨੂੰ ਸਰਕਾਰ ਦਾ ਲਾਜ਼ਮੀ ਤੌਰ 'ਤੇ ਹੈਲਮੈਟ ਪਾਉਣ ਲਈ ਨਿਯਮ ਬਣਾਉਣਾ ਵੀ ਇਸੇ ਨੀਤੀ ਦਾ ਹਿੱਸਾ ਸੀ, ਜਿਸ ਦਾ ਵੱਡੇ ਪੱਧਰ 'ਤੇ ਵਿਰੋਧ ਹੋਇਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਰਕਾਰ ਨੂੰ ਘੱਟਗਿਣਤੀ ਭਾਈਚਾਰਿਆਂ ਨਾਲ ਸਲਾਹ ਕੀਤੇ ਬਿਨਾਂ ਉਨ੍ਹਾਂ ਨਾਲ ਸਬੰਧਤ ਮਾਮਲਿਆਂ ਵਿਚ ਕਿਸੇ ਤਰ੍ਹਾਂ ਦੀ ਦਖ਼ਲਅੰਦਾਜ਼ੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਘੱਟਗਿਣਤੀ ਭਾਈਚਾਰਿਆਂ ਨੂੰ ਆਪਣੀ ਵਿਰਾਸਤ ਅਤੇ ਧਾਰਮਿਕ ਅਦਾਰਿਆਂ ਦੀ ਸੁਰੱਖਿਆ ਦਾ ਪੂਰਾ ਹੱਕ ਹੈ ਅਤੇ ਵਕਫ਼ ਸੋਧ ਬਿੱਲ ਵਰਗੇ ਕਾਨੂੰਨ ਇਸ ਹੱਕ ਨੂੰ ਕਮਜ਼ੋਰ ਕਰਨ ਦਾ ਯਤਨ ਹਨ। ਧਾਮੀ ਨੇ ਕਿਹਾ ਕਿ ਸਰਕਾਰ ਨੂੰ ਇਹ ਬਿੱਲ ਵਾਪਸ ਲੈਣਾ ਚਾਹੀਦਾ ਹੈ।

ਸੈਸ਼ਨ ਦੇ ਆਰੰਭ 'ਚ ਹੀ ਵਿੱਦਿਆ ਦੇ ਮਿਆਰ 'ਤੇ ਜ਼ੋਰ ਦਿੱਤਾ ਜਾਵੇ : ਬਾਠ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਜ਼ਿਲ੍ਹੇ ਦੇ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ/ਇੰਚਾਰਜਾਂ ਦੀ ਮੀਟਿੰਗ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਤਨਾਮ ਸਿੰਘ ਬਾਠ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪਿਛਲੇ ਸਾਲ ਦੇ ਕੀਤੇ ਸਾਰੇ ਵਿਭਾਗੀ ਕੰਮਾਂ ਬਾਰੇ ਵਿਚਾਰ ਚਰਚਾ ਕੀਤੀ ਗਈ । ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪੀ ਏ ਅਤੇ ਚੇਅਰਮੈਨ ਮਾਰਕੀਟ ਕਮੇਟੀ ਹਰੀਕੇ ਦਿਲਬਾਗ ਸਿੰਘ ਸ਼ਾਮਲ ਹੋਏ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਤਨਾਮ ਸਿੰਘ ਬਾਠ ਨੇ ਕਿਹਾ ਕਿ ਨਵੇਂ ਸੈਸ਼ਨ ਦੌਰਾਨ ਸਰਕਾਰੀ ਸਕੂਲਾਂ ਵਿੱਚ ਦਾਖਲਾ ਵੱਧ ਤੋਂ ਵੱਧ ਵਧਾਇਆ ਜਾਵੇ। ਇਸ ਮੰਤਵ ਲਈ ਡੋਰ ਟੂ ਡੋਰ ਘਰਾਂ ਤੱਕ ਪਹੁੰਚ ਬਣਾਉਣੀ ਯਕੀਨੀ ਬਣਾਈ ਜਾਵੇ। ਇਸ ਵਿੱਚ ਸਮੂਹ ਵਿਦਿਆਰਥੀਆਂ ਦੀਆਂ ਨਵੇਂ ਸੈਸ਼ਨ ਦੀਆਂ ਕਿਤਾਬਾਂ ਪਹੁੰਚ ਚੁੱਕੀਆਂ ਹਨ। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਹੋਰ ਵਧੇਰੇ ਮਿਹਨਤ, ਲਗਨ ਅਤੇ ਦ੍ਰਿੜ੍ਹਤਾ ਨਾਲ ਆਪਣੀ ਕਾਰਗੁਜ਼ਾਰੀ ਨੂੰ ਪ੍ਰਦਰਸ਼ਿਤ ਕਰਨ ਲਈ ਪ੍ਰੇਰਿਤ ਕੀਤਾ ਜਾਵੇ ।ਇਸ ਮੌਕੇ ਸਮੂਹ ਪ੍ਰਿੰਸੀਪਲਾਂ ਨੂੰ ਸੰਬੋਧਨ ਕਰਦਿਆਂ ਦਿਲਬਾਗ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਹਮੇਸ਼ਾ ਵਚਨਬੱਧ ਹੈ।ਉਹਨਾਂ ਕਿਹਾ ਕਿ 7 ਅਪ੍ਰੈਲ ਤੋਂ ਤਰਨ ਤਾਰਨ ਜ਼ਿਲ੍ਹੇ ਅੰਦਰ ਸਕੂਲਾਂ ਵਿੱਚ ਹੋਏ ਵਿਕਾਸ ਦੇ ਕੰਮਾਂ ਦੇ ਉਦਘਾਟਨ ਵੀ ਕੀਤੇ ਜਾਣਗੇ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਰਮਜੀਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ ਡੀ ਐਸ ਐਮ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਗੁਰਦਆਰਾ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦਾ ਸਲਾਨਾ ਬਜਟ 16 ਕਰੋੜ 20 ਲੱਖ ਰੁਪਏ ਦਾ ਪਾਸ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦਾ 16 ਕਰੋੜ 20 ਲੱਖ ਰੁਪਏ ਦਾ ਸਲਾਨਾ ਬਜਟ ਬੀਤੇ ਦਿਨੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਪਾਸ ਕੀਤਾ ਗਿਆ। ਇਸ ਸਬੰਧੀ ਹੋਈ ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਤੋਂ ਇਲਾਵਾ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਨਾਗਰ ਸਿੰਘ, ਜੋਗਾ ਸਿੰਘ, ਹਰਭਜਨ ਸਿੰਘ, ਹਰਪ੍ਰੀਤ ਸਿੰਘ ਤੇ ਕਰਮਵੀਰ ਸਿੰਘ ਆਦਿ ਹਾਜ਼ਰ ਹੋਏ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦਾ ਸਾਲ 2025-26 ਲਈ 16 ਕਰੋੜ 20 ਲੱਖ ਰੁਪਏ ਦਾ ਬਜਟ ਪਾਸ ਕਰਦਿਆਂ ਗੁਰੂ ਘਰ ਦੀਆਂ ਨਵੀਆਂ ਬਣ ਰਹੀਆਂ ਇਮਾਰਤਾਂ ਦੀ ਉਸਾਰੀ, ਪੁਰਾਣੀਆਂ ਇਮਾਰਤਾਂ ਦੇ ਰੱਖ-ਰਖਾਅ, ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਮੁਫਤ ਡਿਸਪੈਂਸਰੀ, ਪ੍ਰਬੰਧ ਵਾਲੇ ਸਕੂਲਾਂ ਅਤੇ ਹੋਰ ਸੰਸਥਾਵਾਂ ਲਈ ਵਿਸ਼ੇਸ਼ ਫੰਡ ਰਾਖਵੇਂ ਰੱਖਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾ

ਨਵਾਂ ਜ਼ਮਾਨਾ
ਸ਼ਨੀਵਾਰ, 5 ਅਪ੍ਰੈਲ 2025

ਜੱਜਾਂ ਦੀ ਦੌਲਤ

ਨਿਆਂਪਾਲਿਕਾ ਵਿੱਚ ਪਾਰਦਰਸ਼ਤਾ ਤੇ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਕਰਨ ਲਈ ਸੁਪਰੀਮ ਕੋਰਟ ਦੇ ਸਾਰੇ ਜੱਜਾਂ ਨੇ ਆਪਣੀ ਦੌਲਤ ਜਨਤਕ ਕਰਨ 'ਤੇ ਸਹਿਮਤੀ ਜਤਾਈ ਹੈ। ਹਾਲਾਂਕਿ ਪਹਿਲਾਂ ਵੀ ਜੱਜ ਆਪਣੀ ਦੌਲਤ ਦੇ ਵੇਰਵੇ ਦੱਸਦੇ ਸਨ, ਪਰ ਉਹ ਜਨਤਕ ਨਹੀਂ ਸਨ ਕੀਤੇ ਜਾਂਦੇ। ਹੁਣ ਜੱਜ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੂੰ ਦੌਲਤ ਦੀ ਜਾਣਕਾਰੀ ਦੇਣਗੇ ਅਤੇ ਉਹ ਅੱਗੋਂ ਸੁਪਰੀਮ ਕੋਰਟ ਦੀ ਵੈੱਬਸਾਈਟ 'ਤੇ ਅਪਲੋਡ ਕਰ ਦਿਆ ਕਰਨਗੇ। ਇਹ ਕਦਮ ਦਿੱਲੀ ਹਾਈ ਕੋਰਟ ਦੇ ਜੱਜ ਜਸਟਿਸ ਯਸ਼ਵੰਤ ਵਰਮਾ ਦੇ ਬੰਗਲੇ ਦੇ ਇੱਕ ਕਮਰੇ ਵਿੱਚ ਅੱਗ ਲੱਗਣ ਤੋਂ ਬਾਅਦ ਮਿਲੀ ਕਾਫੀ ਨਕਦੀ ਤੋਂ ਬਾਅਦ ਚੁੱਕਿਆ ਗਿਆ ਹੈ। ਇਸ ਘਟਨਾ ਨੇ ਨਿਆਂਪਾਲਿਕਾ ਵਿੱਚ ਜਵਾਬਦੇਹੀ ਤੇ ਪਾਰਦਰਸ਼ਤਾ ਨੂੰ ਲੈ ਕੇ ਸਵਾਲ ਖੜ੍ਹੇ ਕਰ ਦਿੱਤੇ ਸਨ।

ਜੱਜਾਂ ਦੀ ਦੌਲਤ ਨੂੰ ਜਨਤਕ ਕਰਨ ਦਾ ਮੁੱਦਾ ਮਰਹੂਮ ਭਾਜਪਾ ਸਾਂਸਦ ਸੁਸ਼ੀਲ ਮੋਦੀ ਨੇ ਦਸੰਬਰ 2023 ਵਿੱਚ ਰਾਜ ਸਭਾ 'ਚ ਉਠਾਇਆ ਸੀ। ਉਨ੍ਹਾ ਕਿਹਾ ਸੀ ਕਿ ਜਿਵੇਂ ਸਾਂਸਦ, ਵਿਧਾਇਕ ਤੇ ਵੱਡੇ ਅਫਸਰ ਆਪਣੀ ਦੌਲਤ ਦੇ ਵੇਰਵੇ ਜਨਤਕ ਕਰਦੇ ਹਨ, ਉਸੇ ਤਰ੍ਹਾਂ ਜੱਜਾਂ ਵੱਲੋਂ ਵੀ ਕੀਤੇ ਜਾਣੇ ਚਾਹੀਦੇ ਹਨ। ਇਸ ਨਾਲ ਨਿਆਂਪਾਲਿਕਾ ਵਿੱਚ ਪਾਰਦਰਸ਼ਤਾ ਵਧੇਗੀ ਤੇ ਲੋਕਾਂ ਦਾ ਭਰੋਸਾ ਮਜ਼ਬੂਤ ਹੋਵੇਗਾ। ਸੀਨੀਅਰ ਵਕੀਲ ਇੰਦਰਾ ਜੈਸਿੰਘ ਕਾਫੀ ਚਿਰ ਤੋਂ ਕਹਿੰਦੀ ਆਈ ਹੈ ਕਿ ਜਦੋਂ ਤੱਕ ਜੱਜਾਂ ਦੀ ਦੌਲਤ ਦੀ ਜਾਣਕਾਰੀ ਜਨਤਕ ਨਹੀਂ ਹੋਵੇਗੀ, ਨਿਆਂ ਪ੍ਰਣਾਲੀ ਵਿੱਚ ਭ੍ਰਿਸ਼ਟਾਚਾਰ ਦੇ ਦੋਸ਼ਾਂ 'ਤੇ ਪ੍ਰਭਾਵੀ ਕੰਟਰੋਲ ਨਹੀਂ ਹੋ ਸਕਦਾ। ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਖਿਲਾਫ ਮੁਹਿੰਮ ਚਲਾਉਣ ਵਾਲੇ ਉੱਘੇ ਵਕੀਲ ਪ੍ਰਸ਼ਾਂਤ ਭੂਸ਼ਣ ਵੀ ਇਹ ਮੁੱਦਾ ਜ਼ੋਰ-ਸ਼ੋਰ ਨਾਲ ਉਠਾਉਂਦੇ ਆਏ ਹਨ।

ਹਾਲਾਂਕਿ ਦੌਲਤ ਜਨਤਕ ਕਰਨ ਦੀ ਪ੍ਰਕਿਰਿਆ ਅਜੇ ਤੈਅ ਹੋਣੀ ਹੈ। ਇਹ ਵੀ ਦੇਖਣ ਵਾਲੀ ਗੱਲ ਹੋਵੇਗੀ ਕਿ ਸਾਰੀ ਜਾਣਕਾਰੀ ਜਨਤਕ ਕੀਤੀ ਜਾਵੇਗੀ ਜਾਂ ਇਸ ਵਿੱਚ ਕੁਝ ਗੋਪਨੀਅਤਾ ਦੇ ਪਹਿਲੂ ਸ਼ਾਮਲ ਕੀਤੇ ਜਾਣਗੇ। ਸੁਪਰੀਮ ਕੋਰਟ ਦਾ ਫੈਸਲਾ ਨਿਰਸੰਦੇਹ ਸਵਾਗਤਯੋਗ ਹੈ, ਜੋ ਨਿਆਂਇਕ ਪ੍ਰਣਾਲੀ ਵਿੱਚ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਕੰਮ ਕਰੇਗਾ। ਇਸ ਨਾਲ ਨਾ ਸਿਰਫ ਪਾਰਦਰਸ਼ਤਾ ਵਧੇਗੀ, ਸਗੋਂ ਇਹ ਸੰਦੇਸ਼ ਵੀ ਜਾਵੇਗਾ ਕਿ ਕਾਨੂੰਨ ਦੇ ਰਖਵਾਲੇ ਖੁਦ ਨੂੰ ਜਵਾਬਦੇਹ ਮੰਨਦੇ ਹਨ। ਇੱਕ ਸਵਾਲ ਇਹ ਅਜੇ ਵੀ ਜਵਾਬ ਮੰਗਦਾ ਹੈ ਕਿ ਸੁਪਰੀਮ ਕੋਰਟ ਦੇ ਜੱਜਾਂ ਨੇ ਤਾਂ ਆਪਣੀ ਦੌਲਤ ਜਨਤਕ ਕਰਨ ਦਾ ਫੈਸਲਾ ਕਰ ਲਿਆ ਹੈ, ਪਰ ਹਾਈ ਕੋਰਟਾਂ ਤੇ ਹੇਠਲੀਆਂ ਕੋਰਟਾਂ ਦੇ ਜੱਜਾਂ ਦਾ ਕੀ ਹੋਵੇਗਾ? ਉਹ ਵੀ ਦੌਲਤ ਦੇ ਵੇਰਵੇ ਜਨਤਕ ਕਰਨਗੇ?

ਫਿਲਮੀ ਜਿਲਦਾਂ ਵਾਲੀਆਂ ਕਾਪੀਆਂ 'ਤੇ ਪਾਬੰਦੀ ਲੱਗੇ

ਪ੍ਰਮੋਦ ਧੀਰ

ਵਿਦਿਆਰਥੀਆਂ ਲਈ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ 'ਤੇ 'ਆਦਰਸ਼' ਦੀ ਥਾਂ 'ਅਨੈਤਿਕਤਾ' ਪਰੋਸੀ ਜਾ ਰਹੀ ਹੈ। 'ਵਿਦਿਆ ਵਿਚਾਰੀ ਤਾਂ ਪਰਉਪਕਾਰੀ' ਦਾ ਨਾਅਰਾ ਤਾਂ ਭਾਵੇਂ ਸਕੂਲਾਂ ਦੇ ਮੁੱਖ ਗੇਟਾਂ 'ਤੇ ਲਿਖਿਆ ਮਿਲਦਾ ਹੈ ਪਰ ਇਨ੍ਹਾਂ ਵਿਚ ਪੜ੍ਹਦੇ ਬੱਚਿਆਂ ਦੇ ਬਸਤਿਆਂ ਵਿਚ ਜੋ ਕਾਪੀਆਂ (ਨੋਟ ਬੁਕਸ) ਹੁੰਦੀਆਂ ਹਨ, ਉਨ੍ਹਾਂ ਦੀਆਂ ਜਿਲਦਾਂ 'ਤੇ ਫਿਲਮੀ ਐਕਟਰਾਂ,ਐਕਟਰਸਾਂ, ਗਾਇਕਾਂ, ਮਾਡਲਾਂ, ਖਿਡਾਰੀਆਂ, ਫਿਲਮਾਂ ਆਦਿ ਦੀਆਂ ਫੋਟੋ ਛਪੀਆਂ ਹੁੰਦੀਆਂ ਹਨ ਜੋ ਵਿਦਿਆਰਥੀਆਂ ਦਾ ਮਨ ਪੜ੍ਹਾਈ 'ਚ ਇਕਾਗਰ ਨਹੀਂ ਹੋਣ ਦਿੰਦੀਆਂ। ਕਾਪੀਆਂ ਦੀਆਂ ਜਿਲਦਾਂ 'ਤੇ ਗੀਤਾਂ ਦੇ ਮੁਖੜੇ ਅਤੇ ਸਿਰਲੇਖ ਵੀ ਲਿਖੇ ਹੁੰਦੇ ਹਨ। ਇਨ੍ਹਾਂ ਕਾਪੀਆਂ ਨੂੰ ਆਕਰਸ਼ਕ ਬਣਾਉਣ ਲਈ ਵੱਧ ਤੋਂ ਵੱਧ ਰੰਗ-ਬਿਰੰਗਾ ਅਤੇ ਭੜਕੀਲਾ ਕੀਤਾ ਜਾਂਦਾ ਹੈ। ਇਨ੍ਹਾਂ ਕਾਪੀਆਂ ਨੂੰ ਦੇਖ ਕੇ ਪਹਿਲੀ ਨਜ਼ਰੇ ਇਹ ਪਹਿਚਾਨਣਾ ਔਖਾ ਹੋ ਜਾਂਦਾ ਹੈ ਕਿ ਇਹ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ ਹਨ ਜਾਂ ਕਿਸੇ ਫਿਲਮ ਅਤੇ ਗੀਤਾਂ ਵਾਲੀ ਸੀ.ਡੀ. ਦਾ ਕਵਰ ਪੇਜ ਹੈ। ਮਨੋਵਿਸ਼ਲੇਸ਼ਕਾਂ ਅਨੁਸਾਰ ਸਕੂਲੀ ਕਾਪੀਆਂ ਦਾ ਇਹ 'ਰੂਪ' ਨਾ ਸਿਰਫ ਬਾਲ ਮਨਾਂ ਦੀ 'ਮਨੋਦਿਸ਼ਾ' ਅਤੇ 'ਮਨੋਦਸ਼ਾ' ਨੂੰ ਹੀ ਵਿਗਾੜਦਾ ਹੈ ਸਗੋਂ ਸਕੂਲਾਂ ਅਤੇ ਘਰਾਂ ਵਿੱਚ ਪੜ੍ਹਾਈ ਦੇ ਮਾਹੌਲ ਨੂੰ ਵੀ ਪ੍ਰਭਾਵਿਤ ਕਰਦਾ ਹੈ। ਸਕੂਲੀ ਕਾਪੀਆਂ ਦਾ ਮੌਜੂਦਾ ਰੂਪ ਵਿੱਦਿਅਕ ਮਾਹੌਲ ਦੇ ਅਨੁਕੂਲ ਨਹੀਂ ਹੈ। ਸਕੂਲੀ ਕਾਪੀ 'ਤੇ ਬਣੇ ਗਾਣੇ ਦੇ ਦ੍ਰਿਸ਼ ਦੇਖ ਕੇ ਬੱਚੇ ਆਪ ਮੁਹਾਰੇ ਉਹੀ ਗਾਣਾ ਗੁਣਗੁਣਾਉਣ ਲੱਗ ਪੈਂਦੇ ਹਨ ਜਾਂ ਫਿਰ ਦਿਮਾਗ ਵਿਚ ਉਸੇ ਗਾਣੇ,ਐਕਟਰ,ਗਾਇਕ ਆਦਿ ਦੇ ਫਿਮਾਂਕਣ ਬਾਰੇ ਸੋਚਣ ਲੱਗ ਪੈਂਦੇ ਹਨ। ਕਾਪੀਆਂ ਦੇ ਨਿਰਮਾਤਾਵਾਂ ਅਤੇ ਗਾਇਕਾਂ, ਅਦਾਕਾਰਾਂ ਵੱਲੋਂ ਕੀਤੇ ਵਪਾਰਕ ਸਮਝੌਤੇ ਤਹਿਤ ਹੀ ਕਾਪੀਆਂ ਦੀਆਂ ਅਜਿਹੀਆਂ ਜਿਲਦਾਂ ਤਿਆਰ ਕੀਤੀਆਂ ਜਾਂਦੀਆਂ ਹਨ ਤਾਂ ਜੋ ਗਾਇਕਾਂ, ਅਦਾਕਾਰਾਂ 'ਤੇ ਖਿਡਾਰੀਆਂ ਦੀ ਮਸ਼ਹੂਰੀ ਘਰ ਘਰ ਅਤੇ ਬੱਚੇ ਬੱਚੇ ਤੱਕ ਹੋ ਜਾਵੇ। ਇਹ ਬੜੀ ਤਰਾਸਦੀ ਹੈ ਕਿ ਪੰਜਾਬ ਦੇ ਮਹਾਨ ਨਾਇਕਾਂ, ਸੂਰਬੀਰਾਂ,ਯੋਧਿਆਂ,ਦੇਸ਼ ਭਗਤਾਂ, ਜਰਨਲ ਨਾਲਿਜ ਦੀਆਂ ਗੱਲਾਂ ਆਦਿ ਨੂੰ ਵਿਸਾਰ ਕੇ ਊਲ-ਜਲੂਲ ਗਾਉਣ ਵਾਲਿਆਂ ਨੂੰ ਵਿਦਿਆਰਥੀਆਂ ਦੇ ਬਸਤਿਆਂ ਅਤੇ ਪੜ੍ਹਨ ਸਮੱਗਰੀ ਵਿੱਚ ਸ਼ਾਮਲ ਕੀਤਾ ਜਾਂਦਾ ਹੈ। ਜਿਸ 'ਤੇ ਪੂਰਨ ਪਾਬੰਦੀ ਹੋਣੀ ਚਾਹੀਦੀ ਹੈ। ਵਿਦਿਆਰਥੀਆਂ 'ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਤਰ੍ਹਾਂ ਦੀਆਂ ਘਟੀਆ ਜਿਲਦਾਂ ਵਾਲੀਆਂ ਕਾਪੀਆਂ ਨਹੀਂ ਖਰੀਦਣੀਆਂ ਚਾਹੀਦੀਆਂ ਤੇ ਨਾਂ ਹੀ ਅਖਬਾਰਾਂ ਦੇ ਫਿਲਮੀ ਪੇਜ ਵਾਲੀਆਂ ਜਿਲਦਾਂ ਕਾਪੀਆਂ ਕਿਤਾਬਾਂ ਆਦਿ ਤੇ ਚੜ੍ਹਾਉਣੀਆਂ ਚਾਹੀਦੀਆਂ ਹਨ।

ਸਰਕਾਰ ਤੋਂ ਨਵੇਂ ਸੈਸ਼ਨ 2025-26 ਤੋਂ ਫਿਲਮੀ ਜਿਲਦਾਂ ਵਾਲੀਆਂ ਕਾਪੀਆਂ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਜਾਂਦੀ ਹੈ। ਸਰਕਾਰ ਨੂੰ ਇਸ ਤਰ੍ਹਾਂ ਦੇ ਕਵਰ ਤਿਆਰ ਕਰਨ ਵਾਲੀਆਂ ਕੰਪਨੀਆਂ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ ਤਾਂ ਜੋ ਵਿਦਿਆਰਥੀ 'ਅਨੈਤਿਕਤਾ' ਦੀ ਥਾਂ 'ਆਦਰਸ਼' ਵੱਲ ਵਧ ਸਕਣ ਤੇ ਉਹਨਾਂ ਦੀ ਪੜ੍ਹਾਈ ਤੋਂ ਇਕਾਗਰਤਾ ਭੰਗ ਨਾ ਹੋਵੇ।

ਸੰਪਰਕ : 98550-31081

ਵਿਆਹ, ਦਾਜ ਤੇ 498-ਏ ਨਿਆਂ ਜਾਂ ਦੁਰਵਰਤੋਂ

ਵਿਕਾਸ ਕਰਦੇ ਦੇਸ਼ ਦੇ ਸਮਾਜ ਵਿੱਚ ਅੱਜ-ਕੱਲ੍ਹ ਪਤੀ-ਪਤਨੀ ਦਾ ਪਵਿੱਤਰ ਰਿਸ਼ਤਾ ਐਨਾ ਬੇਵਿਸ਼ਵਾਸੀ ਦਾ ਹੋ ਗਿਆ ਹੈ ਕਿ ਇਕ-ਦੂਜੇ ਨੂੰ ਮੌਤ ਦੇ ਘਾਟ ਉਤਾਰਨ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾਂਦਾ। ਗੁੱਸਾ ਅਤੇ ਕਾਮ ਐਨਾ ਭਾਰੂ ਹੋ ਗਿਆ ਹੈ ਕਿ ਕਿਤੇ-ਕਿਤੇ ਆਪਣੇ ਪਲੇ-ਪਲਾਏ ਬੱਚਿਆਂ ਨੂੰ ਵੀ ਮੌਤ ਦੇ ਘਾਟ ਉਤਾਰ ਦਿੱਤਾ ਜਾਂਦਾ ਹੈ। ਸਮਾਜ ਵਿੱਚ ਨਿੱਤ ਆਉਂਦੀਆਂ ਖਬਰਾਂ ਨੂੰ ਸੁਣ ਕੇ ਜਾਂ ਪੜ੍ਹ ਕੇ ਕੁਆਰੇ ਨੌਜਵਾਨ ਲੜਕੇ-ਲੜਕੀਆਂ ਦਾ ਵਿਆਹ ਤੋਂ ਵਿਸ਼ਵਾਸ ਹੀ ਉੱਠ ਗਿਆ ਹੈ, ਜਿਸ ਸਦਕਾ ਬਗੈਰ ਵਿਆਹ ਤੋਂ ਇਕੱਠੇ ਰਹਿਣ (ਲਿਵ ਇਨ ਰਿਲੇਸ਼ਨਸ਼ਿਪ) ਦੀ ਕਾਢ ਕੱਢ ਲਈ, ਜਿਸ ਨੂੰ ਭਾਰਤੀ ਸਮਾਜ ਮਾਨਤਾ ਨਹੀਂ ਦਿੰਦਾ। ਇਹ ਰਿਸ਼ਤਾ ਵੀ ਬਹੁਤੀ ਦੇਰ ਚੱਲਦਾ ਨਹੀਂ ਅਤੇ ਫਿਰ ਰੇਪ ਅਤੇ ਧੋਖਾਧੜੀ ਦੀ ਸ਼ਿਕਾਇਤ ਪੁਲਸ ਅਤੇ ਵੂਮੈਨ ਕਮਿਸ਼ਨ ਕੋਲ ਪਹੁੰਚ ਜਾਂਦੀ ਹੈ। ਵੈਸੇ ਤਾਂ ਸਮਾਜ ਵਿੱਚ ਹਰ ਪਾਸੇ ਹੀ ਨਿਘਾਰ ਵਧ ਰਿਹਾ ਹੈ, ਪਰ ਮੈਂ ਇਸ ਰਿਸ਼ਤੇ ਦੇ ਨਿਘਾਰ ਵੱਲ ਜਾਣ ਦੇ ਕੁੱਝ ਕਾਰਨਾਂ ਦਾ ਵਿਸ਼ਲੇਸ਼ਣ ਕਰਨ ਦੀ ਕੋਸ਼ਿਸ਼ ਕਰਾਂਗਾ।

ਮੋਬਾਇਲ ਫੋਨ:- ਬਹੁਤੀਆਂ ਸਮੱਸਿਆਵਾਂ ਦੀ ਜੜ੍ਹ ਟੈਕਨਾਲੋਜੀ ਹੀ ਹੈ, ਜਿਸ ਵਿੱਚ ਮੋਬਾਇਲ ਫੋਨ ਦਾ ਯੋਗਦਾਨ ਸਭ ਤੋਂ ਵੱਧ ਹੈ। ਗੱਲ ਕੀ ਕਿ 24 ਘੰਟੇ ਵਿੱਚ ਦਸ ਕੁ ਵਾਰ ਲੜਕੀ ਦੀ ਮਾਤਾ ਵੱਲੋਂ ਪੁੱਛਿਆ ਜਾਂਦਾ ਹੈ ਲੜਕੀ ਦੇ ਸਹੁਰੇ ਘਰ ਦਾ ਅੱਖੀ ਡਿੱਠਾ ਹਾਲ। ਕੁੜੀ ਅਜੇ ਡੋਲੀ ਵਿੱਚੋਂ ਉੱਤਰੀ ਵੀ ਨਹੀਂ ਹੁੰਦੀ ਕਿ ਪਿੱਛੋਂ ਫੋਨ ਆ ਜਾਂਦਾ ਹੈ ਕਿ ਤੈਨੂੰ ਮੂੰਹ ਵਿਖਾਈ ਦਾ ਕੀ ਦਿੱਤਾ, ਹੋਰ ਥੋੜ੍ਹੀ ਦੇਰ ਬਾਅਦ ਕੁੱਝ ਖਾ-ਪੀ ਲਿਆ ਕਿ ਨਹੀਂ। ਏਸੇ ਤਰ੍ਹਾਂ ਅੱਗੇ ਤੋਂ ਅੱਗੇ ਗੱਲ ਦਾ ਸਿਲਸਿਲਾ ਚੱਲਦਾ ਹੈ, ਫਿਰ ਸਲਾਹਾਂ ਤੱਕ ਪਹੁੰਚ ਜਾਂਦਾ ਹੈ, ਤੂੰ ਇਸ ਤਰ੍ਹਾਂ ਕਰ। ਏਥੋਂ ਸ਼ੁਰੂ ਹੋਈ ਦਖਲ-ਅੰਦਾਜ਼ੀ ਕਿਤੇ ਰੁਕਣ ਦਾ ਨਾਂਅ ਹੀ ਨਹੀਂ ਲੈਂਦੀ। ਔਰਤ ਆਪਣੀ ਧੀ ਦਾ ਘਰ ਤਾਂ ਆਪਣੀ ਮਰਜ਼ੀ ਨਾਲ ਚਲਾਉਣਾ ਚਾਹੁੰਦੀ, ਪਰ ਜਦੋਂ ਉਸ ਦੀ ਨੂੰਹ ਆਪਣੀ ਮਾਂ ਨਾਲ ਗੱਲ ਵੀ ਕਰੇ ਤਾਂ ਫਿਰ ਸਾਡੇ ਘਰ ਵਿੱਚ ਦਖਲ-ਅੰਦਾਜ਼ੀ ਨਾ ਕਰਨ ਦੀ ਨੂੰਹ ਨੂੰ ਹਦਾਇਤ ਦਿੱਤੀ ਜਾਂਦੀ ਹੈ। ਇਸ ਸਭ ਵਿੱਚ ਲੜਕੀ ਆਪਣਾ ਪੇਕਾ ਘਰ ਛੱਡਦੀ ਨਹੀਂ ਅਤੇ ਸਹੁਰੇ ਘਰ ਨੂੰ ਅਪਨਾਉਂਦੀ ਨਹੀਂ। ਅੱਜ ਸਮਝਣ ਦੀ ਲੋੜ ਹੈ ਕਿ ਲੜਕੀ ਘਰ ਛੱਡ ਕੇ ਆਉਂਦੀ ਹੈ, ਦੂਜੇ ਘਰ ਵਿੱਚ ਆ ਕੇ ਸਿਸਟਮ ਸਮਝਣ ਲੱਗਿਆਂ ਸਮਾਂ ਲੱਗਦਾ ਹੈ। ਇਸ ਨੂੰ ਲੜਕੀ ਅਤੇ ਲੜਕੇ ਦਾ ਪਰਵਾਰ ਆਪਸੀ ਪਿਆਰ ਅਤੇ ਇਕ-ਦੂਜੇ ਦਾ ਵਿਸ਼ਵਾਸ ਜਿੱਤ ਕੇ ਜਲਦੀ ਠੀਕ ਕਰ ਸਕਦੇ ਹਨ। ਜਿੱਥੇ ਦੋਨੋਂ ਧਿਰਾਂ ਆਪਣੇ-ਆਪ ਨੂੰ ਇਕ-ਦੂਜੇ ਤੋਂ ਉੱਪਰ ਸਮਝਦੀਆਂ ਹੋਣ, ਉੱਥੇ ਗੱਲ ਵਿਗੜ ਜਾਂਦੀ ਹੈ। ਅੱਜ-ਕੱਲ੍ਹ ਇਕ ਨਵੀਂ ਗੱਲ ਚੱਲੀ ਹੈ ਕਿ ਮੈਂ ਥੱਲੇ ਨ੍ਹੀਂ ਲੱਗਣਾ। ਲੋਕੀਂ ਇਸ ਗੱਲ ਨੂੰ ਭੁੱਲੇ ਹੀ ਬੈਠੇ ਹਨ ਕਿ ਪਰਵਾਰ ਮਿਲ-ਜੁਲ ਕੇ ਚੱਲਦੇ ਹਨ, ਉੱਤੇ ਥੱਲੇ ਲੱਗ ਕੇ ਨਹੀਂ। ਅਸਲ ਵਿੱਚ ਜਿਹੜੀਆਂ ਥੋੜ੍ਹੀਆਂ ਪੜ੍ਹੀਆਂ-ਲਿਖੀਆਂ ਔਰਤਾਂ ਵਿਹਲੀਆਂ ਹਨ, ਘਰੇਲੂ ਕੰਮ 'ਤੇ ਮਾਈਆਂ ਲੱਗੀਆਂ ਹਨ। ਬੱਚੇ ਜਾਂ ਸਕੂਲ ਜਾਂ ਟਿਊਸ਼ਨ 'ਤੇ ਘਰ ਵਾਲਾ ਕੰਮ ਤੇ। ਉਹ ਆਪ ਸਾਰਾ ਦਿਨ ਮੋਬਾਇਲ 'ਤੇ ਰੀਲ੍ਹਾਂ ਵੇਖਣ ਤੇ ਜਾਂ ਸਹੇਲੀਆਂ ਨਾਲ ਗੱਲਾਂ ਕਰਨ, ਜੇ ਉਨ੍ਹਾਂ ਨੂੰ ਘਰ ਦਾ ਕੋਈ ਕੰਮ ਕਰਨਾ ਪੈ ਜਾਵੇ ਤਾਂ ਸਮਝੋ ਘਰ ਵਿੱਚ ਲੜਾਈ ਪੈ ਜਾਂਦੀ ਹੈ। ਜੇ ਅੱਗੋਂ ਬੰਦਾ ਵੀ ਕੰਮ ਤੋਂ ਅੱਕਿਆ-ਥੱਕਿਆ ਆਇਆ ਹੈ ਤਾਂ ਸਮਝੋ ਮਹਾਭਾਰਤ ਘਰ ਵਿੱਚ ਹੀ ਸ਼ੁਰੂ ਹੋ ਗਈ।

ਡਾ. ਅਮਨਪ੍ਰੀਤ ਸਿੰਘ ਬਰਾੜ

ਪੈਸਾ ਮੁੱਖ ਹੈ:- ਵਿਹਲੀ ਔਰਤ ਹਰ ਰੋਜ਼ ਆਪਣੇ ਪਤੀ ਕੋਲ ਨਵੀਂ ਫਰਮਾਇਸ਼ ਰੱਖਦੀ ਹੈ। ਇਹਨਾਂ ਖੁਆਇਸ਼ਾਂ ਨੇ ਦਿਲਾਂ ਦੇ ਪ੍ਰੇਮ ਨੂੰ ਬਨਾਵਟੀ ਚੀਜ਼ਾਂ ਦੇ ਰੰਗ ਵਿੱਚ ਬਦਲ ਦਿੱਤਾ ਹੈ। ਸਾਡੇ ਕੋਲ ਹਰ ਸੁੱਖ ਸੁਵਿਧਾ ਦਾ ਸਾਧਨ ਹੋਵੇ, ਦੂਜਿਆਂ ਨਾਲੋਂ ਨਵੀਂ ਚੀਜ਼ ਸਾਡੇ ਕੋਲ ਹੋਵੇ। ਬੰਦਾ ਦਿਨ-ਰਾਤ ਇਹਨਾਂ ਨੂੰ ਪੂਰੀਆਂ ਕਰਨ ਲਈ ਕਿਸ਼ਤਾਂ ਦੇ ਚੱਕਰ ਵਿੱਚ ਪੈ ਜਾਂਦਾ ਹੈ। ਆਮਦਨ ਤੋਂ ਵੱਧ ਖਰਚਾ ਲੜਾਈ-ਝਗੜੇ ਨੂੰ ਦਾਅਵਤ ਦਿੰਦਾ ਹੈ। ਹੁੰਦਾ ਕੀ ਹੈ ਕਿ ਇਸ ਸਭ ਵਿੱਚ ਮਾਨਸਿਕ ਤਣਾਅ ਵਧ ਜਾਂਦਾ ਹੈ ਅਤੇ ਇਕ-ਦੂਜੇ ਪ੍ਰਤੀ ਪ੍ਰੇਮ-ਪਿਆਰ ਘਟ ਜਾਂਦਾ ਹੈ, ਇਸ ਦੀ ਪੂਰਤੀ ਲਈ ਇਨਸਾਨ ਘਰ ਤੋਂ ਬਾਹਰ ਸਹਾਰਾ ਭਾਲਦਾ ਹੈ, ਜੋ ਕਈ ਨਜਾਇਜ਼ ਰਿਸ਼ਤਿਆਂ ਨੂੰ ਜਨਮ ਦਿੰਦਾ ਹੈ।

ਕਾਰਪੋਰੇਟ ਕਿਵੇਂ ਜ਼ਿੰਮੇਵਾਰ:- ਕਾਰਪੋਰੇਟ ਵਿੱਚ ਕੰਮ ਕਰਦੇ ਨੌਜਵਾਨ ਜੋੜੇ ਅਕਸਰ ਘਰ ਸਿਰਫ ਸੌਣ ਹੀ ਜਾਂਦੇ ਹਨ। ਜੋ ਇਨਸਾਨ ਸਵੇਰੇ 5 ਜਾਂ 6 ਵਜੇ ਉੱਠ ਕੇ ਰਾਤ ਦੇ 8-9 ਵਜੇ ਤੱਕ ਕੰਮ ਕਰੇਗਾ, ਉਸ ਕੋਲ ਘਰ ਜਾ ਕੇ ਥਕਾਵਟ ਤੋਂ ਸਿਵਾਏ ਪੱਲੇ ਕੁਝ ਨਹੀਂ ਹੋਵੇਗਾ। ਜੇ ਕਿਤੇ ਦੋਵਾਂ ਵਿੱਚ ਵਿਚਾਰ-ਤਕਰਾਰ ਹੋ ਗਈ ਤਾਂ ਫੇਰ ਉਸ ਨੂੰ ਠੀਕ ਕਰਨ ਦਾ ਸਮਾਂ ਵੀ ਨਹੀਂ ਹੁੰਦਾ। ਆਖਿਰ ਉਹ ਜੋੜੇ ਆਪਣੀ ਇਸ ਸਥਿਤੀ ਬਾਰੇ ਆਪਣੀ ਕੰਮ ਵਾਲੀ ਥਾਂ ਉਪਰ ਕਿਸੇ ਨਾ ਕਿਸੇ ਨਾਲ ਗੱਲ ਸਾਂਝੀ ਕਰ ਲੈਂਦੇ ਹਨ। ਫੇਰ ਉਥੋਂ ਸ਼ੁਰੂ ਹੁੰਦੀ ਹੈ ਉਪਰੋਂ ਮਦਦ ਤੇ ਖੇਰਖੁਆਹ ਦਾ ਮਖੌਟਾ ਪਾਏ ਲੋਕਾਂ ਵੱਲੋਂ ਸਲਾਹ। ਉਸ ਨੂੰ ਕਾਨੂੰਨ ਸਿਖਾ ਕੇ ਆਪਣੇ ਜਾਲ ਵਿੱਚ ਫਸਾਇਆ ਜਾਂਦਾ ਹੈ। ਜਦੋਂ ਤੱਕ ਅਸਲੀਅਤ ਸਾਹਮਣੇ ਆਉਂਦੀ ਹੈ, ਉਸ ਵੇਲੇ ਤੱਕ ਬਹੁਤ ਦੇਰ ਹੋ ਚੁੱਕੀ ਹੁੰਦੀ ਹੈ। ਘਰ ਦਾ ਖਿਲਾਰਾ ਪੰਚਾਇਤ ਜਾਂ ਫਿਰ ਕਚਹਿਰੀ ਵਿੱਚ ਪਹੁੰਚਦਾ ਹੈ। ਫੇਰ ਸਮਝ ਆਉਂਦੀ ਹੈ ਸਲਾਹ ਦੇਣ ਵਾਲੇ ਦੀ ਅੰਦਰੂਨੀ ਮਨਸ਼ਾ।

ਬੰਦਿਆਂ ਦੀ ਘਟਦੀ ਅਹਿਮੀਅਤ:- ਜਦੋਂ ਤੋਂ ਔਰਤਾਂ ਦੀ ਬਰਾਬਰੀ ਦੀ ਗੱਲ ਚੱਲੀ ਹੈ ਅਤੇ ਕੁੱਝ ਸੀਰੀਅਲਾਂ ਵਿੱਚ ਬੰਦੇ ਨੂੰ ਥੱਪੜ ਪੈਣਾ ਹੀ ਪੈਣਾ ਹੈ। ਉਸ ਵੇਲੇ ਤੋਂ ਭਲੇਮਾਣਸ ਬੰਦਿਆਂ ਦਾ ਜਿਉਣਾ ਹਰਾਮ ਹੋਇਆ ਹੈ। ਸਾਰੇ ਕਾਨੂੰਨ ਇਕ ਤਰਫਾ ਹਨ। ਅੱਗੋਂ ਪੁਲਸ ਵੀ ਬੰਦੇ ਨੂੰ ਫੜਨਾ ਸੌਖਾ ਸਮਝਦੀ ਹੈ। ਜਨਾਨੀਆਂ ਤੋਂ ਪੁਲਸ ਵੀ ਡਰਦੀ ਹੈ ਕਿ ਕਿਤੇ ਕੰਮ ਉਲਟ ਨਾ ਪੈ ਜਾਵੇ। ਸਾਡੇ ਕਾਨੂੰਨ ਵੀ ਇਹੋ ਜਿਹੇ ਹਨ ਜੇ ਝੂਠਾ ਕੇਸ ਦਰਜ ਹੋ ਗਿਆ ਤਾਂ ਬੰਦਾ ਆਵਦਾ ਕੇਸ ਝਗੜ ਕੇ ਕਚਹਿਰੀ ਵਿੱਚੋਂ ਬਰੀ ਹੋ ਜਾਵੇ, ਪਰ ਝੂਠਾ ਕੇਸ ਦਰਜ ਕਰਵਾਉਣ ਵਾਲੇ ਨੂੰ ਕੋਈ ਸਜ਼ਾ ਨਹੀਂ। ਪੁਲਸ ਅਤੇ ਜੱਜਾਂ ਦਾ ਅੱਧਾ ਕੰਮ ਰਹਿ ਜਾਵੇ ਜੇ ਝੂਠਾ ਕੇਸ ਕ

5-APR-PAGE-5@@@@@.qxd 4/4/2025 10:49 PM Page 1

ਮਾਨਸਾ

ਪਟਿਆਲਾ

ਬੁਢਲਾਡਾ

ਭੀਖੀ

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਭਰ 'ਚ ਕਿਸਾਨਾਂ ਨੇ ਮੋਦੀ ਤੇ ਟਰੰਪ ਦੇ ਪੁਤਲੇ ਫੂਕੇ

ਮਾਨਸਾ (ਆਤਮਾ ਸਿੰਘ ਪਮਾਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੂਰੇ ਪੰਜਾਬ ਵਿੱਚ 11 ਵਜੇ ਤੋਂ 12 ਵਜੇ ਤੱਕ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਅਰਥੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮਾਨਸਾ ਵੱਲੋਂ ਡਿਪਟੀ ਕਮਿਸ਼ਨਰ ਮਾਨਸਾ ਦੇ ਦਫਤਰ ਨੇੜੇ ਅਰਥੀਆਂ ਸਾੜੀਆਂ ਗਈਆਂ। ਇਸ ਸਮੇਂ ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਾ ਦੇ ਰਾਸਟਰਪਤੀ ਡੋਨਾਲਡ ਟਰੰਪ ਵੱਲੋਂ ਭਾਰਤ ਸਮੇਤ 60 ਦੇਸਾਂ ਵਿੱਚ ਜਵਾਬੀ ਟੈਕਸ ਲਾਉਣ ਦਾ ਐਲਾਨ ਕੀਤਾ ਹੈ। ਅਮਰੀਕਾ ਹੁਣ ਭਾਰਤੀ ਵਸਤਾਂ 'ਤੇ 27 ਫੀਸਦੀ ਵਾਧੂ ਟੈਕਸ ਵਸੂਲ ਕਰੇਗਾ, ਜਿਸ ਨਾਲ ਆਉਂਦੇ ਸਮੇਂ ਦੌਰਾਨ ਭਾਰਤ ਦੀ ਆਰਥ ਵਿਵਸਥਾ ਨੂੰ ਵੱਡਾ ਧੱਕਾ ਲੱਗ ਸਕਦਾ ਹੈ। ਅਮਰੀਕਾ ਆਪਣੇ ਉਤਪਾਦ ਤੇ ਖੇਤੀ ਨਾਲ ਸਬੰਧਤ ਮਸ਼ੀਨਰੀ, ਅਨਾਜ, ਦਵਾਈਆਂ ਤੋਂ ਇਲਾਵਾ ਹੋਰ ਵਸਤਾਂ ਦਾ ਵਪਾਰ ਕਰਨ ਲਈ ਤਰਲੋ ਮੱਛੀ ਹੋ ਰਿਹਾ ਹੈ, ਕਿਉਂਕਿ ਕਿ ਭਾਰਤ ਦੁਨੀਆ ਦੀ ਸਭ ਤੋਂ ਵੱਡੀ ਮੰਡੀ ਹੈ, ਬੇਸ਼ੱਕ ਕੁੱਝ ਸਮੇਂ ਲਈ ਇਸ ਨੀਤੀ ਨਾਲ ਵਪਾਰੀਆਂ ਤੇ ਖਪਤਕਾਰਾਂ ਨੂੰ ਕੁਝ ਰਾਹਤ ਜ਼ਰੂਰ ਮਿਲ ਸਕਦੀ ਹੈ, ਪ੍ਰੰਤੂ ਭਵਿੱਖ 'ਚ ਭਾਰਤ ਦੇ ਖੇਤੀਬਾੜੀ ਕਿੱਤੇ ਤੇ ਉਦਯੋਗਕ ਸਨਅਤਾਂ ਅਤੇ ਛੋਟੇ ਵਪਾਰ ਨੂੰ ਤਬਾਹ ਕਰਕੇ ਕਬਜ਼ਾ ਕਰਨ ਦੀ ਨੀਅਤ ਨਾਲ ਭਾਰਤ ਦੀ ਕੇਂਦਰ ਸਰਕਾਰ ਨਾਲ ਗੰਢਤੁੱਪ ਕਰਨ ਲਈ ਦੇਸ਼ ਦੇ ਹਾਕਮਾਂ ਨੂੰ ਅਮਰੀਕਾ ਬੁਲਾ ਕੇ ਗੁਪਤਗੂ ਦਾ ਸਿਲਸਿਲਾ ਜਾਰੀ ਹੈ। ਜੇਕਰ ਇਸ ਸਮਝੌਤੇ ਨੂੰ ਲਾਗੂ ਕੀਤਾ ਗਿਆ ਤਾਂ ਸੰਯੁਕਤ ਕਿਸਾਨ ਮੋਰਚਾ ਵੱਡਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਰਾਮ ਸਿੰਘ ਭੈਣੀ, ਬੋਘ ਸਿੰਘ ਮਾਨਸਾ, ਨਿਰਮਲ ਸਿੰਘ ਝੰਡੂਕੇ, ਮੱਖਣ ਸਿੰਘ ਭੈਣੀ ਬਾਘਾ, ਭਜਨ ਸਿੰਘ ਘੁੰਮਣ, ਡਾ. ਧੰਨਾ ਮੱਲ ਗੋਇਲ, ਕਾਮਰੇਡ ਕ੍ਰਿਸ਼ਨ ਚੌਹਾਨ, ਕਰਨੈਲ ਸਿੰਘ ਮਾਨਸਾ, ਮੇਜਰ ਸਿੰਘ ਦੂਲੋਵਾਲ, ਹਰਦੇਵ ਸਿੰਘ ਬੁਰਜ ਰਾਠੀ ਨੇ ਭਵਿੱਖ ਦੀਆਂ ਚਣੌਤੀਆਂ ਲਈ ਵੱਡੀ ਲਾਮਬੰਦੀ ਦੀ ਵੱਡੀ ਲੋੜ 'ਤੇ ਜ਼ੋਰ ਦਿੰਦਿਆਂ ਨਿੱਜਤਾ ਤੋਂ ਉੱਪਰ ਉੱਠ ਜਥੇਬੰਦਕ ਜਾਬਤੇ ਵਿੱਚ ਰਹਿੰਦਿਆਂ ਲੋਕ ਮਾਰੂ ਨੀਤੀਆਂ ਦਾ ਲੋਕ ਕਚਹਿਰੀ ਵਿੱਚ ਪਰਦਾਫਾਸ਼ ਕਰਨ ਲਈ ਤਨਦੇਹੀ ਨਾਲ ਉਪਰਾਲੇ ਕਰਨ ਵੱਲ ਵਧਣਾ ਚਾਹੀਦਾ ਹੈ। ਇਸ ਸਮੇਂ ਜਗਸੀਰ ਸਿੰਘ ਜਵਾਹਰਕੇ, ਅਭੀ ਮੌੜ ਸਰਿੰਦਰਪਾਲ ਕੌਰ, ਨਰਿੰਦਰ ਕੌਰ ਬੁਰਜ ਹਮੀਰਾ, ਹਰਪ੍ਰੀਤ ਸਿੰਘ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਕਾਰਕੁਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਭੀਖੀ (ਧਰਮਵੀਰ ਸ਼ਰਮਾ) : ਸਥਾਨਕ ਗੁਰਦੁਆਰਾ ਚੌਕ ਵਿਖੇ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਕਿਸਾਨ ਆਗੂ ਕਾ. ਗੁਰਨਾਮ ਸਿੰਘ ਭੀਖੀ ਨੇ ਕਿਹਾ ਕਿ ਮੋਦੀ ਤੇ ਟਰੰਪ ਉਦਯੋਗ ਘਰਾਣਿਆਂ ਦੇ ਝੋਲੀ ਚੱਕ ਬਣ ਚੁੱਕੇ ਹਨ ਤੇ ਵਿਸ਼ਵ ਦੇ ਕਿਸਾਨਾਂ ਅਤੇ ਮੱਧ ਵਰਗੀ ਵਪਾਰ ਨੂੰ ਡੋਬਣ 'ਤੇ ਤੁਲੇ ਹੋਏ ਹਨ। ਉਨ੍ਹਾਂ ਕਿਹਾ ਕਿ ਡੋਨਾਲਡ ਟਰੰਪ ਦੇ ਦੂਸਰੀ ਵਾਰ ਰਾਸ਼ਟਰਪਤੀ ਚੁਣੇ ਜਾਣ ਤੋਂ ਬਾਅਦ ਉਹ ਪੂਰੀ ਦੁਨੀਆ ਦਾ ਲਾਣੇਦਾਰ ਬਣਿਆ ਹੋਇਆ ਹੈ ਅਤੇ ਆਪਣੇ ਵਪਾਰਕ ਹਿੱਤਾਂ ਦੀ ਪੂਰਤੀ ਲਈ ਉਹ ਭਾਰਤ ਸਰਕਾਰ 'ਤੇ ਵੱਖ ਵੱਖ ਤਰ੍ਹਾਂ ਦਾ ਦਬਾਅ ਬਣਾ ਰਿਹਾ ਹੈ। ਕੇਂਦਰ ਦੀ ਮੋਦੀ ਸਰਕਾਰ ਦੇਸ਼ ਹਿੱਤਾਂ ਦੀ ਬਜਾਏ ਅਮਰੀਕਾ ਅੱਗੇ ਧੋਣ ਸਿੱਟ ਕੇ ਬੈਠੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇਕਰ ਅਮਰੀਕਾ ਦੀਆਂ ਨੀਤੀਆਂ ਨੂੰ ਦੇਸ਼ ਅੰਦਰ ਲਾਗੂ ਕੀਤਾ ਗਿਆ ਤਾਂ ਪਹਿਲਾਂ ਤੋਂ ਹੀ ਆਰਥਿਕ ਮੰਦਹਾਲੀ ਦਾ ਸ਼ਿਕਾਰ ਭਾਰਤ ਦਾ ਸਮੁੱਚਾ ਖੇਤੀ ਸੈਕਟਰ ਬੁਰੀ ਤਰ੍ਹਾਂ ਕੰਗਾਲ ਹੋ ਜਾਵੇਗਾ। ਕਿਸਾਨ ਆਗੂਆਂ ਨੇ ਚਿੰਤਾ ਜ਼ਾਹਰ ਕੀਤੀ ਕਿ ਜੇਕਰ ਬੀਜਾਂ, ਰਸਾਇਣਕ ਖਾਦਾਂ ਤੇ ਖੇਤੀ ਦਵਾਈਆਂ 'ਤੇ ਸਬਸਿਡੀ ਖਤਮ ਜਾਂ ਘੱਟ ਕੀਤੀ ਗਈ ਤਾਂ ਕਿਸਾਨਾਂ ਨੂੰ ਖੇਤੀ ਕਰਨੀ ਮੁਸ਼ਕਲ ਹੋ ਜਾਵੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਕਿਸਾਨ ਮਾਰੂ ਨੀਤੀਆਂ ਖਿਲਾਫ ਹਾੜ੍ਹੀ ਦੇ ਸੀਜ਼ਨ ਤੋਂ ਬਾਅਦ ਸੰਯੁਕਤ ਕਿਸਾਨ ਮੋਰਚਾ ਵੱਡੇ ਪੱਧਰ 'ਤੇ ਸੰਘਰਸ਼ ਵਿੱਢੇਗਾ। ਪ੍ਰਦਰਸ਼ਨ ਦੌਰਾਨ ਰੂਪ ਸਿੰਘ ਢਿੱਲੋਂ, ਭੋਲਾ ਸਿੰਘ ਸਮਾਉਂ, ਬਲਦੇਵ ਸਿੰਘ, ਅਜੈਬ ਸਿੰਘ ਭੀਖੀ, ਅਮੋਲਕ ਸਿੰਘ ਖੀਵਾ, ਰਜਿੰਦਰ ਸਿੰਘ ਹੀਰੋਂ ਕਲਾਂ, ਸੁਖਦੇਵ ਸਿੰਘ ਸਮਾਉਂ, ਰਣ ਸਿੰਘ, ਕਰਨੈਲ ਸਿੰਘ, ਜਗਜੀਤ ਸਿੰਘ ਧਲੇਵਾਂ, ਬਿੰਦਰ ਸਿੰਘ ਭੀਖੀ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

ਪਟਿਆਲਾ (ਰਾਜਿੰਦਰ ਸਿੰਘ ਬਿੰਦ) : ਪਟਿਆਲਾ ਦੇ ਪੁੱਡਾ ਗਰਾਊਂਡ ਵਿਖੇ ਕਿਸਾਨਾਂ ਨੇ ਇਕੱਠੇ ਹੋ ਕੇ ਭਾਰਤ ਤੇ ਅਮਰੀਕਾ ਵਿਚਾਲੇ ਹੋ ਰਹੇ ਸਮਝੌਤੇ ਖਿਲਾਫ ਜ਼ੋਰਦਾਰ ਪ੍ਰਦਰਸ਼ਨ ਕੀਤਾ। ਕਿਸਾਨ ਆਗੂਆਂ ਨੇ ਦੱਸਿਆ ਕਿ ਜੋ ਸਮਝੌਤਾ ਸਰਕਾਰਾਂ ਕਰ ਰਹੀਆਂ ਹਨ, ਉਸ ਨਾਲ ਆਮ ਲੋਕਾਂ ਦਾ ਬਹੁਤ ਨੁਕਸਾਨ ਹੋਣਾ ਹੈ। ਸਾਰੇ ਵਰਗਾਂ ਦੀਆਂ ਮੁਸ਼ਕਲਾਂ ਵਧਣਗੀਆਂ। ਆਗੂਆਂ ਨੇ ਕਿਹਾ ਕਿ ਸਰਕਾਰਾਂ ਤੇ ਪਹਿਲਾਂ ਹੀ ਲੋਕਾਂ ਦੀ ਉਜ਼ਰਤ ਨੂੰ ਲੁੱਟ ਰਹੀਆਂ ਹਨ। ਉਪਰੰਤ ਪੁੱਡਾ ਗਰਾਊਂਡ ਤੋਂ ਕਿਸਾਨ ਇਕੱਠੇ ਹੋ ਕੇ ਕਾਫਲੇ ਦੇ ਰੂਪ ਵਿੱਚ ਡੀ ਸੀ ਦਫਤਰ ਅੱਗੇ ਆ ਕੇ ਭਾਰਤ ਤੇ ਅਮਰੀਕਾ ਸਰਕਾਰ ਦਾ ਪੁਤਲਾ ਫੂਕਿਆ। ਇਸ ਮੌਕੇ ਡਾਕਟਰ ਦਰਸ਼ਨ ਪਾਲ ਕੌਮੀ ਕਨਵੀਨਰ ਸੰਯੁਕਤ ਕਿਸਾਨ ਮੋਰਚਾ, ਮਾਸਟਰ ਬਲਰਾਜ ਜੋਸ਼ੀ, ਅਵਤਾਰ ਸਿੰਘ ਕੋਰਜੀਵਾਲਾ, ਸੁਖਮਿੰਦਰ ਸਿੰਘ ਬਾਰਨ, ਹਰਭਗਵਾਨ ਸਿੰਘ ਖੇੜੀ ਮਾਨੀਆਂ ਤੇ ਹੋਰ ਕਿਸਾਨ ਹਾਜ਼ਰ ਸਨ।

ਬੁਢਲਾਡਾ (ਅਸ਼ੋਕ ਲਾਕੜਾ) : ਸੰਯੁਕਤ ਮੋਰਚੇ ਦੇ ਸੱਦੇ 'ਤੇ ਬੁਢਲਾਡਾ ਦਾਣਾ ਮੰਡੀ ਵਿੱਚ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਕੁੱਲ ਹਿੰਦ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੂਟਾ ਬੁਰਜਗਿੱਲ, ਜਮਹੂਰੀ ਕਿਸਾਨ ਸਭਾ, ਪੰਜਾਬ ਕਿਸਾਨ ਯੂਨੀਅਨ, ਆੜ੍ਹਤੀਆ ਐਸੋਸੀਏਸ਼ਨ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂਆਂ ਨੇ ਇਕੱਠੇ ਹੋ ਕੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਤੇ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ ਦੀ ਅਰਥੀ ਸਾੜੀ, ਕਿਉਂਕਿ ਜੋ ਟਰੰਪ ਨੇ ਹੋਰ ਦੇਸ਼ਾਂ ਸਮੇਤ ਭਾਰਤ ਦੀਆਂ ਵਸਤੂਆਂ 'ਤੇ 26 ਪ੍ਰਤੀਸ਼ਤ ਟੈਕਸ ਲਗਾਇਆ ਹੈ, ਇਸ ਦਾ ਸਖਤ ਸ਼ਬਦਾਂ ਵਿੱਚ ਵਿਰੋਧ ਕੀਤਾ ਗਿਆ। ਪੁਤਲੇ ਸਾੜਨ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਜ਼ਿਲ੍ਹਾ ਖਜ਼ਾਨਚੀ ਦੇਵੀਰਾਮ ਰੰਘੜਿਆਲ, ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ, ਬਲਾਕ ਮੀਤ ਪ੍ਰਧਾਨ ਤੇਜਰਾਮ ਅਹਿਮਦਪੁਰ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ ਫਫੜੇ ਭੱਲਮ ਫਫੜੇ ਭਾਈਕੇ ਧੰਨਾ ਸਿੰਘ ਟਾਹਲੀਆ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜਗਿੱਲ ਦੇ ਸੂਬਾ ਆਗੂ ਲਛਮਣ ਸਿੰਘ ਚੱਕ ਅਲੀਸ਼ੇਰ, ਸੱਤਪਾਲ ਸਿੰਘ ਵਰੇ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ

ਮੋਗਾ

ਦੇ ਪ੍ਰਸ਼ੋਤਮ ਸਿੰਘ ਉੱਡਤ, ਰਘਵੀਰ ਸਿੰਘ ਸ਼ੇਰਖਾਂ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਦਿਲਬਾਗ ਸਿੰਘ ਗੱਗੀ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਹਰਮੀਤ ਸਿੰਘ ਤੇ ਸੁਖਦੇਵ ਸਿੰਘ ਬੋੜਾਵਾਲ, ਆੜ੍ਹਤੀਆ ਐਸੋਸੀਏਸ਼ਨ ਦੇ ਰਜਿੰਦਰ ਸਿੰਘ ਸੋਨੀ ਇਨਕਲਾਬੀ ਕੇਂਦਰ ਪੰਜਾਬ ਦੇ ਭੀਮ ਸਿੰਘ ਮੰਡੇਰ ਆਦਿ ਹਾਜ਼ਰ ਸਨ।

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਭਾਰਤ ਦੇਸ਼ ਉੱਪਰ ਟੈਰਿਫ਼ ਲਗਾਉਣ ਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਫੈਸਲੇ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਕਿਸਾਨਾਂ ਵੱਲੋਂ ਡੀ ਸੀ ਦਫਤਰ ਦੇ ਬਾਹਰ ਟਰੰਪ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ।ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੇ ਦੋਵਾਂ ਸਰਕਾਰਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਅਵਤਾਰ ਮਹਿਮਾ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ ਰੱਵਾਈਏ ਨਾਲ ਸਾਡੇ ਮੁਲਕ ਦੇ ਸਾਰੇ ਕਰੋਬਾਰ ਉੱਪਰ ਡੂੰਘਾ ਅਸਰ ਪਵੇਗਾ।ਨਿਰਯਾਤ ਵਿੱਚ ਭਾਰੀ ਗਿਰਾਵਟ ਆਵੇਗੀ ਤੇ ਬੇਰੁਜ਼ਗਾਰੀ ਵਧੇਗੀ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਅਮਰੀਕੀ ਸਰਕਾਰ ਵੱਲੋਂ ਇਹ ਵੀ ਬਿਆਨ ਦਿੱਤਾ ਗਿਆ ਸੀ ਕਿ ਜੇਕਰ ਭਾਰਤ ਸਰਕਾਰ ਟੈਕਸ ਤੋਂ ਬਚਣਾ ਚਾਹੁੰਦੀ ਹੈ ਤਾਂ ਖੇਤੀ ਖੇਤਰ ਵਿੱਚ ਅਮਰੀਕੀ ਵਸਤੂਆਂ ਦੇ ਆਯਾਤ ਉੱਪਰ ਟੈਕਸ ਉੱਪਰ ਛੋਟ ਦੇਵੇ।ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਦੀ ਸਰਕਾਰ ਵੱਲੋਂ ਇਸ ਵਾਸਤੇ ਸਹਿਮਤੀ ਦੇ ਦਿੱਤੀ ਗਈ ਹੈ, ਪਰ ਇਸ ਸੰਬੰਧੀ ਭਾਰਤ ਸਰਕਾਰ ਚੁੱਪ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਅਜਿਹਾ ਹੁੰਦਾ ਹੈ ਤਾਂ ਪਹਿਲਾਂ ਤੋਂ ਹੀ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਭਾਰਤ ਦੇ ਕਿਸਾਨ ਹੋਰ ਬਰਬਾਦ ਹੋਣਗੇ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਇਸ ਮਸਲੇ ਤੇ ਆਪਣੀ ਚੁੱਪ ਤੋੜੇ ਤੇ ਭਾਰਤ ਦੇ ਕਿਸਾਨਾਂ ਅਤੇ ਦੇਸ਼ ਦੇ ਲੋਕਾਂ ਦੇ ਹਿੱਤ ਸੁਰੱਖਿਅਤ ਕਰੇ। ਇਸ ਮੌਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਅਵਤਾਰ ਮਹਿਮਾ ਸੂਬਾ ਪ੍ਰੈੱਸ ਸਕੱਤਰ, ਦਿਲਬਾਗ ਸਿੰਘ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਗੁਰਜੱਜ ਸਿੰਘ ਬਲਾਕ ਪ੍ਰਧਾਨ ਘੱਲ ਖੁਰਦ, ਜਸਵੀਰ ਸਿੰਘ ਬਲਾਕ ਖਜ਼ਾਨਚੀ, ਰਣਜੀਤ ਸਿੰਘ ਬਲਾਕ ਮੀਤ ਪ੍ਰਧਾਨ, ਓਮ ਪ੍ਰਕਾਸ਼ ਬਲਾਕ ਪ੍ਰਧਾਨ ਮਮਦੋਟ, ਹੰਸਾ ਸਿੰਘ, ਹਾਕਮ ਸਿੰਘ ਸਾਂਦੇ ਹਾਸ਼ਮ, ਕਰਨੈਲ ਸਿੰਘ ਕਾਕੂਵਾਲਾ, ਹਾਕਮ ਸਿੰਘ ਕਾਕੂਵਾਲਾ ਗੁਰਮਖ ਸਿੰਘ ਯਾਰੇਸ਼ਾਹ, ਮੰਗਤ ਰਾਮ, ਲਖਵਿੰਦਰ ਸਿੰਘ ਕਰਮੂਵਾਲਾ ਜ਼ਿਲ੍ਹਾ ਪ੍ਰਧਾਨ ਬੀਕੇਯੂ ਤੋਤੇਵਾਲ, ਕੁਲਵੰਤ ਸਿੰਘ ਬਲਾਕ ਆਗੂ ਮਮਦੋਟ, ਗੁਰਵਿੰਦਰ ਸਿੰਘ ਜ਼ਿਲ੍ਹਾ ਸਕੱਤਰ, ਤਰਨਵੀਰ ਸਿੰਘ ਬਲਾਕ ਪ੍ਰਧਾਨ ਘੱਲ ਆਦਿ ਆਗੂ ਹਾਜ਼ਰ ਸਨ।

ਦਿੜ੍ਹਬਾ (ਜਸਵੀਰ ਲਾਡੀ) : ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਸਾਂਝੀਆਂ ਜਥੇਬੰਦੀਆਂ ਵੱਲੋਂ ਤਾਲਮੇਲਵਾਂ ਐਕਸ਼ਨ ਕਰਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਮਿਸ਼ਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਹੇਠ ਐੱਸ ਡੀ ਐੱਮ ਦਫ਼ਤਰ ਅੱਗੇ ਭਾਰੀ ਇਕੱਠ ਕਰਕੇ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟ੍ਰੰਪ ਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ। ਇਸ ਮੌਕੇ ਬਲਾਕ ਦਿੜ੍ਹਬਾ ਦੇ ਆਗੂ ਹਰਜੀਤ ਸਿੰਘ ਮਹਿਲਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਚੈਪਟਰ ਨਾਲ ਸਾਂਝੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਸੀ ਕਿ 4 ਅਪ੍ਰੈਲ ਨੂੰ ਜ਼ਿਲ੍ਹਾ ਜਾਂ ਤਹਿਸੀਲ ਕੇਂਦਰਾਂ ਵਿੱਚ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲੇ ਫੂਕੇ ਜਾਣਗੇ, ਕਿਉਂਕਿ ਅਮਰੀਕਾ ਵੱਲੋਂ ਭਾਰਤ ਤੋਂ ਖ਼੍ਰੀਦੀਆਂ ਜਾਣ ਵਾਲੀਆਂ ਵਸਤਾਂ ਸਮੇਤ ਖੇਤੀ ਵਸਤਾਂ 'ਤੇ 100% ਟੈਕਸ ਲਾਉਣ ਦਾ ਦਬਾਅ ਪਾਉ ਫੈਸਲਾ ਲਾਗੂ ਕੀਤਾ ਗਿਆ ਹੈ।ਅਮਰੀਕਾ ਤੋਂ ਭਾਰਤ ਨੂੰ ਬਰਾਮਦ ਹੋਣ ਵਾਲੀਆਂ ਕਣਕ ਤੇ ਹੋਰ ਕਈ ਖੇਤੀ ਵਸਤਾਂ 'ਤੇ ਭਾਰਤ ਵੱਲੋਂ ਟੈਕਸ ਘਟਾਉਣ ਜਾਂ ਟੈਕਸ ਮੁਕਤ ਕਰਨ ਸੰਬੰਧੀ ਦੁਵੱਲੇ ਸਮਝੌਤੇ ਬਾਰੇ ਵਿਚਾਰ ਚਰਚਾ ਲਈ ਭਾਰਤੀ ਵਿਦੇਸ਼ ਮੰਤਰੀ ਦੀ ਅਮਰੀਕਾ ਫੇਰੀ ਤੇ ਅਮਰੀਕੀ ਵਪਾਰਕ ਵਫ਼ਦ ਦੀ ਭਾਰਤ ਫੇਰੀ ਉੱਤੇ ਮੋਦੀ ਸਰਕਾਰ ਦੀ ਮੁਜਰਮਾਨਾ ਚੁੱਪ ਸਮਝੌਤੇ ਬਾਰੇ ਸਹਿਮਤੀ ਵੱਲ ਇਸ਼ਾਰਾ ਕਰਦੀ ਹੈ। ਬਲਾਕ ਆਗੂ ਅਮਨਦੀਪ ਸਿੰਘ ਮਹਿਲਾਂ ਨੇ ਕਿਹਾ ਕਿ ਦੋਨਾਂ ਕਦਮਾਂ ਨਾਲ ਭਾਰਤ ਤੋਂ ਮੱਕੀ ਸਮੇਤ ਕਈ ਫਸਲਾਂ ਦੀ ਬਰਾਮਦ ਉੱਤੇ ਘੱਟ ਰੇਟਾਂ 'ਤੇ ਖ਼੍ਰੀਦ ਰਾਹੀਂ ਮਾਰੂ ਅਸਰ ਪਵੇਗਾ ਤੇ ਭਾਰਤ ਦੇ ਕਿਸਾਨ ਲੁੱਟੇ ਜਾਣਗੇ। ਇਸ ਮੌਕੇ ਬਲਾਕ ਆਗੂ ਦਿੜ੍ਹਬਾ ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੁੰਗਾਂ, ਮੇਜਰ ਸਿੰਘ ਕੌਹਰੀਆਂ, ਪਰਮਜੀਤ ਸਿੰਘ ਛਾਹੜ, ਅਮਰਜੀਤ ਸਿੰਘ ਛਾਹੜ, ਜਗਜੀ

5- April - Page - 6.qxd 4/4/2025 11:03 PM Page 1

ਐੱਨ ਜੀ ਓਜ਼ ਨੂੰ ਵਿੱਤੀ ਸਹਾਇਤਾ ਲਈ 80 ਲੱਖ ਰੁਪਏ ਦੀ ਗ੍ਰਾਂਟ ਜਾਰੀ : ਡਾ. ਬਲਜੀਤ ਕੌਰ

ਮਲੋਟ, (ਗੁਰਮੀਤ ਸਿੰਘ ਮੱਕੜ)-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਨਰਮੰਦ ਤੇ ਆਤਮਨਿਰਭਰ ਬਣਾਉਣ ਦੇ ਉਦੇਸ਼ ਨਾਲ ਐੱਨ ਜੀ ਓਜ਼ (ਗੈਰ-ਸਰਕਾਰੀ ਸੰਸਥਾਵਾਂ) ਨੂੰ 80 ਲੱਖ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਹੈ।

ਇਹ ਜਾਣਕਾਰੀ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਐੱਨ ਜੀ ਓਜ਼ ਰਾਹੀਂ ਨੌਜਵਾਨਾਂ ਤੇ ਮਹਿਲਾਵਾਂ ਨੂੰ ਕਟਿੰਗ-ਟੇਲਰਿੰਗ, ਫੈਸ਼ਨ ਡਿਜ਼ਾਇਨਿੰਗ, ਕੰਪਿਊਟਰ, ਟੈਲੀ ਟ੍ਰੇਨਿੰਗ ਤੇ ਬਿਊਟੀ ਥੈਰੇਪਿਸਟ ਟ੍ਰੇਨਿੰਗ ਵਰਗੇ ਕੋਰਸਾਂ ਰਾਹੀਂ ਸਵੈ-ਰੋਜ਼ਗਾਰ ਦੇ ਯੋਗ ਬਣਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀਆਂ 4 ਗੈਰ-ਸਰਕਾਰੀ ਸੰਸਥਾਵਾਂ ਨੂੰ ਕਟਿੰਗ ਐਂਡ ਟੇਲਰਿੰਗ, ਫੈਸ਼ਨ ਡਿਜ਼ਾਇਨਿੰਗ ਤੇ ਕੰਪਿਊਟਰ ਟ੍ਰੇਨਿੰਗ ਪ੍ਰਾਜੈਕਟਾਂ ਲਈ 40 ਲੱਖ ਰੁਪਏ ਜਾਰੀ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸੰਗਰੂਰ ਜ਼ਿਲ੍ਹੇ ਦੀ ਇੱਕ ਸੰਸਥਾ ਨੂੰ ਕਟਿੰਗ ਐਂਡ ਟੇਲਰਿੰਗ ਕੋਰਸ ਲਈ 10 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੀਆਂ 3 ਗੈਰ-ਸਰਕਾਰੀ ਸੰਸਥਾਵਾਂ ਨੂੰ ਇਨ੍ਹਾਂ ਕੋਰਸਾਂ ਲਈ 30 ਲੱਖ ਰੁਪਏ ਜਾਰੀ ਕੀਤੇ ਗਏ ਹਨ ਤਾਂ ਜੋ ਇਨ੍ਹਾਂ ਜ਼ਿਲ੍ਹਿਆਂ ਦੇ ਨੌਜਵਾਨ ਆਪਣੀ ਆਜੀਵਿਕਾ ਕਮਾਉਣ ਲਈ ਸਮੱਰਥ ਬਣ ਸਕਣ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜਿਕ ਵਿਕਾਸ ਤੇ ਨੌਜਵਾਨਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਨਿਰੰਤਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸਕੀਮਾਂ ਰਾਹੀਂ ਸੂਬੇ ਦੇ ਨੌਜਵਾਨਾਂ ਨੂੰ ਆਤਮਨਿਰਭਰ ਬਣਾਉਣ ਲਈ ਲਗਾਤਾਰ ਉਪਰਾਲੇ ਜਾਰੀ ਰਹਿਣਗੇ।

ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਮੀਟਿੰਗ ਭਲਕੇ

ਝਬਾਲ (ਹਰਜਿੰਦਰ ਸਿੰਘ ਸੋਨੀ)- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਮਿਤੀ 6 ਅਪ੍ਰੈਲ ਦਿਨ ਐਤਵਾਰ ਨੂੰ ਠੀਕ 11 ਵਜੇ ਪੁਤਲੀਘਰ ਦਫਤਰ ਵਿਖੇ ਹੋਵੇਗੀ। ਇਸ ਦੀ ਜਾਣਕਾਰੀ ਪ੍ਰੈੱਸ ਨੂੰ ਰਿਲੀਜ਼ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਜਥੇਬੰਦੀ ਦੀ ਮੈਂਬਰਸ਼ਿਪ ਅਤੇ ਫੰਡ ਮੁਹਿੰਮ ਨੂੰ ਪਿੰਡਾਂ ਵਿੱਚ ਚਲਾਉਣ ਲਈ ਜਥੇਬੰਦਕ ਪ੍ਰੋਗਰਾਮ ਉਲੀਕੇ ਜਾਣਗੇ।ਸਾਰੇ ਮੈਂਬਰਾਂ ਨੂੰ ਪਿੰਡਾਂ ਵਿਚੋਂ ਕੀਤੀ ਹੋਈ ਮੈਂਬਰਸ਼ਿਪ ਨੂੰ ਮੀਟਿੰਗ ਵਿੱਚ ਲੈ ਕੇ ਆਉਣ ਦੀ ਅਪੀਲ ਹੈ।

COURT NOTICE

(U/o 5 Rule 20 Cpc)
In The Court of
Sh. Munish Garg Civil Judge (Senior Division), Barnala
CNR No. PBBR02-002021-2024
Next Date: 01-05-2025
Krishan Singh
Vs.
General Public
Publication Issued To:
General Public
:- Barnala

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 01-05-2025 at 10:00 a.m.

For details logon to https://highcourtchd.gov.in/?mod=district_notice & district=mogacourt

Civil Judge (Senior Division), Barnala
Dated, this day of 03-04-2025

COURT NOTICE

(U/o 5 Rule 20 CPC)
(Succession Case)
In The Court of
Ms. Harpreet Kaur-I
Civil Judge (Senior Division), Jalandhar
CNR No. PBJL02-000475-2025
Next Date:- 10-07-2025
SUCC/7/2025
Baljinder Singh
Vs.
General Public

Petition for grant of succession Certificate Under Section 372 of Indian Succession Act.

Notice To:
General Public
: - General Public

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 10-07-2025 at 10 a.m.

For details logon to https://highcourtchd.gov.in/?mod=district_notice&district=Jalandhar

Civil Judge (Senior Division) Jalandhar
Dated, this day of 29-03-2025

ਪਬਲਿਕ ਨੋਟਿਸ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ 1 ਸਬ ਤਹਿਸੀਲ ਝਬਾਲ ਤੇ ਜ਼ਿਲ੍ਹਾ ਤਰਨ ਤਾਰਨ

1) ਸੁਖਵੰਤ ਸਿੰਘ 17/4832 ਹਿੱਸਾ, ਭਗਵੰਤ ਸਿੰਘ 17/4832 ਹਿੱਸਾ, ਬਲਵੰਤ ਸਿੰਘ 18/4832 ਹਿੱਸਾ ਪੁੱਤਰਾਨ ਬਾਵਾ ਸਿੰਘ ਪੁੱਤਰ ਆਸਾ ਸਿੰਘ ਪਿੰਡ ਮਾਣਕਪੁਰਾ (ਸਰਾਏ ਅਮਾਨਤ ਖਾਂ), ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ।

ਮੁਦਈਆ ਬਨਾਮ

1) ਭਗਵੰਤ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਨੱਥਾ ਸਿੰਘ 2) ਦਿਲਬਾਗ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਨੱਥਾ ਸਿੰਘ 3) ਜੈਮਲ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਨੱਥਾ ਸਿੰਘ 4) ਸੁਰਿੰਦਰ ਸਿੰਘ ਪੁੱਤਰ ਭਗਵੰਤ ਸਿੰਘ ਪੁੱਤਰ ਮੋਹਨ ਸਿੰਘ 5) ਗੁਰਸੇਵਕ ਸਿੰਘ ਪੁੱਤਰ ਬਲਬੀਰ ਸਿੰਘ ਪੁੱਤਰ ਤਾਰਾ ਸਿੰਘ 6) ਅਮਰੀਕ ਸਿੰਘ ਪੁੱਤਰ ਸ. ਠਾਕੁਰ ਸਿੰਘ ਪੁੱਤਰ ਤਾਰਾ ਸਿੰਘ 7) ਦਿਲਬਾਗ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਠਾਕੁਰ ਸਿੰਘ 8) ਸੁਖਚੈਨ ਸਿੰਘ ਪੁੱਤਰ ਸ. ਮੋਹਨ ਸਿੰਘ ਪੁੱਤਰ ਨੱਥਾ ਸਿੰਘ 9) ਗੁਰਨਾਮ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਫੌਜਾ ਸਿੰਘ 10) ਪ੍ਰਸ਼ੋਤਮ ਸਿੰਘ ਪੁੱਤਰ ਸ. ਜੋਗਿੰਦਰ ਸਿੰਘ ਪੁੱਤਰ ਫੌਜਾ ਸਿੰਘ 11) ਪ੍ਰਿਸਪਾਲ ਸਿੰਘ ਪੁੱਤਰ ਅਮਰਜੀਤ ਸਿੰਘ ਪੁੱਤਰ ਕਰਤਾਰ ਸਿੰਘ 12) ਜਗਮੀਤ ਸਿੰਘ ਪੁੱਤਰ ਉੱਕਾਰ ਸਿੰਘ ਪੁੱਤਰ ਕਰਤਾਰ ਸਿੰਘ 13) ਗੁਰਨਾਮ ਕੌਰ ਪਤਨੀ ਅਮਰੀਕ ਸਿੰਘ ਪੁੱਤਰ ਠਾਕੁਰ ਸਿੰਘ 14) ਯੋਧਬੀਰ ਸਿੰਘ ਪੁੱਤਰ ਉੱਕਾਰ ਸਿੰਘ ਪੁੱਤਰ ਕਰਤਾਰ ਸਿੰਘ 15) ਅੰਮ੍ਰਿਤਪਾਲ ਸਿੰਘ ਪੁੱਤਰ ਅਮਰਜੀਤ ਸਿੰਘ ਪੁੱਤਰ ਕਰਤਾਰ ਸਿੰਘ 16) ਸਿਮਰਜੀਤ ਕੌਰ ਪਤਨੀ ਪਲਵਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ 17 ਜਸਬੀਰ ਕੌਰ ਪਤਨੀ ਸਲਵਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ 18) ਰਣਜੀਤ ਕੌਰ ਪਤਨੀ ਮਹਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ 19) ਦਿਲਬਾਗ ਸਿੰਘ ਪੁੱਤਰ ਸ. ਮੋਹਨ ਸਿੰਘ ਪੁੱਤਰ ਠਾਕਰ ਸਿੰਘ 20) ਸੁਖਵਿੰਦਰ ਸਿੰਘ ਪੁੱਤਰ ਤਰਲੋਚਨ ਸਿੰਘ ਪੁੱਤਰ ਤਾਰਾ ਸਿੰਘ 21) ਗੁਰਸ਼ਰਨ ਸਿੰਘ ਪੁੱਤਰ ਤਰਲੋਚਨ ਸਿੰਘ ਪੁੱਤਰ ਤਾਰਾ ਸਿੰਘ 22) ਸਵਿੰਦਰ ਸਿੰਘ ਪੁੱਤਰ ਤਰਲੋਚਨ ਸਿੰਘ ਪੁੱਤਰ ਤਾਰਾ ਸਿੰਘ 23) ਗੁਰਚਰਨ ਕੌਰ ਵਿਧਵਾ ਤਰਲੋਚਨ ਸਿੰਘ ਪੁੱਤਰ ਤਾਰਾ ਸਿੰਘ (24) ਗੁਰਸ਼ਰਨ ਸਿੰਘ ਪੁੱਤਰ ਸਲੱਖਣ ਸਿੰਘ ਪੁੱਤਰ ਠਾਕਰ ਸਿੰਘ 25) ਕਿਰਪਾਲ ਸਿੰਘ ਪੁੱਤਰ ਸਲੱਖਣ ਸਿੰਘ ਪੁੱਤਰ ਠਾਕੁਰ ਸਿੰਘ 26) ਗੁਰਿੰਦਰ ਸਿੰਘ ਪੁੱਤਰ ਸਲੱਖਣ ਸਿੰਘ ਪੁੱਤਰ ਠਾਕੁਰ ਸਿੰਘ 27) ਕਰਨਬੀਰ ਸਿੰਘ ਪੁੱਤਰ ਸੁਖਬੀਰ ਸਿੰਘ ਪੁੱਤਰ ਸਲੱਖਣ ਸਿੰਘ 28) ਸੰਦੀਪ ਸਿੰਘ ਪੁੱਤਰ ਸੁਖਬੀਰ ਸਿੰਘ ਪੁੱਤਰ ਸਲੱਖਣ ਸਿੰਘ 29) ਪਲਵਿੰਦਰਜੀਤ ਕੌਰ ਵਿਧਵਾ ਸੁਰਿੰਦਰ ਸਿੰਘ ਪੁੱਤਰ ਸਲੱਖਣ ਸਿੰਘ 30) ਕਿਰਪਾਲ ਸਿੰਘ ਪੁੱਤਰ ਸ. ਗੁਰਚਰਨ ਸਿੰਘ ਪੁੱਤਰ ਭਾਨ ਸਿੰਘ 31) ਅਮਨਜੀਤ ਕੌਰ ਪਤਨੀ ਦਲਬੀਰ ਸਿੰਘ ਪੁੱਤਰ ਸਰੂਪ ਸਿੰਘ ਵਾਸੀਆਨ ਪਿੰਡ ਮਾਣਕਪੁਰਾ ਸਰਾਏ ਅਮਾਨਤ ਖਾਂ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ।

ਮੁਦਲੇਹ ਵਿਸ਼ਾ ਬਰਾਏ ਤਕਸੀਮ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੀਨਿਊ ਐਕਟ 1887 ਭੂਮੀ ਤਦਾਦੀ 241 ਕਨਾਲ 12 ਮਰਲੇ ਖਾਤਾ ਨੰਬਰ 35/210 ਖਸਰਾ ਨੰਬਰ 17//20(7-4), 9//21(7-4), 17//10 ਮਿੰਨ(3-10), 17//11 ਮਿੰਨ (2-18), 17//12(8-0), 28//3(8-0), 28//4(8-0), 28//5(7-12), 28//6(7-12), 28//7(8-0), 28//8(8-0), 28//13(8-0), 9//9(5-2), 9//10(3-4), 9//11/1(5-16), 9//12(8-0), 9//13/1(1-8), 9//20/2(0-12), 17//21(7-4), 28//1(7-4), 28//2(8-0), 28//10(7-4), 28//11(7-4), 28//11(7-4), 28//12 ਮਿੰਨ ਲਹਿੰਦਾ (2-0), 10//6(1-7), 17//19(8-0), 17//22(8-0), 28//9(8-0), 28//12 ਮਿੰਨ ਚੜ੍ਹਦਾ (6-0), 17//1(6-16), 17//2(7-11), 17//9 (8-0), 17//10 ਮਿੰਨ ਦੱਖਣ (3-14), 17//11 ਮਿੰਨ ਦੱਖਣ (4-6), 9//11/2(1-8), 9//20/1(6-12), 17//8/2(2-8), 235(2-10), 74//1/1(0-5), 6//21/1(7-5), 63//25/2(2-8), 64//22/1 (2-4), 92//1/2(4-0), 92//10/1(4-0) ਕੁਲ ਰਕਬਾ 241 ਕਨਾਲ 12 ਮਰਲੇ ਮੁਤਾਬਿਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਪਿੰਡ ਸਰਾਏ ਅਮਾਨਤ ਖਾਂ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਹਦਬਸਤ ਨੰਬਰ 173 ਹੈ, ਜਿਸ ਦਾ ਵੇਰਵਾ ਦਰਖਾਸਤ ਵਿਚ ਹੈਡਿੰਗ ਵਿਚ ਦਿੱਤਾ ਗਿਆ ਹੈ, ਵਿਚੋਂ ਦਰਖਾਸਤ ਕਰਤਾ ਸਾਇਲ ਧਿਰ ਸੁਖਦੇਵ ਸਿੰਘ 17/4832 ਹਿੱਸਾ, ਭਗਵੰਤ ਸਿੰਘ 17/4832 ਹਿੱਸਾ, ਬਲਵੰਤ ਸਿੰਘ 18/4832 ਹਿੱਸਾ ਪੁੱਤਰਾਨ ਬਾਵਾ ਸਿੰਘ ਪੁੱਤਰ ਆਸਾ ਸਿੰਘ ਪਿੰਡ ਮਾਣਕਪੁਰਾ (ਸਰਾਏ ਅਮਾਨਤ ਖਾਂ) ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਇਤਕਾਲ ਨੰਬਰ 5046 ਮੁਤਾਬਿਕ ਹਿੱਸਾ (2-12) ਆਉਂਦਾ ਹੈ।ਕੇਸ ਤਕਸੀਮ ਅਨੁਸਾਰ ਇਸ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਉਪਰੋਕਤ ਦੇ ਵਾਰਸਾਂ ਨੂੰ ਇਸ ਤਕਸੀਮ ਦੀ ਕਾਰਵਾਈ ਕਰਨ ਪ੍ਰਤੀ ਕੋਈ ਇਤਰਾਜ਼ ਹੋਵੇ, ਉਹ ਅਸਲਤਨ/ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿਚ ਹਾਜ਼ਰ ਆ ਕੇ ਆਪਣਾ ਉਜ਼ਰ/ ਇਤਰਾਜ਼ ਇਸ ਇਸ਼ਤਿਹਾਰ ਦੇ ਜਨਤਕ ਹੋਣ ਉਪਰੰਤ ਮਿਤੀ 23/4/25 ਤੱਕ ਪੇਸ਼ ਕਰ ਸਕਦਾ ਹੈ, ਬਾਅਦ ਗੁਜ਼ਰਨੇ ਮੁਨਿਆਦ ਕਿਸੇ ਵੀ ਤਰ੍ਹਾਂ ਦਾ ਉਜ਼ਰ/ ਇਤਰਾਜ਼ ਨਹੀਂ ਸੁਣਿਆ ਜਾਵੇਗਾ।ਇਹ ਇਸ਼ਤਿਹਾਰ ਮੇਰੀ ਅਦਾਲਤ ਅਤੇ ਮੇਰੇ ਹਸਤਾਖਰਾਂ ਨਾਲ ਮਿਤੀ 03.04.25 ਨੂੰ ਜਾਰੀ ਕੀਤਾ ਗਿਆ ਹੈ।

ਨੰਬਰ ਰੀਡਰ: 686 ਮਿਤੀ: 03/4/2025 ਸਹੀ/-ਸਹਾਇਕ ਕੁਲੈਕਟਰ ਦਰਜਾ 1, ਝਬਾਲ ਕਲਾਂ।

COURT NOTICE

(U/o 5 Rule 20 CPC)
In The Court of
Sh. Jagmohan Singh Sanghe
Principal Judge, Family Court, Jalandhar
DMC/1747/2024
CNR No. PBJL01-012559-2024
Next Date:- 17-05-2025
Gagandeep Singh S/o Randhir Singh
Address:Village Kala Sanghian, PO Alamgir Kapurthala Through Attorney Sahil Kumar S/o Shiv Ji Lal R/o 161 Near Peer Beri Wala Globe Colony Jalandhar
Vs.
Hardeep Kaur W/o Gagandeep Singh D/o Balwinder Singh Sandhu Address Village Nihaluwala Shahkot Jalandhar

Petition Under Section 13 of Hindu Marriage Act For Dissolution of Marriage by a decree of divorce.

Publication Issued To:
Hardeep Kaur
Spouse : Gagandeep Singh D/o Balwinder Singh Sandhu Village Nihaluwala Shahkot , Jalandhar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17-05-2025 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court Jalandhar
Dated, this day of 29-03-2025

St. Soldier College
(CO-EDUCATION) BEHIND NIT, JALANDHAR

Invites Online Applications, Performa Available On College Website www.stsoldierdegreecollege.com For The Post Of

ASSISTANT PROFESSORS IN COMMERCE - 2, COMPUTER SCIENCE - 2, PHYSIOTHERAPY - 2, MATHEMATICS -1 & SOCIOLOGY – 1
ON REGULAR BASIS

Qualification and Grade as per UGC/NCTE/Punjab Govt./GNDU norms. Reservation Policy will be as per Punjab Govt. rules. Candidates must submit online, application within 15 days from the date of publication of advertisement. Candidates must fill up the Score Card Performa (as per Annexure-IV) available in CDC Portal on University Website (www.gndu.ac.in) and submit it along with the application and all testimonials.

DIRECTOR +91 98554-04206

ਪਬਲਿਕ ਨੋਟਿਸ

ICICI Bank
Registered Office: ICICI Bank Tower, Near Chakli Circle, Old Padra Road, Vadodara- 390007
Corporate Office: ICICI Bank Tower, Bandra-Kurla Complex Mumbai 400051

ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ, ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 16 ਅਪ੍ਰੈਲ 2025 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

ਕਰਜ਼ਾ ਖਾਤਾ ਨੰ.	ਗਾਹਕ ਦਾ ਨਾਂਅ
ਬਰਾਂਚ ਦਾ ਨਾਂਅ : ਮਾਨਸਾ	
044662005501	ਬਲਵਿੰਦਰ ਸਿੰਘ
ਬਰਾਂਚ ਦਾ ਨਾਂਅ : ਜ਼ੀਰਕਪੁਰ	
050762004225	ਸ਼ਿਵਾਲੀ ਸ਼ਰਮਾ
ਬਰਾਂਚ ਦਾ ਨਾਂਅ : ਰੋਪੜ	
055362002864	ਹਰਵਿੰਦਰ ਸਿੰਘ
ਬਰਾਂਚ ਦਾ ਨਾਂਅ : ਮੁਕੇਰੀਆਂ	
087762002485	ਗੁਰਦੀਪ ਸਿੰਘ
ਬਰਾਂਚ ਦਾ ਨਾਂਅ : ਲੁਧਿਆਣਾ-ਬਾਈਪਾਸ	
096662001049	ਮਨੋਜ ਕੁਮਾਰ
096662001691	ਮਨੋਜ ਕੁਮਾਰ
ਬਰਾਂਚ ਦਾ ਨਾਂਅ : ਮਲੋਟ	
151962004179	ਮਹੇਸ਼ ਕੁਮਾਰ ਜਨੇਜਾ
ਬਰਾਂਚ ਦਾ ਨਾਂਅ : ਬੋਰੋਵਾਲ	
152262000819	ਸਿਮਰਜੀਤ ਕੌਰ
ਬਰਾਂਚ ਦਾ ਨਾਂਅ : ਨੰਗਲ	
152362002767	ਨਿਖਿਲ ਸੈਣੀ

ਕਰਜ਼ਾ ਖਾਤਾ ਨੰ.	ਗਾਹਕ ਦਾ ਨਾਂਅ
ਬਰਾਂਚ ਦਾ ਨਾਂਅ : ਕਰਤਾਰਪੁਰ	
163462002236	ਸੁਖਵਿੰਦਰ ਸਿੰਘ
ਬਰਾਂਚ ਦਾ ਨਾਂਅ : ਰਈਆ	
214362004013	ਰਾਜਵਿੰਦਰ ਕੌਰ
ਬਰਾਂਚ ਦਾ ਨਾਂਅ : ਭਵਾਨੀਗੜ੍ਹ	
282962002188	ਸਤਿੰਦਰ ਸਿੰਘ
ਬਰਾਂਚ ਦਾ ਨਾਂਅ : ਧਰਮਕੋਟ, ਪੰਜਾਬ	
356262002561	ਗੁਰਵਿੰਦਰ ਸਿੰਘ
ਬਰਾਂਚ ਦਾ ਨਾਂਅ : ਅੰਮ੍ਰਿਤਸਰ-ਰਾਣੀ ਕਾ ਬਾਗ	
366762000768	ਸਮਰਜੀਤ ਸਿੰਘ
ਬਰਾਂਚ ਦਾ ਨਾਂਅ : ਝਬਾਲ	
374605000598	ਜਗਜੀਤ ਸਿੰਘ
ਬਰਾਂਚ ਦਾ ਨਾਂਅ : ਗੋਨਿਆਣਾ ਮੰਡੀ	
380362002713	ਹਰਗਿਮਰਨ ਸਿੰਘ
ਬਰਾਂਚ ਦਾ ਨਾਂਅ : ਮਮਦੋਟ	
382162004167	ਰਾਮ ਸਿੰਘ
ਬਰਾਂਚ ਦਾ ਨਾਂਅ : ਭਾਦਸੋਂ	
400562001589	ਮੰਜਰ ਖਾਨ

ਕਰਜ਼ਾ ਖਾਤਾ ਨੰ.	ਗਾਹਕ ਦਾ ਨਾਂਅ
ਬਰਾਂਚ ਦਾ ਨਾਂਅ : ਅਰਨੀਵਾਲਾ ਸ਼ੇਖ਼ ਸ਼ੁਭਾਣਾ	
411962000709	ਸੁਰਿੰਦਰ ਕੁਮਾਰ
411962003435	ਸੁਰਿੰਦਰ ਕੁਮਾਰ
ਬਰਾਂਚ ਦਾ ਨਾਂਅ : ਲੁਧਿਆਣਾ-ਵਾਇਰ ਸਟੇਸ਼ਨ	
631905016514	ਦਮਨਦੀਪ ਸਿੰਘ
ਬਰਾਂਚ ਦਾ ਨਾਂਅ : ਅੰਮ੍ਰਿਤਸਰ-ਮਜੀਠਾ ਰੋਡ	
659362601282	ਸੰਤੋਸ਼ ਕੁਮਾਰ
ਬਰਾਂਚ ਦਾ ਨਾਂਅ : ਖੰਨਾ-ਜੀ.ਟੀ. ਰੋਡ	
659662602704	ਸੰਜੀਵ ਸ਼ਰਮਾ
ਬਰਾਂਚ ਦਾ ਨਾਂਅ : ਸੈਕਟਰ-70 ਮੋਹਾਲੀ	
660062600756	ਨਵਨੀਤ ਸਿੰਘ ਬਮਰਾਹ
ਬਰਾਂਚ ਦਾ ਨਾਂਅ : ਨਿਊ ਅੰਮ੍ਰਿਤਸਰ	
733505000091	ਸਤਿੰਦਰ ਕੌਰ

ਮਿਤੀ : 05.04.2025
ਸਥਾਨ : ਅੰਮ੍ਰਿਤਸਰ, ਲੁਧਿਆਣਾ, ਮਾਨਸਾ, ਮੁਕਤਸਰ, ਪਟਿਆਲਾ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੰਗਰੂਰ, ਤਰਨ ਤਾਰਨ ਬਠਿੰਡਾ, ਫਾਜ਼ਿਲਕਾ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮੋਗਾ, ਫਿਰੋਜ਼ਪੁਰ

ਸਹੀ/ਅਧਿਕਾਰਤ ਅਫ਼ਸਰ
ਵ

5-APR-PAGE-7.qxd 4/4/2025 10:48 PM Page 1

ਗੁਰਦੁਆਰਾ ਸਾਹਿਬ ਅਕਾਲ ਜੋਤ ਸ਼ਹੀਦਾਂ ਵਿਖੇ ਢਾਡੀ ਦਰਬਾਰ ਕਰਾਇਆ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਗੁਰਦੁਆਰਾ ਸਾਹਿਬ ਅਕਾਲਜੋਤ ਸ਼ਹੀਦਾਂ ਪਿੰਡ ਛਾਪਾ ਵਿਖੇ ਗੁਰੂ ਅੰਗਦ ਦੇਵ ਜੀ ਦੇ ਜੋਤਿ ਜੋਤ ਦਿਵਸ ਤੇ ਭਾਈ ਸੁਬੇਗ ਸਿੰਘ, ਭਾਈ ਸਹਿਬਾਜ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਵਿਸਾਲ ਧਾਰਮਿਕ ਸਮਾਗਮ ਸ਼ਰਧਾ ਭਾਵਨਾ ਨਾਲ ਕਰਾਇਆ ਗਿਆ। ਸੁਖਮਨੀ ਸਾਹਿਬ ਪਾਠ ਦੇ ਭੋਗ ਉਪਰੰਤ ਵੱਖ-ਵੱਖ ਰਾਗੀ ਜਥਿਆਂ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਸਿੱਧ ਢਾਡੀ ਕਰਨੈਲ ਸਿੰਘ ਛਾਪਾ, ਢਾਡੀ ਗੁਰਜੀਤ ਸਿੰਘ ਛਾਪਾ ਦੀ ਅਗਵਾਈ ਹੇਠ ਕਰਾਏ ਗਏ ਢਾਡੀ ਦਰਬਾਰ ਵਿਚ ਪ੍ਰਸਿੱਧ ਢਾਡੀ ਇਤਿਹਾਸਕਾਰ ਜਥੇਦਾਰ ਸਾਧੂ ਸਿੰਘ ਠੁੱਲੀਵਾਲ, ਭਾਈ ਸੁਰਿੰਦਰ ਸਿੰਘ ਸਹੌਰ, ਗਿਆਨੀ ਗੁਰਮੇਲ ਸਿੰਘ ਕਾਲੇਕੇ, ਢਾਡੀ ਬਸੰਤ ਸਿੰਘ ਖੜਕਾ ਬਾਦਲ ਗੁਰਮਾਂ ਵਾਲੇ, ਢਾਡੀ ਗੁਰਜੀਤ ਸਿੰਘ ਛਾਪਾ ਆਦਿ ਜਥਿਆਂ ਨੇ ਸੂਰਮਿਆ ਦੀਆਂ ਵਾਰਾਂ ਪੇਸ਼ ਕਰਕੇ ਸਮੂਹ ਸੰਗਤਾਂ ਨੂੰ ਗੁਰੂ ਸਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਗੁਰਸਿੱਖੀ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ। ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ ਨੇ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਢਾਡੀ ਕਰਨੈਲ ਸਿੰਘ ਛਾਪਾ ਵੱਲੋਂ ਲੰਬੇ ਸਮੇਂ ਤੋਂ ਢਾਡੀ ਕਲਾ ਪ੍ਰਤੀ ਨੌਜਵਾਨ ਵਰਗ ਨੂੰ ਉਤਸ਼ਾਹਤ ਕਰਕੇ ਇਸ ਖੇਤਰ ਨਾਲ ਜੋੜਣ ਲਈ ਕੀਤੇ ਜਾ ਰਹੇ ਉਪਰਾਲੇ ਸਲਾਹੁਣਯੋਗ ਹਨ। ਉਨ੍ਹਾਂ ਤੋਂ ਸਿੱਖਿਆ ਪ੍ਰਾਪਤ ਨੌਜਵਾਨ ਦੇਸ਼ ਵਿਦੇਸ਼ਾਂ ਵਿੱਚ ਗੁਰਮਤਿ ਦਾ ਪ੍ਰਚਾਰ ਕਰ ਰਹੇ ਹਨ।

ਲਾਈਫ਼ ਲਾਈਨ ਵੈੱਲਫੇਅਰ ਕਲੱਬ ਨੇ ਲੋੜਵੰਦ ਪਰਵਾਰਾਂ ਨੂੰ ਵੰਡਿਆ ਰਾਸ਼ਨ

ਬਾਘਾ ਪੁਰਾਣਾ (ਮਨੀ ਸਿੰਗਲਾ)-ਬਾਘਾ ਪੁਰਾਣਾ ਖੇਤਰ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਈਨ ਲਾਈਨ ਵੈੱਲਫੇਅਰ ਕਲੱਬ ਇਕ ਅਜਿਹੀ ਸੰਸਥਾ ਹੈ, ਜੋ ਪਿਛਲੇ ਲੰਮੇ ਸਮੇਂ ਤੋਂ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਆ ਰਹੀ ਹੈ।ਇਸ ਸੰਸਥਾ ਵੱਲੋਂ ਲੋਕਾਂ ਨੂੰ ਘਰੇਲੂ ਰਾਸ਼ਨ ਹੀ ਨਹੀਂ ਵੰਡਿਆ ਜਾਂਦਾ, ਸਗੋਂ ਲੋੜਵੰਦ ਪਰਵਾਰ, ਜੋ ਦਵਾਈ ਬੂਟੀ ਲਿਆਉਣ ਤੋਂ ਅਸਮਰਥ ਹਨ ਅਤੇ ਉਨ੍ਹਾਂ ਦੇ ਇਲਾਜ ਮਹਿੰਗੇ ਹਸਪਤਾਲਾਂ ਵਿੱਚ ਹੋਣੇ ਹੁੰਦੇ ਹਨ, ਨੂੰ ਠੀਕ ਕਰਵਾਉਣ ਤੱਕ ਉਨ੍ਹਾਂ ਦੀ ਜ਼ਿੰਮੇਵਾਰੀ ਲੈਂਦੀ ਹੈ, ਕੋਰੋਨਾ ਕਾਲ ਵਿੱਚ ਇਸ ਸੰਸਥਾ ਨੇ ਬਹੁਤ ਸਾਰੇ ਲੋਕਾਂ ਨੂੰ ਘਰ ਘਰ ਰਾਸ਼ਨ ਪਹੁੰਚਾਇਆ, ਜਦਕਿ ਉਸ ਸਮੇਂ ਲੋਕ ਘਰਾਂ ਤੋਂ ਡਰਦੇ ਬਾਹਰ ਨਿਕਲਦੇ ਨਹੀਂ ਸਨ ਕਿ ਕਿਤੇ ਉਹ ਬਿਮਾਰੀ ਦਾ ਸ਼ਿਕਾਰ ਨਾ ਹੋਣ ਜਾਣ।ਇਸ ਤਰ੍ਹਾਂ ਇਹ ਸੰਸਥਾ ਨਿਰਸਵਾਰਥ ਹੋ ਕੇ ਆਪਣੀਆਂ ਸੇਵਾਵਾਂ ਨਿਭਾਅ ਰਹੀ ਹੈ।ਅਪਣੀ ਸੇਵਾਵਾਂ ਨੂੰ ਜਾਰੀ ਰੱਖਦਿਆਂ ਅੱਜ ਲਾਈਫ ਲਾਈਨ ਵੈੱਲਫੇਅਰ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ 28 ਲੋੜਵੰਦ ਪਰਵਾਰਾਂ, ਜਿਨ੍ਹਾਂ ਦੇ ਘਰ ਕੋਈ ਕਮਾਉਣ ਵਾਲਾ ਨਹੀਂ ਹੈ, ਨੂੰ ਰਾਸ਼ਨ ਵੰਡਿਆ।ਇਸ ਮੌਕੇ ਕਲੱਬ ਆਗੂ ਰਮਨ ਅਰੋੜਾ ਨੇ ਦੱਸਿਆ ਕਿ ਕਲੱਬ ਵੱਲੋਂ ਲੋਕ ਭਲਾਈ ਕਾਰਜਾਂ ਵਿੱਚ ਵੱਧ ਚੜ੍ਹ ਕੇ ਯੋਗਦਾਨ ਦਿੱਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਨਵੀਆਂ ਸਕੀਮਾਂ ਰਾਹੀਂ ਲੋਕ ਭਲਾਈ ਕਾਰਜ ਵੀ ਕੀਤੇ ਜਾਣਗੇ।ਇਸ ਮੌਕੇ ਕਲੱਬ ਆਗੂਆਂ ਵਿੱਚ ਦਵਿੰਦਰ ਕੁਮਾਰ ਬੱਲੂ, ਵਿਜੇ ਮਿੱਤਲ ਮੁੰਨਾ, ਪ੍ਰਵੀਨ ਸੇਤੀਆ, ਰਾਮ ਤੀਰਥ, ਹੇਮ ਰਾਜ ਫਰੰਗ, ਲੱਕੀ ਕੁਕਰੇਜਾ ਤੇ ਹੋਰ ਹਾਜ਼ਰ ਸਨ।

ਹੋਲੀ ਹਾਰਟ 'ਚ ਦਾਖਲਿਆਂ ਨੂੰ ਲੈ ਕੇ ਭਾਰੀ ਉਤਸ਼ਾਹ

ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨਵੇਂ ਦਾਖਲਿਆਂ ਨੂੰ ਲੈ ਕੇ ਵਿਦਿਆਰਥੀਆਂ 'ਚ ਭਾਰੀ ਉਤਸ਼ਾਹ ਹੈ।ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਨੂੰ ਦੇਖ ਕੇ ਮਾਪਿਆਂ ਨੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਨੂੰ ਮੱਦੇਨਜ਼ਰ ਰੱਖਦੇ ਹੋਏ ਦਾਖ਼ਲੇ ਕਰਵਾਏ ਹਨ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਨੇ ਕਿਹਾ ਕਿ ਮਾਪੇ ਸਾਡੇ 'ਤੇ ਵਿਸ਼ਵਾਸ ਕਰਕੇ ਦਾਖ਼ਲੇ ਕਰਵਾ ਰਹੇ ਹਨ ਅਤੇ ਅਸੀਂ ਵੀ ਉਨ੍ਹਾਂ ਦੇ ਵਿਸ਼ਵਾਸ 'ਤੇ ਖਰੇ ਉਤਰਾਂਗੇ।ਇਸ ਮੌਕੇ ਸਕੂਲ ਸਟਾਫ ਹਾਜ਼ਰ ਸੀ।

ਪੱਤਰਕਾਰ ਗਗਨਦੀਪ ਕੌਰ 'ਤੇ ਪਰਚਾ ਦਰਜ ਕਰਨ ਦੀ ਨਿੰਦਾ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਫਰੀਦਕੋਟ ਤੋਂ ਪੱਤਰਕਾਰ ਗਗਨਦੀਪ ਕੌਰ ਸਿੱਧੂ 'ਤੇ ਦਰਜ ਪਰਚੇ ਨੂੰ ਲੈ ਕੇ ਪੰਜਾਬ ਸਰਕਾਰ ਨੂੰ ਦੋ ਦਿਨ ਦਾ ਅਲਟੀਮੇਟਮ ਦਿੱਤਾ ਹੈ ਅਤੇ ਇਸ ਦਰਜ ਹੋਏ ਪਰਚੇ ਨੂੰ ਲੈ ਕੇ ਸ਼ੇਰੇ-ਪੰਜਾਬ ਕਿਸਾਨ ਯੂਨੀਅਨ ਨੇ ਪੱਤਰਕਾਰ ਗਗਨਦੀਪ ਕੌਰ ਦੀ ਹਮਾਇਤ ਕੀਤੀ ਹੈ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਸ੍ਰ. ਆਤਮਾ ਸਿੰਘ ਧੂੜਕੋਟ ਨੇ ਇਸ ਨੂੰ ਲੈ ਕੇ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਮੌਕੇ ਬਿੱਕਰ ਸਿੰਘ ਪ੍ਰੈੱਸ ਸਕੱਤਰ, ਹਰਜਿੰਦਰ ਸਿੰਘ ਮੁੱਖ ਬੁਲਾਰਾ, ਵਿਕਰਮਜੀਤ ਸਿੰਘ ਜਨਰਲ ਸਕੱਤਰ ਆਦਿ ਹਾਜ਼ਰ ਸਨ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੋਕਾਂ ਨੂੰ ਕੀਤਾ ਜਾਵੇ ਜਾਗਰੂਕ : ਡਾ. ਲਵਰਾਜ ਪਵਾਰ

ਮੂਨਕ (ਰਾਜਪਾਲ ਸਿੰਗਲਾ)-ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਤੇ ਸਿਵਲ ਸਰਜਨ ਡਾ. ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾ. ਲਵਰਾਜ ਪਵਾਰ ਦੀ ਅਗਵਾਈ ਵਿੱਚ ਪੀ.ਐੱਚ. ਸੀ. ਮੂਨਕ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫੀਲਡ ਸਟਾਫ ਨਾਲ ਵਿਸ਼ੇਸ਼ ਮੀਟਿੰਗ ਹੋਈ। ਡਾ. ਪਵਾਰ ਨੇ ਹਾਜ਼ਰੀਨ ਨੂੰ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।ਨਸ਼ਿਆਂ ਤੋਂ ਪੀੜਤ ਮਰੀਜ਼ਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਉਹ ਆਪਣਾ ਇਲਾਜ ਸਰਕਾਰੀ ਸਿਹਤ ਕੇਂਦਰ ਤੋਂ ਕਰਵਾਉਣ।ਉਨ੍ਹਾ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਓਟ ਕੇਂਦਰ ਅਤੇ ਨਸ਼ਾ ਛੁਡਾਊ ਤੇ ਪੁਨਰਵਾਸ ਕੇਂਦਰਾਂ ਰਾਹੀਂ ਪੀੜਤ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਵਿਭਾਗ ਕੋਲ ਮਾਹਰ ਡਾਕਟਰਾਂ ਤੋਂ ਇਲਾਵਾ ਮਾਹਰ ਕਾਉਂਸਲਰ ਵੀ ਮੌਜੂਦ ਹਨ, ਜੋ ਪੀੜਤ ਵਿਅਕਤੀ ਨੂੰ ਨਸ਼ਿਆਂ ਦੀ ਗ੍ਰਿਫ਼ਤ 'ਚੋਂ ਬਾਹਰ ਕੱਢਣ ਲਈ ਮਾਨਸਿਕ ਤੌਰ 'ਤੇ ਮਜ਼ਬੂਤ ਕਰਨ ਦਾ ਕੰਮ ਕਰਦੇ ਹਨ। ਉਨ੍ਹਾਂ ਹਦਾਇਤ ਕੀਤੀ ਕਿ ਸਮੂਹ ਸਟਾਫ ਆਪੋ ਆਪਣੇ ਖੇਤਰ 'ਚ ਲੋਕਾਂ ਤੱਕ ਇਹ ਸੁਨੇਹਾ ਵੱਧ ਤੋਂ ਵੱਧ ਪਹੁੰਚਾਉਣਾ ਯਕੀਨੀ ਬਣਾਵੇ। ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਨੂੰ ਸਾਰਿਆਂ ਦੇ ਸਹਿਯੋਗ ਨਾਲ ਹੀ ਨੇਪਰੇ ਚਾੜ੍ਹਿਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਕੇਂਦਰ ਵਿੱਚ ਸਰਕਾਰ ਵੱਲੋਂ ਨਸ਼ਾ ਛਡਾਉਣ ਲਈ ਮੁਫਤ ਸੇਵਾਵਾਂ ਉਪਲਬਧ ਹਨ ਤੇ ਓਟ ਕਲੀਨਿਕ ਵਿੱਚੋਂ ਨਸ਼ਾ ਪੀੜਤ ਵਿਅਕਤੀ ਆਪਣੇ ਘਰ ਦੇ ਨੇੜੇ ਹੀ ਆਪਣਾ ਇਲਾਜ ਕਰਵਾ ਸਕਦੇ ਹਨ।ਉਨ੍ਹਾਂ ਕਿਹਾ ਕਿ ਲੋੜਵੰਦ ਵਿਅਕਤੀਆਂ ਨੂੰ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਤੇ ਨਸ਼ਾ ਛੱਡ ਕੇ ਇੱਕ ਚੰਗਾ ਸਿਹਤਮੰਦ ਜੀਵਨ ਜਿਉਣਾ ਚਾਹੀਦਾ।ਇਸ ਮੌਕੇ ਸਤੀਸ਼ ਕੁਮਾਰ ਜੂਨੀਅਰ ਸਹਾਇਕ ਵੀ ਹਾਜ਼ਰ ਸਨ।

ਫੋਕਲ ਪੁਆਇੰਟ ਵਿਖੇ 1.71 ਕਰੋੜ ਦੀ ਲਾਗਤ ਨਾਲ ਲੋਕਾਂ ਨੂੰ ਦਿੱਤੀ ਜਾਵੇਗੀ ਪੀਣ ਵਾਲੇ ਪਾਣੀ ਦੀ ਸਪਲਾਈ : ਡਾ. ਬਲਜੀਤ ਕੌਰ

ਮਲੋਟ (ਗੁਰਮੀਤ ਸਿੰਘ ਮੱਕੜ)-ਫੋਕਲ ਪੁਆਇੰਟ ਮਲੋਟ ਵਿਖੇ ਲੋਕਾਂ ਦੀ ਲਮਚੇਰੀ ਮੰਗ ਨੂੰ ਪੂਰਾ ਕਰਦਿਆਂ 1.71 ਕਰੋੜ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਪੰਜਾਬ ਨੇ ਦੱਸਿਆ ਕਿ ਫੋਕਲ ਪੁਆਇੰਟ ਮਲੋਟ ਦੇ ਇੰਡਸਟ੍ਰਿਯਲ ਇਲਾਕਿਆਂ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ ਗੰਭੀਰ ਹੈ। ਇਸ ਇਲਾਕੇ ਨੂੰ ਵਾਟਰ ਵਰਕਸ ਤੋਂ ਪੀਣ ਵਾਲਾ ਪਾਣੀ ਨਹੀਂ ਮਿਲ ਰਿਹਾ ਹੈ, ਜਿਸ ਕਾਰਨ ਵੱਖ-ਵੱਖ ਸਨਅਤਾਂ 'ਚ ਕੰਮ ਕਰਨ ਵਾਲੇ ਕਰਮਚਾਰੀ ਤੇ ਮਜ਼ਦੂਰਾਂ ਨੂੰ ਦਿੱਕਤ ਆਉਂਦੀ ਹੈ। ਡਾ. ਬਲਜੀਤ ਕੌਰ ਉਦਯੋਗ ਤੇ ਵਣਜ ਮੰਤਰੀ ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਪੰਜਾਬ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਨੇ ਮਲੋਟ ਇਲਾਕੇ ਦੀ ਇਸ ਚਿਰੋਕਣੀ ਮੰਗ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਫੋਕਲ ਪੁਆਇੰਟ ਵਿਖੇ ਸਥਿਤ ਸਨਅਤਾਂ ਨੂੰ ਨੇੜੇ ਦੇ ਵਾਟਰ ਵਰਕਸ ਤੋਂ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ, ਜਿਸ ਲਈ ਤਕਰੀਬਨ 4 ਕਿਲੋਮੀਟਰ ਤੋਂ ਵੱਧ ਲੰਬੀਆਂ ਪਾਈਪਾਂ ਵਿਛਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ (ਪੀ.ਐੱਸ.ਆਈ.ਈ.ਸੀ.) ਵੱਲੋਂ ਟੈਂਡਰ ਕਰ ਦਿੱਤੇ ਗਏ ਹਨ। ਇਹ ਕੰਮ ਸਬੰਧਤ ਕੰਪਨੀ ਨੂੰ ਅਲਾਟ ਕਰਕੇ ਅਗਲੇ ਛੇ ਮਹੀਨਿਆਂ 'ਚ ਇਸ ਦਾ ਕੰਮ ਮੁਕੰਮਲ ਕਰ ਦਿੱਤਾ ਜਾਵੇਗਾ।

ਪ੍ਰਾਇਮਰੀ ਸਕੂਲ ਚੱਕ ਖੁੰਡ ਵਾਲਾ ਵਿਖੇ ਸਲਾਨਾ ਸਮਾਰੋਹ

ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਸਰਕਾਰੀ ਪ੍ਰਾਇਮਰੀ ਸਕੂਲ ਚੱਕ ਖੁੰਡ ਵਾਲਾ ਵਿਖੇ ਸਾਲਾਨਾ ਸਮਾਰੋਹ ਤੇ ਪੰਜਵੀਂ ਜਮਾਤ ਦੇ ਬੱਚਿਆਂ ਦੀ ਵਿਦਾਇਗੀ ਪਾਰਟੀ ਕੀਤੀ ਗਈ। ਵਿੱਦਿਅਕ ਸੈਸ਼ਨ 2024-25 ਦੌਰਾਨ ਸਾਰੀਆਂ ਜਮਾਤਾਂ ਵਿੱਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਐੱਸ.ਐੱਮ.ਸੀ. ਕਮੇਟੀ ਦੇ ਚੇਅਰਮੈਨ ਸੁਨੀਲ ਕੁਮਾਰ, ਪਿੰਡ ਦੇ ਮੌਜੂਦਾ ਸਰਪੰਚ ਰਕੇਸ਼ ਕੁਮਾਰ, ਸਾਬਕਾ ਸਰਪੰਚ ਜੰਗੀਰ ਸਿੰਘ, ਹੋਰ ਪਤਵੰਤੇ ਸੱਜਣ ਤੇ ਬੱਚਿਆਂ ਦੇ ਮਾਤਾ-ਪਿਤਾ ਮੌਜੂਦ ਸਨ। ਇਸ ਮੌਕੇ ਬੱਚਿਆਂ ਨੇ ਸਕਿੱਟਾਂ, ਭੰਗੜਾ, ਗਿੱਧਾ, ਕਰਿਓਗਰਾਫੀ, ਵੱਖ-ਵੱਖ ਗਾਣਿਆਂ ਦੀ ਡਾਂਸ, ਇਕ ਮਿੰਟ ਗੇਮ ਤੇ ਹੋਰ ਵੱਖ ਵੱਖ ਕਿਰਿਆਵਾਂ ਕਰਕੇ ਇਸ ਦਿਨ ਨੂੰ ਯਾਦਗਾਰੀ ਦਿਵਸ ਬਣਾਇਆ।

ਪੁਲਸ ਨੇ ਪਿਸਤੌਲ ਦਿਖਾ ਕੇ ਪੈਟਰੋਲ ਪੰਪ ਲੁੱਟਣ ਦਾ ਮਾਮਲਾ ਸੁਲਝਾਇਆ

■ ਨਸ਼ੇ ਦੀ ਪੂਰਤੀ ਲਈ ਦਿੰਦੇ ਸਨ ਵਾਰਦਾਤਾਂ ਨੂੰ ਅੰਜਾਮ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਇਲਾਕੇ ਦੇ 2 ਪੈਟਰੋਲ ਪੰਪਾਂ 'ਤੇ 30 ਜਨਵਰੀ ਦੀ ਰਾਤ ਨੂੰ ਪਿਸਤੌਲ ਦਿਖਾ ਕੇ ਲੁੱਟਾਂ-ਖੋਹਾਂ ਕਰਨ ਦਾ ਮਾਮਲਾ ਪੁਲਸ ਨੇ ਸੁਲਝਾ ਲਿਆ ਹੈ, ਜਿਸ ਸਬੰਧੀ 6 ਵਿਅਕਤੀਆਂ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਅਦਾਲਤ ਵਿਚ ਪੇਸ਼ ਕਰਨ ਉਪਰੰਤ ਰਿਮਾਂਡ ਹਾਸਿਲ ਕੀਤਾ ਗਿਆ। ਐੱਸ.ਐੱਚ.ਓ. ਹਰਵਿੰਦਰ ਸਿੰਘ ਨੇ ਦੱਸਿਆ ਕਿ ਜਨਵਰੀ ਮਹੀਨੇ ਵਿਚ ਇੱਕ ਕਾਰ ਸਵਾਰ 5 ਲੁਟੇਰਿਆਂ ਨੇ ਮਾਛੀਵਾੜਾ ਸਮਰਾਲਾ ਰੋਡ 'ਤੇ ਸਥਿਤ ਬੈਨੀਪਾਲ ਕਿਸਾਨ ਫਿਲਿੰਗ ਸਟੇਸ਼ਨ ਤੇ ਕੁਹਾੜਾ ਰੋਡ 'ਤੇ ਪੈਂਦੇ ਮਹਾਂਵੀਰ ਫਿਲਿੰਗ ਸਟੇਸ਼ਨ ਤੋਂ ਪਿਸਤੌਲ ਦਿਖਾ ਕੇ ਹਜ਼ਾਰਾਂ ਰੁਪਏ ਨਕਦੀ ਲੁੱਟ ਕੇ ਫ਼ਰਾਰ ਹੋ ਗਏ ਸਨ। ਇਨ੍ਹਾਂ ਲੁਟੇਰਿਆਂ ਨੂੰ ਫ਼ਰੀਦਕੋਟ ਜ਼ਿਲੇ ਦੀ ਪੁਲਸ ਵੱਲੋਂ ਕਾਬੂ ਕਰ ਲਿਆ ਗਿਆ ਸੀ ਅਤੇ ਹੁਣ ਇਨ੍ਹਾਂ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਅਦਾਲਤ ਵਿਚ ਪੇਸ਼ ਕਰਨ ਤੋਂ ਬਾਅਦ ਰਿਮਾਂਡ 'ਤੇ ਲਿਆਂਦਾ ਗਿਆ ਹੈ। ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੈਟਰੋਲ ਪੰਪ ਤੋਂ ਲੁੱਟ, ਖੋਹ ਕਰਨ ਵਾਲੇ ਇਨ੍ਹਾਂ ਵਿਅਕਤੀਆਂ ਦੀ ਪਛਾਣ ਹਰਪ੍ਰੀਤ ਸਿੰਘ ਵਾਸੀ ਸ਼ਾਹਾਵਾਲਾ, ਥਾਣਾ ਸਦਰ ਜ਼ੀਰਾ, ਸਾਹਿਲਦੀਪ ਸਿੰਘ ਵਾਸੀ ਦਮਦਮਾ ਸਾਹਿਬ, ਹਰੀਕੇ ਥਾਣਾ, ਗੁਰਭੇਜ ਸਿੰਘ ਉਰਫ਼ ਭੇਜਾ ਵਾਸੀ ਮੁੱਦਕੀ, ਵਿਸ਼ਾਲ ਵਾਸੀ ਹਰੀਕੇ ਪੱਤਣ, ਬੋਬੀ ਵਾਸੀ ਫਤਹਿਗੜ੍ਹ ਪੰਜ ਤੂਰ ਵਜੋਂ ਹੋਈ ਅਤੇ ਅੱਜ ਇਨ੍ਹਾਂ ਮੁਲਜ਼ਮਾਂ ਦੀ ਪਹਿਚਾਣ ਪੈਟਰੋਲ ਪੰਪ ਦੇ ਕਰਿੰਦਿਆਂ ਨੇ ਵੀ ਕੀਤੀ। ਥਾਣਾ ਮੁਖੀ ਨੇ ਦੱਸਿਆ ਕਿ ਇਨ੍ਹਾਂ ਕੋਲ ਜੋ ਪਿਸਤੌਲ ਸੀ, ਉਹ ਵੀ ਚੋਰੀ ਕੀਤਾ ਸੀ ਅਤੇ ਜਿਸ ਕਾਰ 'ਤੇ ਸਵਾਰ ਹੋ ਕੇ ਆਏ ਸਨ, ਉਹ ਵੀ ਚੋਰੀ ਦੀ ਸੀ। ਥਾਣਾ

5 Apr Page-8.qxd 4/4/2025 10:55 PM Page 1

ਔਰਤਾਂ ਕੋਲੋਂ ਪਰਸ ਤੇ ਮੋਬਾਇਲ ਖੋਹਣ ਵਾਲੇ 2 ਲੁਟੇਰੇ ਕਾਬੂ

ਨਵਾਂਸ਼ਹਿਰ (ਮਨੋਜ ਲਾਡੀ) ਅੰਮ੍ਰਿਤਸਰ ਤੋਂ ਮੋਟਰਸਾਇਕਲ 'ਤੇ ਸਵਾਰ ਹੋ ਕੇ ਆਏ ਦੋ ਨੌਜਵਾਨਾਂ ਨੂੰ ਇਲਾਕੇ ਵਿਚ ਵੱਖ ਵੱਖ ਮਹਿਲਾਵਾਂ ਤੋਂ ਉਨ੍ਹਾਂ ਦਾ ਪਰਸ ਅਤੇ ਮੋਬਾਇਲ ਫੋਨ ਖੋਹ ਕੇ ਫਰਾਰ ਹੋਣ ਦੇ ਦੋਸ਼ 'ਚ ਪੁਲਸ ਨੇ ਕਾਬੂ ਕੀਤਾ ਹੈ। ਡੀਐੱਸਪੀ ਸਬ ਡਵੀਜਨ ਬੰਗਾ ਹਰਜੀਤ ਸਿੰਘ ਅਤੇ ਪੁਲਸ ਥਾਣਾ ਮੁਕੰਦਪੁਰ ਦੇ ਐੱਸਐੱਚਓ ਮਹਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਥਾਣਾ ਮੁਕੰਦਪੁਰ ਦੇ ਏਐੱਸਆਈ ਮੋਹਨ ਲਾਲ ਨੇ ਸਮੇਤ ਪੁਲਸ ਪਾਰਟੀ ਨਾਕਾ ਲਗਾਇਆ ਸੀ ਤਾਂ ਮੁੱਖਬਰ ਖਾਸ ਨੇ ਇਤਲਾਹ ਦਿੱਤੀ ਕਿ ਦਵਿੰਦਰ ਸਿੰਘ ਉਰਫ ਸਾਗਰ ਪੁੱਤਰ ਸੁਖਵਿੰਦਰ ਸਿੰਘ, ਹਰਪਾਲ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀਅਨ ਭੱਟੀਕੇ ਥਾਣਾ ਤਰਸਿੱਕਾ ਅੰਮ੍ਰਿਤਸਰ ਜੋ ਆਪਣੇ ਪਲਸਰ ਮੋਟਰਸਾਇਕਲ 'ਤੇ ਨਵਾਂਸਹਿਰ ਅਤੇ ਹੋਰਨਾਂ ਵੱਖ ਵੱਖ ਥਾਵਾਂ ਤੋਂ ਲੁੱਟਾਂ ਖੋਹਾਂ ਕਰਦੇ ਹਨ। ਜਿਨ੍ਹਾਂ ਨੇ 2/3 ਦਿਨ ਦੇ ਵਿਚ ਬੰਗਾ, ਗੁਣਾਚੌਰ ਤੇ ਨਵਾਂਸ਼ਹਿਰ ਏਰੀਆ ਤੋਂ ਮਹਿਲਾ ਦੇ ਪਰਸ ਅਤੇ ਮੋਬਾਇਲ ਫੋਨ ਖੋਹ ਕੀਤੇ ਅਤੇ ਇਨ੍ਹਾਂ ਨੇ ਆਪਣੇ ਪਲਸਰ ਮੋਟਰਸਾਇਕਲ ਦੀ ਅਗਲੀ ਤੇ ਪਿਛਲੀ ਨੰਬਰ ਪਲੇਟ ਕੱਟੀ ਹੋਈ ਹੈ ਅਤੇ ਮੋਟਰਸਾਇਕਲ ਦੇ ਅਗਲੇ ਪਾਸੇ ਮੈਡਗਾਰਡ ਤੇ ਰੰਗ ਨਾਲ ਛੋਟੇ ਅੱਖਰਾਂ ਵਿਚ ਨੰਬਰ ਪੀਬੀ 02 ਡੀਏ 3771 ਲਿਖਿਆ ਹੈ। ਏਐੱਸਆਈ ਮੋਹਨ ਲਾਲ ਸਮੇਤ ਸਾਥੀ ਕਰਮਚਾਰੀਆਂ ਦੇ ਅੱਡਾ ਫਿਰੋਜਪੁਰ ਮੋੜ 'ਤੇ ਨਾਕਾ ਬੰਦੀ ਕਰਕੇ ਚੈਕਿੰਗ ਸ਼ੁਰੂ ਕੀਤੀ ਤਾਂ ਕਰੀਬ 5/7 ਮਿੰਟਾਂ ਅੰਦਰ ਹੀ ਮੁੱਖਬਰ ਖਾਸ ਵੱਲੋਂ ਦਸੇ 2 ਨੌਜਵਾਨ ਆਏ ਜਿਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਹ ਮੋਟਰਸਾਇਕਲ ਰੋਕ ਕੇ ਦੌੜਨ ਲਗੇ ਤਾਂ ਇਨ੍ਹਾਂ ਨੂੰ ਕਾਬੂ ਕਰ ਲਿਆ। ਉਨ੍ਹਾਂ ਕੋਲੋਂ 7 ਮੋਬਾਇਲ ਫੋਨ ਬ੍ਰਾਮਦ ਹੋਏ। ਇੰਨ੍ਹਾਂ ਵੱਲੋਂ27 ਮਾਰਚ ਨੂੰ ਬੰਗਾ ਤੋਂ ਗੜ੍ਹਸ਼ੰਕਰ ਦੇ ਵਿਚਕਾਰ ਇੱਕ ਲੜਕੀ ਪਾਸੋਂ ਬੈਗ ਦੀ ਖੋਹ ਕੀਤੀ ਸੀ। ਜਿਸ ਦੇ ਬੈਗ ਵਿੱਚ ਇੱਕ ਮੋਬਾਇਲ ਫੋਨ ਸੀ। 28 ਮਾਰਚ ਨੂੰ ਗੁਣਾਚੌਰ ਦੇ ਕੋਲੋਂ ਇੱਕ ਔਰਤ ਕੋਲੋਂ ਬੈਗ ਦੀ ਖੋਹ ਕੀਤੀ ਸੀ। ਜਿਸ ਦੇ ਬੈਗ ਵਿੱਚੋਂ 3 ਮੋਬਾਇਲ ਫੋਨ ਮਿਲੇ ਸੀ ਅਤੇ 31 ਮਾਰਚ ਨੂੰ ਮਹਾਲੋਂ ਬਾਈਪਾਸ ਤੋਂ ਇੱਕ ਸਕੂਟਰੀ ਪਰ ਦੋ ਔਰਤਾਂ ਜੋ ਨਵਾਂਸਹਿਰ ਵੱਲ ਨੂੰ ਜਾ ਰਹੀਆਂ ਸੀ ਉਨ੍ਹਾਂ ਦੇ ਬੈਗ ਵਿੱਚੋਂ ਇੱਕ ਮੋਬਾਇਲ ਅਤੇ 200 ਰੁਪਏ ਨਿਕਲੇ ਸੀ।

ਲਾਇਲਪੁਰ ਖ਼ਾਲਸਾ ਕਾਲਜ ਵਿਖੇ 'ਨੈਸ਼ਨਲ ਸਾਇੰਸ ਡੇ' ਮਨਾਇਆ

ਜਲੰਧਰ (ਸੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਦੇ ਸਾਇੰਸ ਵਿਭਾਗਾਂ ਦੁਆਰਾ 'ਪੰਜਾਬ ਸਟੇਟ ਸਾਇੰਸ ਡੇ' ਮਨਾਇਆ ਗਿਆ। ਜਿਸਦਾ ਵਿਸ਼ਾ ਸੀ: 'ਵਿਕਸਿਤ ਭਾਰਤ ਲਈ ਵਿਗਿਆਨ ਤੇ ਖੋਜ ਵਿਚ ਭਾਰਤੀ ਨੌਜਵਾਨ ਨੂੰ ਗਲੋਬਲ ਲੀਡਰਸ਼ਿਪ ਲਈ ਸਸ਼ਕਤ ਕਰਨਾ'। ਸਮਾਗਮ ਵਿੱਚ ਮੁੱਖ ਮਹਿਮਾਨ ਤੇ ਮੁੱਖ ਵਕਤਾ ਵਜੋਂ ਡਾ. ਅਭਿਨਵ ਪ੍ਰਤਾਪ ਸਿੰਘ, ਐਸੋਸੀਏਟ ਪ੍ਰੋਫੈਸਰ, ਡਾ. ਬੀ.ਆਰ. ਅੰਬੇਦਕਾਰ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ, ਜਲੰਧਰ ਸ਼ਾਮਲ ਹੋਏ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਸਾਇੰਸ ਦੇ ਮਨੁੱਖੀ ਜੀਵਨ ਵਿੱਚ ਮਹੱਤਵ ਬਾਰੇ ਆਪਣੇ ਵਿਚਾਰ ਪ੍ਰਸਤੁਤ ਕੀਤੇ। ਉਹਨਾਂ ਕਿਹਾ ਕਿ ਵਿਗਿਆਨ ਦੇ ਸਦਕਾ ਹੀ ਅਜੋਕਾ ਵਿਸ਼ਵ ਵਿਕਸਿਤ ਦਿਖ ਰਿਹਾ ਹੈ। ਡਾ. ਅਭਿਨਵ ਪ੍ਰਤਾਪ ਸਿੰਘ ਨੇ ਸਾਇੰਸ ਦਿਵਸ ਮਨਾਉਣ ਦੀ ਮਹੱਤਤਾ ਸੰਬੰਧੀ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨੇ ਕੁਆਂਟਮ ਮਕੇਨਿਕਸ ਤੇ ਉਸਦੀ ਵਰਤੋਂ ਦੇ ਮਹੱਤਵ ਤੋਂ ਜਾਣੂ ਕਰਵਾਇਆ। ਸਮਾਗਮ ਵਿੱਚ ਵੱਖ-ਵੱਖ ਕਾਲਜਾਂ ਦੇ 70 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਵਿਚਕਾਰ ਅੰਤਰ ਕਾਲਜ ਪਾਵਰ ਪੁਆਇੰਟ ਪ੍ਰੈਜੰਟੇਸ਼ਨ, ਬੇਸਟ ਆਊਟ ਆਫ ਵੇਸਟ ਤੇ ਪੋਸਟਰ ਪ੍ਰੈਜੰਟੇਸ਼ਨ ਮੁਕਾਬਲੇ ਵੀ ਕਰਵਾਏ ਗਏ। ਜਿਸ ਵਿੱਚ ਪੋਸਟਰ ਪ੍ਰੈਜੰਟੇਸ਼ਨ ਮੁਕਾਬਲੇ ਵਿਚ ਪਹਿਲਾ ਸਥਾਨ ਸਰਕਾਰੀ ਐਜੂਕੇਸ਼ਨ ਕਾਲਜ ਜਲੰਧਰ, ਦੂਜਾ ਸਥਾਨ ਐਚ.ਐਮ.ਵੀ. ਕਾਲਜ ਜਲੰਧਰ ਅਤੇ ਤੀਜਾ ਸਥਾਨ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ. ਬੈਸਟ ਆਊਟ ਆਫ ਵੇਸਟ ਇੰਵਟ ਵਿਚ ਪਹਿਲਾ ਸਥਾਨ ਸਰਕਾਰੀ ਐਜੂਕੇਸ਼ਨ ਕਾਲਜ, ਦੂਜਾ ਸਥਾਨ ਐਚ.ਐਮ.ਵੀ. ਜਲੰਧਰ ਅਤੇ ਤੀਜਾ ਸਥਾਨ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਅਤੇ ਲਾਇਲਪੁਰ ਖ਼ਾਲਸਾ ਕਾਲਜ ਆਫ ਐਜੂਕੇਸ਼ਨ ਫਾਰ ਵਿਮੈਨ, ਜਲੰਧਰ; ਪੀ.ਪੀ.ਟੀ. ਵਿਚ ਪਹਿਲਾ ਸਥਾਨ ਐਚ.ਐਮ.ਵੀ. ਦੂਜਾ ਸਥਾਨ ਸਰਕਾਰੀ ਕਾਲਜ ਆਫ ਐਜੂਕੇਸ਼ਨ ਆਫ ਜਲੰਧਰ ਤੀਜਾ ਸਥਾਨ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਨੇ ਪ੍ਰਾਪਤ ਕੀਤਾ।ਮੰਚ ਸੰਚਾਲਨ ਡਾ. ਵਿਕਾਸ ਕੁਮਾਰ ਅਤੇ ਵਿਦਿਆਰਥਣ ਆਸਥਾ ਤੇ ਸਵਾਤੀ ਨੇ ਬਾਖੂਬੀ ਕੀਤਾ। ਇਸ ਮੌਕੇ ਡਾ. ਰਸ਼ਪਾਲ ਸਿੰਘ ਸੰਧੂ ਮੁਖੀ ਕਾਮਰਸ ਵਿਭਾਗ, ਡਾ. ਗਗਨਦੀਪ ਕੌਰ ਮੁਖੀ ਜੁਆਲੋਜੀ ਵਿਭਾਗ, ਡਾ. ਹਰਜੀਤ ਸਿੰਘ ਮੁਖੀ ਗਣਿਤ ਵਿਭਾਗ, ਡਾ. ਬਲਰਾਜ ਕੌਰ ਮੁਖੀ ਅੰਗਰੇਜ਼ੀ ਵਿਭਾਗ, ਡਾ. ਅੰਮ੍ਰਿਤਪਾਲ ਸਿੰਘ, ਡਾ. ਨਵਜੋਤ ਕੌਰ, ਡਾ. ਭੁਪਿੰਦਰਪਾਲ ਸਿੰਘ, ਡਾ. ਰੰਜੂ ਮਹਾਜਨ, ਡਾ. ਅਮਨਪ੍ਰੀਤ ਕੌਰ ਸੰਧੂ, ਡਾ. ਗੀਤਾਂਜਲੀ ਕੌਸ਼ਲ, ਡਾ. ਅਮਨਦੀਪ ਕੌਰ, ਡਾ. ਨਵਨੀਤ ਅਰੋੜਾ, ਡਾ. ਉਪਮਾ ਅਰੋੜਾ, ਡਾ. ਹਰਸ਼ਵੀਰ ਅਰੋੜਾ, ਡਾ. ਹਰਜਿੰਦਰ ਕੌਰ, ਡਾ. ਹੇਮਿੰਦਰ ਸਿੰਘ, ਡਾ. ਰਵਨੀਤ ਕੌਰ ਅਤੇ ਡਾ. ਸਰਬਜੀਤ ਸਿੰਘ ਨੇ ਇਸ ਸਮਾਗਮ ਨੂੰ ਸਫ਼ਲ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ ।

ਅਲਾਵਲਪੁਰ-ਕਿਸ਼ਨਗੜ੍ਹ ਰੋਡ 'ਤੇ ਸਥਿਤ ਰੇਲਵੇ ਫਾਟਕ ਬੰਦ ਰਹਿਣ ਕਾਰਨ ਆਵਾਜਾਈ ਪ੍ਰਭਾਵਤ

ਅਲਾਵਲਪੁਰ (ਮਦਨ ਬੰਗੜ)- ਕਸਬਾ ਅਲਾਵਲਪੁਰ-ਕਿਸ਼ਨਗੜ੍ਹ ਰੋਡ 'ਤੇ ਸਥਿਤ ਰੇਲਵੇ ਫਾਟਕ ਰੇਲਵੇ ਵਿਭਾਗ ਵੱਲੋਂ ਬਿਨਾਂ ਸੂਚਨਾ ਦਿੱਤਿਆਂ ਹੀ ਸਵੇਰੇ 9 ਵਜੇ 3 ਦਿਨਾਂ ਲਈ ਬੰਦ ਕਰ ਦਿੱਤਾ ਗਿਆ।ਜਿਸ ਕਾਰਨ ਇਥੋਂ ਦੀ ਲੰਘਣ ਵਾਲੇ ਹਜ਼ਾਰਾਂ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਜਾਣਕਾਰੀ ਅਨੁਸਾਰ ਸਵੇਰੇ 9 ਵਜੇ ਦੇ ਕਰੀਬ ਅਲਾਵਲਪੁਰ ਕਿਸ਼ਨਗੜ੍ਹ ਰੋਡ 'ਤੇ ਸਥਿਤ ਰੇਲਵੇ ਫਾਟਕ ਨੂੰ ਵਿਭਾਗ ਵੱਲੋਂ 9 ਵਜੇ ਬੰਦ ਕਰ ਦਿੱਤਾ ਗਿਆ।ਜਿੱਥੇ ਵਿਭਾਗ ਵੱਲੋਂ ਰੇਲਵੇ ਲਾਈਨਾਂ ਦੀ ਰਿਪੇਅਰਿੰਗ ਦਾ ਕੰਮ ਸ਼ੁਰੂ ਕੀਤਾ ਗਿਆ।ਰੇਲਵੇ ਵਿਭਾਗ ਵੱਲੋਂ ਇੱਕ ਕਰਮਚਾਰੀ ਨੂੰ ਅਲਾਵਲਪੁਰ ਦੇ ਦਸਹਿਰਾ ਗਰਾਊਂਡ ਚੌਕ ਵਿੱਚ ਤਾਇਨਾਤ ਕੀਤਾ ਗਿਆ।ਜਿਸ ਵੱਲੋਂ ਚੌਕ ਵਿੱਚ ਬੈਰੀਕੇਟ ਲਗਾ ਕੇ ਸੜਕ ਨੂੰ ਬਲੋਕ ਕਰਨ ਤੋਂ ਬਾਅਦ ਕਰਮਚਾਰੀ ਸਾਰਾ ਦਿਨ ਇੱਕ ਸਾਈਡ ਤੇ ਬੈਠਾ ਮੋਬਾਇਲ ਚਲਾਉਂਦਾ ਰਿਹਾ ਕਰਮਚਾਰੀ ਵੱਲੋਂ ਉਸ ਚੌਕ ਵਿੱਚੋਂ ਮੁੜਨ ਵਾਲੇ ਰਾਹਗੀਰਾਂ ਨੂੰ ਸਹੀ ਰਸਤਾ ਦੱਸਣ ਦੀ ਬਜਾਏ ਕੁਝ ਲੋਕਾਂ ਨਾਲ ਬਹਿਸ ਕਰਦਾ ਨਜ਼ਰ ਆਇਆ।ਜ਼ਿਕਰਯੋਗ ਹੈ ਕਿ ਇਨੀ ਦਿਨੀ ਹਿਮਾਚਲ ਪ੍ਰਦੇਸ਼ ਵਿਖੇ ਸਿੱਧ ਬਾਬਾ ਬਾਲਕ ਨਾਥ ਦਾ ਸਲਾਨਾ ਜੋੜ ਮੇਲਾ ਚੱਲ ਰਿਹਾ ਹੈ ਅਤੇ ਚੇਤ ਦੇ ਨਵਰਾਤੇ ਵੀ ਚੱਲਣ ਕਰਕੇ ਹਿਮਾਚਲ ਜਾਣ ਆਉਣ ਵਾਲੀ ਸੰਗਤ ਹਜ਼ਾਰਾਂ ਦੀ ਗਿਣਤੀ ਵਿੱਚ ਇਸ ਮਾਰਗ ਉੱਪਰ ਦੀ ਲੰਘਦੀ ਹੈ।ਇਸ ਮਾਰਗ 'ਤੇ ਰੇਲਵੇ ਫਾਟਕ ਦੀ ਰਿਪੇਅਰ ਕਰਨ ਲਈ ਫਾਟਕ ਨੂੰ ਤਿੰਨ ਦਿਨਾਂ ਲਈ ਬੰਦ ਕਰਨ ਲਈ ਵਿਭਾਗ ਵੱਲੋਂ ਲੋਕਾਂ ਨੂੰ ਬਿਨਾਂ ਸੂਚਨਾ ਦਿੱਤਿਆਂ ਹੀ ਰੇਲਵੇ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ।ਜਿਸ ਕਾਰਨ ਇੱਥੋਂ ਦੀ ਲੰਘਣ ਵਾਲੀ ਹਜ਼ਾਰਾਂ ਦੀ ਤਦਾਦ ਵਿੱਚ ਹਿਮਾਚਲ ਜਾਣ ਵਾਲੀ ਸੰਗਤ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।ਅਲਾਵਲਪੁਰ ਕਿਸ਼ਨਗੜ੍ਹ ਮਾਰਗ ਬੰਦ ਹੋਣ ਕਾਰਨ ਭਾਰੀ ਗਿਣਤੀ ਵਿੱਚ ਵਾਹਨ ਚਾਲਕ ਸਿੰਗਲ ਸੜਕ ਬਿਆਸ ਪਿੰਡ ਵੱਲ ਦੀ ਹੋ ਕੇ ਰਾਸ਼ਟਰੀ ਰਾਜ ਮਾਰਗ ਤੱਕ ਪਹੁੰਚਣ ਲਈ ਭਾਰੀ ਪ੍ਰੇਸ਼ਾਨੀ ਝੱਲਣੀ ਪਈ।

ਖੇਤ ਮਜ਼ਦੂਰਾਂ ਦੀ ਸੂਬਾਈ ਮੀਟਿੰਗ 9 ਨੂੰ

ਬੰਗਾ (ਅਵਤਾਰ ਕਲੇਰ)— ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ ਤੇ ਸੂਬਾ ਜਨਰਲ ਸਕੱਤਰ ਗੁਰਮੇਸ਼ ਸਿੰਘ ਨੇ ਦੱਸਿਆ ਕਿ ਖੇਤ ਮਜ਼ਦੂਰ ਯੂਨੀਅਨ ਦੀ ਸੂਬਾਈ ਵਰਕਿੰਗ ਕਮੇਟੀ ਦੀ ਮੀਟਿੰਗ 9 ਅਪ੍ਰੈਲ ਬੁੱਧਵਾਰ ਨੂੰ 11 ਵਜੇ ਮੰਢਾਲੀ ਭਵਨ ਬੰਗਾ ਵਿਖੇ ਹੋਵੇਗੀ। ਮੀਟਿੰਗ ਨੂੰ ਕੁੱਲ ਹਿੰਦ ਜਾਇੰਟ ਸਕੱਤਰ ਸਾਥੀ ਬਿਕਰਮ ਸਿੰਘ ਸੰਬੋਧਨ ਕਰਨਗੇ।ਮੀਟਿੰਗ ਵਿੱਚ ਵੱਖ ਵੱਖ ਮੁੱਦਿਆਂ 'ਤੇ ਚਰਚਾ ਕਰਕੇ ਠੋਸ ਫੈਸਲੇ ਲਏ ਜਾਣਗੇ। ਸਾਰੇ ਜ਼ਿਲ੍ਹਿਆ ਦੇ ਸਾਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਯੂਨੀਅਨ ਦਾ ਬੁਲਾਰਾ 'ਕੰਮੀਆਂ ਦੀ ਲਹਿਰ' ਛਪ ਕੇ ਤਿਆਰ ਹੈ। ਸਾਥੀ ਆਪਣੇ ਕੋਟੇ ਮੁਤਾਬਕ ਮੀਟਿੰਗ ਦੌਰਾਨ ਲੈ ਕੇ ਜਾਣ।

ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਨੇ ਫੁੱਟਬਾਲ ਟੂਰਨਾਮੈਂਟ ਕਰਵਾਇਆ

ਆਦਮਪੁਰ (ਪਰਮਜੀਤ ਸਿੰਘ)- ਵਿਧਾਨ ਸਭਾ ਹਲਕੇ ਅਧੀਨ ਆਉਂਦਾ ਆਉਂਦਾ ਪਿੰਡ ਲੁਟੇਰਾ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਵਲੋਂ ਸਾਲਾਨਾ ਟੂਰਨਾਮੈਂਟ ਸਮੂਹ ਐਨ ਆਰ ਆਈ ਵੀਰਾਂ ਤੇ ਇਲਾਕਾ ਵਾਸੀਆਂ ਨੇ ਸਹਿਯੋਗ ਨਾਲ ਸਰਪ੍ਰਸਤ ਦਲਜੀਤ ਸਿੰਘ ਆਮ ਸੀਨੀਅਰ ਆਗੂ ਕਿਸਾਨ ਵਿੰਗ ਆਪ ਪਾਰਟੀ ਦੀ ਅਗਵਾਈ ਹੇਠ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਸਟੇਡੀਅਮ ਲੁਟੇਰਾ ਕਲਾ ਵਿਖੇ ਕਰਵਾਇਆ ਗਿਆ।ਇਸ ਟੂਰਨਾਮੈਂਟ ਦੇ ਵਿੱਚ ਮੁੱਖ ਪਵਨ ਕੁਮਾਰ ਟੀਨੂੰ ਸੀਨੀਅਰ ਸਪੋਕਸ ਪਰਸਨ ਆਪ ਪਾਰਟੀ, ਸੀਨੀਅਰ ਡਿਪਟੀ ਮੇਅਰ ਬਲਵੀਰ ਸਿੰਘ ਬਿੱਟੂ ਵੱਲੋਂ ਸ਼ਿਰਕਤ ਕੀਤੀ।ਜਾਣਕਾਰੀ ਦਿੰਦੇ ਦਲਜੀਤ ਸਿੰਘ ਨੇ ਦੱਸਿਆ ਇਸ ਟੂਰਨਾਮੈਂਟ ਵਿੱਚ ਕਰੀਬ 24 ਟੀਮਾਂ ਨੇ ਹਿੱਸਾ ਲਿਆ।ਇਸ ਟੂਰਨਾਮੈਂਟ ਵਿੱਚ ਕਰੀਬ 40 ਟੀਮਾਂ ਨੇ ਹਿੱਸਾ ਲਿਆ। ਫਾਈਨਲ ਮੁਕਾਬਲੇ ਵਿੱਚ ਜਮਸ਼ੇਰ ਦੀ ਟੀਮ ਵੱਲੋਂ ਪਹਿਲਾ ਸਥਾਨ ਅਤੇ ਦੂਜਾ ਸਥਾਨ ਲੁਟੇਰਾ ਐਫ, ਸੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਦਲਜੀਤ ਸਿੰਘ ਸਰਪ੍ਰਸਤ, ਇੰਸਪੈਕਟਰ ਰਵਿੰਦਰ ਪਾਲ ਸਿੰਘ, ਬਿੰਦਾ ਗਰੇਵਾਲ, ਜਸਪ੍ਰੀਤ ਸਿੰਘ ਸਰਪੰਚ, ਗੁਰਨਾਮ ਸਿੰਘ ਨੰਬਰਦਾਰ, ਕਸ਼ਮੀਰ ਲਾਲ ਲੰਬਰਦਾਰ, ਪ੍ਰਧਾਨ ਗੁਰਦੀਪ ਸਿੰਘ, ਮੀਤ ਪ੍ਰਧਾਨ ਮਨਜੀਤ ਸਿੰਘ, ਸਤਪਾਲ ਬਿੱਲਾ, ਜੁਝਾਰ ਬੈਲਜੀਅਮ, ਮਾਸਟਰ ਜਸਪਾਲ ਸਿੰਘ, ਗੁਰਮੀਤ ਸਿੰਘ ਸਤਨਾਮ ਸਿੰਘ, ਅਮਰਜੀਤ ਸਿੰਘ, ਹਰਜੀਤ ਸਿੰਘ, ਕੇਵਲ ਸਿੰਘ,ਤਰਲੋਚਨ ਸਿੰਘ ਸਾਬਕਾ ਸਰਪੰਚ, ਫਤਿਹ ਸਿੰਘ, ਡੀਐਸਪੀ ਪ੍ਰਗਟ ਸਿੰਘ, ਬਲਵੀਰ ਸਿੰਘ, ਰਣਜੀਤ ਸਿੰਘ ਰਾਣਾ , ਹਰਪਾਲਜੀਤ ਸਿੰਘ ਸਮੇਤ ਪਿੰਡ ਵਾਸੀ ਸਮੇਤ ਕਮੇਟੀ ਮੈਂਬਰ ਹਾਜ਼ਰ ਹੋਏ।

ਵਕ਼ਫ਼ ਕਾਨੂੰਨ 'ਚ ਕੀਤੀਆਂ ਸੋਧਾਂ ਗੈਰ-ਸੰਵਿਧਾਨਕ ਤੇ ਗੈਰ-ਜਮਹੂਰੀ : ਬਲਬੀਰ ਸਿੱਧੂ

ਚੰਡੀਗੜ੍ਹ (ਗੁਰਜੀਤ ਬਿੱਲਾ) ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਵਕ਼ਫ਼ ਕਾਨੂੰਨ ਵਿਚ ਕੀਤੀਆਂ ਸੋਧਾਂ ਨੂੰ ਗੈਰ-ਸੰਵਿਧਾਨਕ ਤੇ ਗੈਰ-ਜਮਹੂਰੀ ਕਰਾਰ ਦਿੰਦਿਆਂ ਕਿਹਾ ਇਸ ਨਾਲ ਨਾ ਸਿਰਫ਼ ਮੁਸਲਿਮ ਬਲਕਿ ਮੁਲਕ ਦੇ ਸਾਰੇ ਘੱਟ ਗਿਣਤੀ ਭਾਈਚਾਰਿਆਂ ਵਿਚ ਬੇਭਰੋਸਗੀ, ਬੇਗਾਨਗੀ ਅਤੇ ਅਸੁਰੱਖਿਆ ਦੀ ਭਾਵਨਾ ਵਧੇਗੀ ਜਿਸ ਨਾਲ ਦੇਸ਼ ਵਿਚ ਭਾਈਚਾਰਕ ਸਾਂਝ ਦੀ ਥਾਂ ਨਫ਼ਰਤ ਪੈਦਾ ਹੋਵੇਗੀ।ਸਿੱਧੂ ਨੇ ਇਥੇ ਜਾਰੀ ਕੀਤੇ ਗਏ ਆਪਣੇ ਇਕ ਲਿਖਤੀ ਬਿਆਨ ਵਿਚ ਕਿਹਾ ਕਿ ਮੁਲਕ ਦਾ ਸੰਵਿਧਾਨ ਹਰ ਧਾਰਮਿਕ ਭਾਈਚਾਰੇ ਨੂੰ ਆਪਣੇ ਧਾਰਮਿਕ ਅਸਥਾਨਾਂ ਅਤੇ ਇਸ ਨਾਲ ਜੁੜੀਆਂ ਜਾਇਦਾਦਾਂ ਦੀ ਸਾਂਭ ਸੰਭਾਲ ਕਰਨ ਦਾ ਅਧਿਕਾਰ ਦਿੰਦਾ ਹੈ ਜਿਸ ਨੂੰ ਮੋਦੀ ਸਰਕਾਰ ਨੇ ਵਕ਼ਫ਼ ਬੋਰਡਾਂ ਵਿਚ ਗੈਰ-ਮੁਸਲਿਮ ਮੈਂਬਰਾਂ ਦੀ ਨਾਮਜ਼ਾਦਗੀ ਦਾ ਰਾਹ ਖੋਲ੍ਹ ਕੇ ਖੋਹ ਲਿਆ ਹੈ। ਉਹਨਾਂ ਕਿਹਾ ਕਿ ਇਹਨਾਂ ਸੋਧਾਂ ਵਕਫ਼ ਬੋਰਡਾਂ ਦੀਆਂ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰ ਕੇ ਇਸ ਵਿਚ ਸਰਕਾਰੀ ਦਖਲਅੰਦਾਜ਼ੀ ਨੂੰ ਵਧਾਉਣਗੀਆਂ ਜਿਸ ਨਾਲ ਮੁਸਲਿਮ ਭਾਈਚਾਰੇ ਦੀਆਂ ਧਾਰਮਿਕ ਜਾਇਦਾਦਾਂ ਦੀ ਦੁਰਵਰਤੋਂ ਦਾ ਰਾਹ ਖੁੱਲੇਗਾ।ਉਹਨਾਂ ਅੱਗੇ ਕਿਹਾ ਕਿ ਸਰਕਾਰੀ ਦਖ਼ਲਅੰਦਾਜੀ ਵਧਣ ਨਾਲ ਵਕਫ ਸਰਕਾਰ ਉਤੇ ਕਾਬਜ਼ ਧਿਰ ਬੋਰਡਾਂ ਵਿਚ ਨਿਯੁਕਤੀਆਂ ਯੋਗਤਾ ਦੀ ਬਜਾਏ ਰਾਜਨੀਤਿਕ ਵਫ਼ਾਦਾਰੀ ਦੇ ਆਧਾਰ 'ਤੇ ਕਰਨਗੀਆਂ ਜਿਸ ਨਾਲ ਇਹਨਾਂ ਜਾਇਦਾਦਾਂ ਦੀ ਵਰਤੋਂ ਮੁਸਲਿਮ ਭਾਈਚਾਰੇ ਦੀ ਭਲਾਈ ਦੀ ਥਾਂ ਸਿਆਸੀ ਮੁਫ਼ਾਦਾਂ ਲਈ ਕੀਤੀ ਜਾਵੇਗੀ।ਉਹਨਾਂ ਕਿਹਾ ਕਿ ਕੁਝ ਸੋਧਾਂ ਨਾਲ ਵਕਫ ਟ੍ਰਿਬਿਊਨਲਾਂ ਦੀ ਭੂਮਿਕਾ ਘੱਟ ਕਰ ਕੇ ਜਾਇਦਾਦਾਂ ਦੇ ਝਗੜਿਆਂ ਦੇ ਨਿਪਟਾਰੇ ਲਈ ਸਿਵਲ ਅਦਾਲਤਾਂ ਨੂੰ ਵਧੇਰੇ ਅਧਿਕਾਰ ਮਿਲ ਗਏ ਹਨ ਜਿਸ ਨਾਲ ਨਿਆਂ ਵਿੱਚ

5 Apr Page-9.qxd 4/4/2025 10:54 PM Page 1

ਡਾ. ਰਾਜ ਕੁਮਾਰ ਚੱਬੇਵਾਲ ਨੇ ਨਿਤਿਨ ਗਡਕਰੀ ਨਾਲ ਕੀਤੀ ਮੁਲਾਕਾਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਸੜਕੀ ਆਵਾਜਾਈ ਅਤੇ ਹਾਈਵੇਜ਼ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਦਿਆਂ ਬਲਾਚੌਰ-ਹੁਸ਼ਿਆਰਪੁਰ-ਦਸੂਹਾ ਸੜਕ ਨੂੰ ਰਾਸ਼ਟਰੀ ਮਾਰਗ ਐਲਾਨਣ ਅਤੇ ਇਸ ਨੂੰ ਹੋਰ ਚੌੜਾ ਕਰਨ ਦੀ ਮੰਗ ਰੱਖੀ ਜਿਸ ਨਾਲ ਇਸ ਖੇਤਰ ਵਿਚ ਸੁਖਾਲੀ ਆਵਾਜਾਈ ਦੇ ਨਾਲ-ਨਾਲ ਆਰਥਿਕ ਵਿਕਾਸ ਨੂੰ ਹੁਲਾਰਾ ਮਿਲੇਗਾ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਇਸ ਪ੍ਰੋਜੈਕਟ ਬਾਰੇ ਢੁਕਵੀਂ ਕਾਰਵਾਈ ਅਮਲ ਵਿਚ ਲਿਆਉਣ ਦਾ ਭਰੋਸਾ ਦਿੱਤਾ।ਕੇਂਦਰੀ ਮੰਤਰੀ ਨਾਲ ਉਨ੍ਹਾਂ ਦੇ ਦਫ਼ਤਰ ਵਿਚ ਮੁਲਾਕਾਤ ਦੌਰਾਨ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਉਨ੍ਹਾਂ ਨੂੰ ਜਾਣੂ ਕਰਵਾਇਆ ਕਿ ਬਲਾਚੌਰ-ਹੁਸ਼ਿਆਰਪੁਰ-ਦਸੂਹਾ ਸੜਕ ਪੰਜਾਬ ਦੇ ਕਈ ਜ਼ਿਲ੍ਹਿਆਂ ਨੂੰ ਅਤੇ ਅੱਗੋਂ ਗੁਆਂਢੀ ਰਾਜਾਂ ਨੂੰ ਜੋੜਦੀ ਹੈ ਜਿਸ 'ਤੇ ਮੌਜੂਦਾ ਸਮੇਂ ਭਾਰੀ ਆਵਾਜਾਈ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਮਿਆਂ ਦੌਰਾਨ ਇਸ ਸੜਕ 'ਤੇ ਆਵਾਜਾਈ ਵਿਚ ਹੋਏ ਵੱਡੇ ਵਾਧੇ ਨਾਲ ਸੜਕ ਦਾ ਮੌਜੂਦਾ ਢਾਂਚਾ ਤੰਗ ਹੋਣ ਕਾਰਨ ਰੋਜ਼ਾਨਾ ਰਾਹਗੀਰਾਂ ਨੂੰ ਟਰੈਫਿਕ ਸਮੱਸਿਆਵਾਂ ਦਾ ਸਾਹਮਣੇ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਇਹ ਸੜਕ ਚੌੜੀ ਹੋਣ ਨਾਲ ਨਾ ਸਿਰਫ਼ ਲੋਕਾਂ ਨੂੰ ਸੁਰੱਖਿਅਤ ਆਵਾਜਾਈ ਦਾ ਲਾਭ ਹੋਵੇਗਾ

ਸਗੋਂ ਖਿੱਤੇ ਵਿਚ ਵਪਾਰ, ਉਦਯੋਗਾਂ ਅਤੇ ਸੈਰ ਸਪਾਟਾ ਗਤੀਵਿਧੀਆਂ ਨੂੰ ਬਲ ਮਿਲੇਗਾ।ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਨੂੰ ਜੁੜਦੀ ਇਸ ਸੜਕ ਨੂੰ ਰਾਸ਼ਟਰੀ ਮਾਰਗ ਐਲਾਨਣ ਦੀ ਮੰਗ ਰੱਖਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਸੜਕ ਨੂੰ ਕੌਮੀ ਮਾਰਗ ਐਲਾਨਣ ਨਾਲ ਅੰਤਰਰਾਜੀ ਆਵਾਜਾਈ ਪਹਿਲਾਂ ਨਾਲੋਂ ਕਿਤੇ ਬੇਹਤਰ ਹੋਵੇਗੀ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੇਂਦਰ ਵਲੋਂ ਸਮੇਂ-ਸਮੇਂ 'ਤੇ ਇਸ ਦਾ ਰੱਖ-ਰਖਾਅ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਉਤਰੀ ਪੰਜਾਬ ਨੂੰ ਵੱਡੇ ਉਦਯੋਗਿਕ ਕੇਂਦਰਾਂ ਨਾਲ ਜੋੜਨ ਵਾਲੀ ਇਸ ਮੁੱਖ ਸੜਕ ਨੂੰ ਰਾਸ਼ਟਰੀ ਮਾਰਗ ਐਲਾਨਣਾ ਅਤੇ ਇਸ ਨੂੰ ਵੱਡਾ ਕਰਨਾ ਸਮੇਂ ਦੀ ਮੁੱਖ ਮੰਗ ਹੈ ਜਿਸ ਨੂੰ ਤਰਜ਼ੀਹ ਦੇ ਆਧਾਰ 'ਤੇ ਪ੍ਰਵਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਸੜਕੀ ਆਵਾਜਾਈ ਅਤੇ ਹਾਈਵੇਜ਼ ਮੰਤਰਾਲੇ ਵਲੋਂ ਇਸ ਮੰਗ ਨੂੰ ਪੂਰੇ ਗਹੁ ਨਾਲ ਵਿਚਾਰਦਿਆਂ ਸਬੰਧਤ ਅਥਾਰਟੀ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਇਸ ਸਬੰਧੀ ਢੁਕਵੇਂ ਕਦਮ, ਜਿਵੇਂ ਸਰਵੇ, ਪ੍ਰਸ਼ਾਸਕੀ ਪ੍ਰਕਿਰਿਆ ਅਤੇ ਸੰਭਾਵਨਾਵਾਂ ਤਲਾਸ਼ਣ, ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਮੰਤਰਾਲੇ ਵਲੋਂ ਇਸ ਸੜਕ ਨੂੰ ਰਾਸ਼ਟਰੀ ਮਾਰਗ ਐਲਾਨੇ ਜਾਣ ਨਾਲ ਖੇਤਰ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਨਵੀਂ ਗਤੀ ਮਿਲੇਗੀ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਲੋਕ ਸਹੂਲਤ ਵਾਲੇ ਇਸ ਪ੍ਰੋਜੈਕਟ ਲਈ ਪੰਜਾਬ ਸਰਕਾਰ ਵਲੋਂ ਹਰ ਲੋੜੀਂਦੀ ਸਹਾਇਤਾ ਨੂੰ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਇਸ ਸਬੰਧੀ ਲੋੜੀਂਦੀਆਂ ਪ੍ਰਕਿਰਿਆਵਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾ ਸਕੇ।

ਮਨਿੰਦਰਜੀਤ ਸਿੰਘ ਘਨੌਰ ਵੱਲੋਂ ਮੋਹਾਲੀ ਸਿਵਲ ਹਸਪਤਾਲ ਦਾ ਦੌਰਾ

ਮੋਹਾਲੀ (ਗੁਰਜੀਤ ਬਿੱਲਾ) ਸਿਹਤ ਸਹੂਲਤਾਂ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਦੇ ਚੱਲ ਰਹੇ ਉਪਰਾਲਿਆਂ ਦੀ ਕੜੀ ਵਜੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਵੱਲੋਂ ਮੋਹਾਲੀ ਸਿਵਲ ਹਸਪਤਾਲ ਦਾ ਅਚਨਚੇਤ ਦੌਰਾ ਕੀਤਾ ਗਿਆ।ਇਸ ਦੌਰੇ ਦੌਰਾਨ ਉਹਨਾਂ ਨੇ ਹਸਪਤਾਲ ਦੇ ਵਿੱਚ ਮੌਜੂਦ ਲੋਕਾਂ ਨਾਲ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਸੰਬੰਧੀ ਗੱਲਬਾਤ ਕੀਤੀ ਤੇ ਫੀਡਬੈਕ ਲਿਆ।ਉਨ੍ਹਾਂ ਦੌਰੇ ਦੌਰਾਨ ਸਿਵਲ ਹਸਪਤਾਲ ਮੋਹਾਲੀ ਦੇ ਹਰ ਇੱਕ ਵਾਰਡ ਦੇ ਵਿੱਚ ਜਾ ਕੇ ਮਰੀਜ਼ਾਂ ਦਾ ਹਾਲਚਾਲ ਪੁੱਛਿਆ।ਉਨ੍ਹਾਂ ਸਿਵਲ ਸਰਜਨ ਮੋਹਾਲੀ ਅਤੇ ਐਸ ਐਮ ਓ ਨੂੰ ਹਦਾਇਤ ਕੀਤੀ ਕਿ ਉਹਨਾਂ ਦੇ ਅਧਿਕਾਰ ਖੇਤਰ ਵਿੱਚ ਆਉਂਦਿਆਂ ਕੈਮਿਸਟ ਦੀਆਂ ਦੁਕਾਨਾਂ ਦੇ ਉੱਪਰ ਡਰੱਗ ਕੰਟਰੋਲ ਅਫ਼ਸਰਾਂ ਰਾਹੀਂ ਚੈਕਿੰਗ ਕੀਤੀ ਜਾਵੇ ਕਿ ਕਿਸੇ ਵਿਅਕਤੀ ਦੇ ਵੱਲੋਂ ਕੈਮਿਸਟ ਦੁਕਾਨ ਦੀ ਆੜ ਦੇ ਵਿੱਚ ਨਸ਼ੇ ਦੀ ਸਪਲਾਈ ਜਾਂ ਫਿਰ ਪਾਬੰਦੀ ਸ਼ੁਦਾ ਨਸ਼ੀਲੀਆਂ ਦਵਾਈਆਂ ਤਾਂ ਨਹੀਂ ਵੇਚੀਆਂ ਜਾ ਰਹੀਆਂ। ਉਹਨਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਵੱਲੋਂ ਸਿਹਤ ਬਜਟ ਲਈ 5598 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਉਹਨਾਂ ਸਿਵਲ ਸਰਜਨ ਅਤੇ ਐਸਐਮਓ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਡਾਕਟਰ ਦੇ ਵੱਲੋਂ ਮਰੀਜ਼ਾਂ ਨੂੰ ਦਵਾਈਆਂ ਬਾਹਰੋਂ ਨਾ ਲਿਖ ਕੇ ਦਿੱਤੀਆਂ ਜਾਣ, ਬਲਕਿ ਜਿਹੜੀਆਂ ਦਵਾਈਆਂ ਹਸਪਤਾਲ ਦੇ ਵਿੱਚ ਮੌਜੂਦ ਹਨ ਉਹ ਹੀ ਦਵਾਈਆਂ ਲਿਖੀਆਂ ਜਾਣ।ਉਹਨਾਂ ਕਿਹਾ ਕਿ ਹਸਪਤਾਲ ਦੌਰੇ ਦੌਰਾਨ ਕੁਝ ਕਮੀਆਂ ਉਹਨਾਂ ਦੇ ਧਿਆਨ ਦੇ ਵਿੱਚ ਆਈਆਂ ਹਨ। ਜਿਨਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੀਆਂ ਸਖਤ ਹਦਾਇਤਾਂ ਦਿੱਤੀਆਂ ਗਈਆਂ ਹਨ।

ਜ਼ਿਲ੍ਹੇ 'ਚ ਬਾਲ ਤੇ ਬੰਧੂਆ ਮਜ਼ਦੂਰੀ ਖਿਲਾਫ਼ ਹੋਵੇਗੀ ਢੁਕਵੀਂ ਕਾਰਵਾਈ : ਸਹਾਇਕ ਕਿਰਤ ਕਮਿਸ਼ਨਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)— ਸਹਾਇਕ ਕਿਰਤ ਕਮਿਸ਼ਨਰ ਜੇ.ਐਸ. ਕੰਗ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਬਾਲ ਅਤੇ ਬੰਧੂਆ ਮਜ਼ਦੂਰੀ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਮਾਰਚ ਮਹੀਨੇ ਦੌਰਾਨ 4 ਬੱਚਿਆਂ ਨੂੰ ਬਾਲ ਮਜ਼ਦੂਰੀ ਤੋਂ ਛੁਡਾਇਆ ਗਿਆ। ਕੰਗ ਨੇ ਕਿਹਾ ਕਿ ਕਿਰਤ ਵਿਭਾਗ ਵਲੋਂ ਜ਼ਿਲ੍ਹੇ ਵਿਚ ਮਜ਼ਦੂਰਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਲਗਾਤਾਰ ਉਪਰਾਲੇ ਜਾਰੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦੋ ਮਹੀਨਿਆਂ ਦੌਰਾਨ ਜ਼ਿਲ੍ਹੇ ਵਿਚ ਗਰੈਚੁਟੀ ਦੇ 113 ਕੇਸ, ਘੱਟੋ-ਘੱਟ ਉਜਰਤ ਨਾਲ ਸਬੰਧਤ 35 ਕੇਸ ਅਤੇ ਮੁਲਾਜ਼ਮ ਮੁਆਵਜਾ ਐਕਟ ਨਾਲ ਸਬੰਧਤ 3 ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਟਾਸਕ ਫੋਰਸ ਬਾਲ ਮਜ਼ਦੂਰੀ ਅਤੇ ਬੰਧੂਆ ਮਜ਼ਦੂਰੀ ਖਿਲਾਫ਼ ਬਣਦੀ ਕਾਰਵਾਈ ਅਮਲ ਵਿਚ ਲਿਆ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਰਚ ਮਹੀਨੇ ਬਾਲ ਮਜ਼ਦੂਰੀ ਤੋਂ ਛੁਡਵਾਏ ਗਏ 4 ਬੱਚਿਆਂ ਨੂੰ ਬਾਲ ਭਲਾਈ ਕਮੇਟੀ ਕੋਲ ਪੇਸ਼ ਕੀਤਾ ਗਿਆ।ਬਿਲਡਿੰਗ ਅਤੇ ਹੋਰ ਉਸਾਰੀ ਵਰਕਰ ਐਕਟ ਬਾਰੇ ਸਹਾਇਕ ਕਿਰਤ ਕਮਿਸ਼ਨਰ ਨੇ ਦੱਸਿਆ ਕਿ ਉਸਾਰੀ ਕਾਮਿਆਂ ਦੀ ਭਲਾਈ ਲਈ ਹੈਲਪਡੈਸਕ ਸਥਾਪਿਤ ਕੀਤਾ ਗਿਆ ਹੈ ਤਾਂ ਜੋ ਇਨ੍ਹਾਂ ਕਾਮਿਆਂ ਨਾਲ ਸਬੰਧਤ ਭਲਾਈ ਸਕੀਮਾਂ ਦਾ ਲਾਭ ਸਹਿਜੇ ਢੰਗ ਨਾਲ ਮੁਹੱਈਆ ਰਕਵਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪਿਛਲੇ ਦੋ ਮਹੀਨਿਆਂ ਦੌਰਾਨ ਵੱਖ-ਵੱਖ ਸਕੀਮਾਂ ਤਹਿਤ 246 ਅਰਜ਼ੀਆਂ ਦੀ ਪ੍ਰਕਿਰਿਆ ਮੁਕੰਮਲ ਕਰਦਿਆਂ 28.97 ਲੱਖ ਦੀ ਅਦਾਇਗੀ ਲਈ ਇਹ ਅਰਜ਼ੀਆਂ ਭੇਜੀਆਂ ਗਈਆਂ। ਉਨ੍ਹਾਂ ਦੱਸਿਆ ਕਿ ਭਲਾਈ ਸਕੀਮਾਂ ਨਾਲ ਸਬੰਧਤ ਅਰਜ਼ੀਆਂ ਹੁਣ ਸਹਾਇਕ ਕਿਰਤ ਕਮਿਸ਼ਨਰ ਵਲੋਂ ਬੋਰਡ ਦੇ ਸਕੱਤਰ ਨੂੰ ਸਿੱਧੀਆਂ ਅਦਾਇਗੀ ਲਈ ਭੇਜੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਲੇਬਰ ਭਲਾਈ ਬੋਰਡ ਵਲੋਂ ਕਾਮਿਆਂ ਦੀ ਭਲਾਈ ਵਾਲੀਆਂ ਅਰਜ਼ੀਆਂ ਨੂੰ ਤੁਰੰਤ ਅਮਲ ਵਿਚ ਲਿਆਂਦਾ ਜਾਵੇ। ਉਨ੍ਹਾਂ ਦੱਸਿਆ ਕਿ ਉਸਾਰੀ ਕਾਮੇ ਹੁਣ ਪੰਜਾਬ ਬਿਲਡਿੰਗ ਅਤੇ ਹੋਰ ਉਸਾਰੀ ਭਲਾਈ ਬੋਰਡ ਰਾਹੀਂ ਪੰਜਾਬ ਕਿਰਤੀ ਸਹਾਇਕ ਐਪ ਰਾਹੀਂ ਰਜਿਸਟਰਡ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕਿਰਤ ਵਿਭਾਗ ਵਲੋਂ ਸਬੰਧਤ ਧਿਰਾਂ ਦੇ ਸਸ਼ਕਤੀਕਰਨ, ਹੋਰ ਵਿਕਾਸ ਅਤੇ ਭਲਾਈ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ।

ਖਰੜ-ਮੋਰਿੰਡਾ ਮਾਰਗ ਦਾ ਨਾਂਅ ਸ਼ਹੀਦ ਕਾਂਸ਼ੀ ਰਾਮ ਮੜੌਲੀ ਰੱਖੇ ਜਾਣ ਦੀ ਮੰਗ

ਖਰੜ (ਹਰਨਾਮ ਸਿੰਘ ਡੱਲਾ) ਗ਼ਦਰੀ ਬਾਬੇ ਵਿਚਾਰਧਾਰਕ ਮੰਚ (ਪੰਜਾਬ) ਖਰੜ ਵਲੋਂ ਇਸ ਵਾਰ ਮਜ਼ਦੂਰ ਦਿਵਸ ਸ਼ਹਿਰ ਦੀਆਂ ਹੋਰ ਜਥੇਬੰਦੀਆਂ ਨਾਲ ਮਿਲ ਕੇ ਮਨਾਉਂਣ ਦਾ ਫੈਸਲਾ ਲਿਆ ਹੈ ਤੇ ਇੱਕ ਮਤੇ ਰਾਹੀਂ ਖਰੜ-ਮੋਰਿੰਡਾ ਮਾਰਗ ਦਾ ਨਾਂਅ ਸ਼ਹੀਦ ਕਾਂਸ਼ੀ ਰਾਮ ਮੜੌਲੀ ਦੇ ਨਾਂਅ 'ਤੇ ਰੱਖਣ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ।ਮੰਚ ਦੇ ਪ੍ਰਧਾਨ ਅਤੇ ਪੁਆਧੀ ਲੇਖਕ ਹਰਨਾਮ ਸਿੰਘ ਡੱਲਾ ਦੀ ਪ੍ਰਧਾਨਗੀ ਵਿੱਚ ਜੁੜੇ ਸਰਬ ਸੁਖਵਿੰਦਰ ਸਿੰਘ ਦੁਮਣਾ, ਗੁਰਦੇਵ ਅਰਨੀਵਾਲਾ, ਕੇਵਲ ਜੋਸ਼ੀ, ਪ੍ਰਕਾਸ਼ ਸਿੰਘ ਰੰਗੀ,ਭੁਪਿੰਦਰ ਮਦਨਹੇੜੀ, ਡਾਕਟਰ ਜਰਨੈਲ ਸਿੰਘ, ਸਤਨਾਮ ਸਿੰਘ,ਕਿਰਪਾਲ ਸਿੰਘ,ਬਚਿੱਤਰ ਸਿੰਘ, ਪ੍ਰਿੰਸੀਪਲ ਮੋਹਣ ਲਾਲ ਰਾਹੀ,ਕਾਮਰੇਡ ਯੋਗ ਰਾਜ, ਸੁਰਿੰਦਰ ਸਿੰਘ ਬੰਡਾਲਾ,ਭਾਗ ਸਿੰਘ ਕਮਾਲੀ ਅਤੇ ਸੇਵਾ ਸਿੰਘ ਖ਼ਾਨਪੁਰ ਨੇ ਭਾਗ ਲਿਆ। ਇੱਕ ਮਤੇ ਰਾਹੀਂ ਮੰਚ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖਰੜ- ਮੋਰਿੰਡਾ ਹਾਈਵੇ ਮਾਰਗ ਦਾ ਗ਼ਦਰ ਲਹਿਰ ਦੇ ਸੂਰਬੀਰ ਸ਼ਹੀਦ ਕਾਂਸ਼ੀ ਰਾਮ ਮੜੌਲੀ ਦੇ ਨਾਂਅ ਉੱਤੇ ਰੱਖਿਆ ਜਾਵੇ। ਜਿਸ ਸਬੰਧੀ ਇੱਕ ਮੈਮੋਰੰਡਮ ਚਮਕੌਰ ਸਾਹਿਬ ਦੇ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੂੰ ਵੀ ਦਿੱਤਾ ਜਾ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਚ ਦੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਦੁਮਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ ਰੰਗਲਾ ਪੰਜਾਬ ਬਣਾਉਂਣ ਦੀ ਜੇਕਰ ਗੱਲ ਕਰਦੀ ਹੈ ਤਾਂ ਸ਼ਹੀਦ ਕਾਂਸੀ ਰਾਮ ਮੜੌਲੀ ਦੀ ਯਾਦ ਤਾਜ਼ਾ ਰੱਖਣ ਲਈ ਮਾਰਗ ਦਾ ਨਾਂਅ ਉਨ੍ਹਾਂ ਦੇ ਨਾਂਅ 'ਤੇ ਰੱਖ ਕੇ ਸ਼ਹੀਦ ਦਾ ਬੁੱਤ ਸਥਾਪਤ ਕਰਕੇ ਮਾਣ ਹਾਸਲ ਕਰ ਸਕਦੀ ਹੈ।

'ਜੁੜੇਗਾ ਬਲਾਕ ਜਿੱਤੇਗੀ ਕਾਂਗਰਸ' ਮੁਹਿੰਮ ਤਹਿਤ ਮੀਟਿੰਗ ਅੱਜ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਹਲਕਾ ਸੁਲਤਾਨਪੁਰ ਲੋਧੀ ਦੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਪੰਜਾਬ ਪ੍ਰਦੇਸ਼ ਕਾਂਗਰਸ ਦੀ ਅਗਵਾਈ ਹੇਠ 5 ਅਪ੍ਰੈਲ ਨੂੰ ਸੁਲਤਾਨਪੁਰ ਲੋਧੀ ਵਿਖੇ 'ਜੁੜੇਗਾ ਬਲਾਕ ਜਿੱਤੇਗੀ ਕਾਂਗਰਸ' ਮੁਹਿੰਮ ਤਹਿਤ ਵਿਸ਼ੇਸ਼ ਮੀਟਿੰਗ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾ ਰਿਹਾ ਹੈ। ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੋਂ ਇਲਾਵਾ ਹੋਰ ਕਈ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਪਹੁੰਚ ਰਹੇ ਹਨ।

ਖ਼ੂਨਦਾਨ ਕਰਨ ਨਾਲ ਕੀਮਤੀ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ : ਸੰਤ ਨਰੇਸ਼ ਗਿਰੀ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਆਏ ਦਿਨ ਵੱਖ-ਵੱਖ ਪਿੰਡਾਂ ਵਿੱਚ ਖ਼ੂਨਦਾਨ ਕੈਂਪ ਲਗਾਉਣ ਤੋਂ ਇਲਾਵਾ ਗਰੀਬ ਬੇਸਹਾਰਾ ਪਰਵਾਰਾਂ ਦੀਆਂ ਲੜਕੀਆਂ ਦੀ ਸ਼ਾਦੀ ਵਿੱਚ ਸਾਰਾ ਖਰਚਾ ਕਰਕੇ ਇਲਾਕੇ ਭਰ ਵਿੱਚ ਨਾਮਨਾ ਖੱਟ ਰਹੀ ਮਾਨਵਤਾ ਸੇਵਾ ਸੁਸਾਇਟੀ ਨੰਗਲ ਖੁੰਗਾ ਵੱਲੋਂ ਹਸਪਤਾਲ ਚ ਦਾਖਲ ਜਰੂਰਤਮੰਦ ਮਰੀਜ਼ਾਂ ਨੂੰ ਖ਼ੂਨਦਾਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਡੇਰਾ ਬਾਬਾ ਭਗਤ ਰਾਮ ਨੰਗਲ ਖੁੰਗਾ ਦੇ ਗੱਦੀ ਨਸ਼ੀਨ ਸੰਤ ਨਰੇਸ਼ ਗਿਰੀ ਮਹਾਰਾਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸੰਤ ਨਰੇਸ਼ ਜੀ ਗੁਰੂ ਜੀ ਮਹਾਰਾਜ ਨੇ ਅਜਿਹੇ ਉਪਰਾਲੇ ਕਰਨ ਵਾਲੀ ਮਾਨਵਤਾ ਸੇਵਾ ਸੋਸਾਇਟੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਦੁਨੀਆ ਭਰ ਵਿੱਚ ਸਭ ਤੋਂ ਸਰਵੋਤਮ ਦਾਨ ਖ਼ੂਨਦਾਨ ਨੂੰ ਕਿਹਾ ਜਾਂਦਾ ਹੈ ਕਿਉਂਕਿ ਖ਼ੂਨਦਾਨ ਕਰਨ ਨਾਲ ਜਿੱਥੇ ਮੌਤ ਨਾਲ ਜੂਝ ਰਹੇ ਕਿਸੇ ਇਨਸਾਨ ਦੀ ਵਿਗੜ ਰਹੀ ਹਾਲਤ ਨੂੰ ਸੰਭਾਲਿਆ ਜਾ ਸਕਦਾ ਹੈ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਤਾਰੀ ਨੇ ਕਿਹਾ ਕਿ ਹਸਪਤਾਲਾਂ ਵਿੱਚ ਦਾਖਲ ਮਰੀਜ਼ਾਂ ਨੂੰ ਜਦ ਵੀ ਖ਼ੂਨ ਦੀ ਜ਼ਰੂਰਤ ਹੁੰਦੀ ਹੈ ਤਾਂ ਉਸਨੂੰ ਕਿਸੇ ਰਿਸ਼ਤੇਦਾਰ ਜਾਂ ਸੰਸਥਾ ਵੱਲੋਂ ਖ਼ੂਨ ਮੁਹਈਆ ਕਰਵਾਇਆ ਜਾਂਦਾ ਹੈ ਤਾਂ ਜੋ ਉਸਦੀ ਕੀਮਤੀ ਜ਼ਿੰਦਗੀ ਨੂੰ ਬਚਾਇਆ ਜਾ ਸਕੇ।ਇਸ ਮੌਕੇ ਸੁਰਜੀਤ ਸਿੰਘ, ਤਾਇਆ ਟੱਲੀ ਰਾਮ, ਸਰਬਜੀਤ ਸਿੰਘ, ਚਰਨਜੀਤ ਸਿੰਘ, ਨਵਰਾਜ ਦੀਪ ਸਿੰਘ, ਸੂਬੇਦਾਰ ਤਰਸੇਮ ਸਿੰਘ, ਜ

5-APR-PAGE-10.qxd 4/4/2025 10:47 PM Page 1

ਜ਼ੀ. ਹੋਲੀ ਹਾਰਟ 'ਚ ਸੁਖਮਨੀ ਸਾਹਿਬ ਦਾ ਪਾਠ ਕਰਾਇਆ

ਮਹਿਲ ਕਲਾਂ (ਬਲਵਿੰਦਰ ਵਜੀਦਕੇ)-ਜੀ. ਹੋਲੀ ਹਾਰਟ ਪਬਲਿਕ ਸਕੂਲ ਵੱਲੋਂ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਨੂੰ ਪਵਿੱਤਰ ਤੇ ਮੰਗਲਮਈ ਬਣਾਉਣ ਲਈ ਸੁਖਮਨੀ ਸਾਹਿਬ ਪਾਠ ਕਰਾਇਆ ਗਿਆ।ਮੈਨੇਜਿੰਗ ਡਾਇਰੈਕਟਰ ਸ੍ਰੀ ਸੁਸ਼ੀਲ ਗੋਇਲ ਦੀ ਉਪਸਥਿਤੀ ਨਾਲ ਇਸ ਪਾਠ ਦਾ ਆਯੋਜਨ ਕੀਤਾ ਗਿਆ, ਜਿਸਦਾ ਮੁੱਖ ਉਦੇਸ਼ ਵਿਦਿਆਰਥੀਆਂ, ਅਧਿਆਪਕਾਂ ਤੇ ਸਕੂਲ ਪਰਵਾਰ ਦੀ ਖੁਸ਼ਹਾਲੀ, ਤਰੱਕੀ ਤੇ ਚੜ੍ਹਦੀ ਕਲਾ ਲਈ ਅਰਦਾਸ ਕਰਨੀ ਸੀ।ਸਕੂਲ ਦੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਤੇ ਕ੍ਰਮਚਾਰੀਆਂ ਨੇ ਪੂਰੀ ਸ਼ਰਧਾ ਨਾਲ ਪਾਠ ਵਿੱਚ ਹਿੱਸਾ ਲਿਆ।ਕੀਰਤਨ ਦੀ ਮਧੁਰ ਧੁਨ ਨੇ ਹਰੇਕ ਦੇ ਮਨ ਵਿਚ ਸਕਾਰਾਤਮਕ ਊਰਜਾ ਭਰੀ।ਅਰਦਾਸ ਤੇ ਲੰਗਰ ਪ੍ਰਸਾਦ ਨਾਲ ਸਮਾਗਮ ਸੰਪੰਨ ਹੋਇਆ, ਜਿਸ ਨੇ ਸੇਵਾ, ਨਿਮਰਤਾ ਤੇ ਭਾਈਚਾਰੇ ਦੀ ਮਹੱਤਤਾ ਉਭਾਰੀ।ਇਸ ਪਵਿੱਤਰ ਸਮਾਗਮ ਦੌਰਾਨ ਚੇਅਰਮੈਨ ਸ੍ਰੀ ਅਜੇ ਜਿੰਦਲ, ਡਾਇਰੈਕਟਰ ਸ੍ਰੀ ਰਾਕੇਸ਼ ਬਾਂਸਲ, ਸ੍ਰੀ ਨਿਤਿਨ ਜਿੰਦਲ, ਸ੍ਰੀ ਇਸ਼ਾਨ ਗੋਇਲ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਸ਼ਰਮਾ ਤੇ ਕੋਆਰਡੀਨੇਟਰ ਸ਼੍ਰੀਮਤੀ ਪਰਦੀਪ ਕੌਰ ਨੇ ਸ਼ਿਰਕਤ ਕੀਤੀ।

ਪੰਡਤ ਬਲਵੰਤ ਰਾਏ ਜਸਵਾਲ ਲਾਈਫ਼ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬੀ ਯੂਨੀਵਰਸਿਟੀ ਦੇ ਸੰਗੀਤ ਵਿਭਾਗ 'ਚ ਕਾਰਜਸ਼ੀਲ ਪ੍ਰੋਫ਼ੈਸਰ ਨਿਵੇਦਤਾ ਸਿੰਘ ਨੂੰ ਪਾਰਸ ਕਲਾ ਮੰਚ, ਜਲੰਧਰ ਵੱਲੋਂ ਪੰਡਤ ਬਲਵੰਤ ਰਾਏ ਜਸਵਾਲ ਲਾਈਫ਼ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਉਨ੍ਹਾਂ ਦਾ ਇਹ ਸਨਮਾਨ ਪੰਜਾਬ ਵਿੱਚ ਸ਼ਾਸਤਰੀ ਸੰਗੀਤ ਦੇ ਪ੍ਰਚਾਰ ਤੇ ਪ੍ਰਸਾਰ ਹਿਤ ਵਿੱਚ ਪਾਏ ਯੋਗਦਾਨ ਲਈ ਦਿੱਤਾ ਗਿਆ ਹੈ।ਪ੍ਰੋਫ਼ੈਸਰ ਨਿਵੇਦਿਤਾ ਸਿੰਘ ਨੇ ਦੱਸਿਆ ਕਿ ਇਹ ਐਵਾਰਡ ਜਲੰਧਰ ਵਿਖੇ ਹੋਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਸਰਕਾਰ ਦੇ ਕੈਬਿਨਟ ਮੰਤਰੀ ਸ੍ਰੀ ਮਹਿੰਦਰ ਭਗਤ ਸ਼ਾਮਲ ਹੋਏ। ਪਾਰਸ ਸੰਗੀਤ ਸੰਮੇਲਨ ਦੇ ਨਾਂਅ ਨਾਲ ਸੰਪੰਨ ਹੋਏ ਇਸ ਸਮਾਗਮ ਵਿੱਚ ਡਾ. ਨਿਵੇਦਿਤਾ ਸਿੰਘ ਵੱਲੋਂ ਸ਼ਾਸਤਰੀ ਗਾਇਨ ਦੀ ਪੇਸ਼ਕਾਰੀ ਵੀ ਦਿੱਤੀ ਗਈ।ਵਰਣਨਯੋਗ ਹੈ ਕਿ ਡਾ. ਨਿਵੇਦਿਤਾ ਸਿੰਘ ਪੰਜਾਬ ਦੀ ਪ੍ਰਸਿੱਧ ਸ਼ਾਸਤਰੀ ਗਾਇਕਾ ਹਨ ਤੇ ਉਨ੍ਹਾਂ ਭਾਰਤ ਭਰ ਵਿੱਚ ਮੰਚ ਪ੍ਰਦਰਸ਼ਨ ਕੀਤੇ ਹਨ।ਸੁਤੰਤਰਤਾ ਪ੍ਰਾਪਤੀ ਉਪਰੰਤ ਆਕਾਸ਼ਵਾਣੀ ਜਲੰਧਰ ਤੋਂ ਸ਼ਾਸਤਰੀ ਗਾਇਨ ਆਰੰਭ ਕਰਨ ਵਾਲ਼ੇ ਉਹ ਪੰਜਾਬ ਦੇ ਪਹਿਲੇ ਇਸਤਰੀ ਸ਼ਾਸਤਰੀ ਗਾਇਕਾ ਹਨ ਤੇ ਵਰਤਮਾਨ ਸਮੇਂ ਆਕਾਸ਼ਵਾਣੀ ਦੇ 'ਏ' ਗ੍ਰੇਡ ਕਲਾਕਾਰ ਹਨ।ਸ਼ਾਸਤਰੀ ਗਾਇਕੀ ਦੇ ਨਾਲ-ਨਾਲ ਨਿਰਧਾਰਤ ਰਾਗਾਂ ਵਿੱਚ ਗੁਰਬਾਣੀ ਦਾ ਗਾਇਨ ਵੀ ਉਨ੍ਹਾਂ ਦੀ ਵਿਸ਼ੇਸ਼ਤਾ ਹੈ।

ਭਾਈ ਜਸਵੀਰ ਸਿੰਘ ਲੋਪੋਂ ਵੱਲੋਂ ਗੁਰਮਤਿ ਕਲਾਸਾਂ ਸ਼ੁਰੂ

ਦੌਰਾਹਾ (ਹਰਮਿੰਦਰ ਸੇਠ)-ਪ੍ਰਾਚੀਨ ਡੇਰਾ ਬਾਬਾ ਮਹਿਮੇ ਸ਼ਾਹ ਜੀ ਲੋਪੋਂ ਦੇ ਪ੍ਰਸਿੱਧ ਪ੍ਰਚਾਰਕ ਭਾਈ ਜਸਵੀਰ ਸਿੰਘ ਲੋਪੋਂ ਵਾਲਿਆਂ ਵੱਲੋਂ ਜਿੱਥੇ ਪ੍ਰਾਚੀਨ ਡੇਰਾ ਮਹਿਮੇ ਸ਼ਾਹ ਜੀ ਦੇ ਹਜ਼ੂਰੀ ਅਸਥਾਨ ਤੋਂ ਇਲਾਵਾ ਪੰਜਾਬ ਭਰ ਵਿਚ ਗੁਰਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਯਤਨਸ਼ੀਲ ਹਨ, ਉੱਥੇ ਪਿੰਡ ਲੋਪੋਂ ਵਿਖੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਪਿੰਡ ਦੇ ਗੁਰੂਘਰ 'ਚ ਗੁਰਮਤਿ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਹਨ।ਭਾਈ ਜਸਵੀਰ ਸਿੰਘ ਲੋਪੋਂ ਨੇ ਕਿਹਾ ਕਿ ਬੱਚੇ ਤੇ ਨੌਜਵਾਨ ਦੇਸ਼ ਕੌਮ ਦਾ ਭਵਿੱਖ ਹਨ, ਜਿਨ੍ਹਾਂ ਨੂੰ ਗੁਰਬਾਣੀ, ਗੁਰਮਤਿ ਸਿਧਾਂਤਾਂ, ਸਿੱਖ ਇਤਿਹਾਸ ਅਤੇ ਗੁਰਮਤਿ ਰਹਿਣੀ ਨਾਲ ਜੋੜਨਾ ਅਤੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਕਿ ਸਿੱਖ ਨੌਜੁਆਨੀ ਨੂੰ ਆਪਣੇ ਸਿੱਖ ਵਿਰਸੇ ਅਤੇ ਬਾਣੀ ਅਤੇ ਬਾਣੇ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾਣ ਤਾਂ ਜੁ ਉਨ੍ਹਾਂ ਅੰਦਰ ਨੈਤਿਕ ਤੇ ਸਮਾਜਕ ਸਰੋਕਾਰਾਂ ਦਾ ਸੰਚਾਰ ਹੋ ਸਕੇ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ, ਵਿਦਿਅਕ ਅਦਾਰਿਆਂ ਤੋਂ ਇਲਾਵਾ ਮਾਪਿਆਂ ਨੂੰ ਵੀ ਆਪਣੇ ਬੱਚਿਆਂ ਨੂੰ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਕੀਤੀ ਗਈ ਜੀਵਨ-ਜਾਚ ਦੇ ਗੁਣਾਂ ਦਾ ਧਾਰਨੀ ਬਣਾਉਣ ਲਈ ਸੰਯੁਕਤ ਉਪਰਾਲੇ ਕਰਨੇ ਚਾਹੀਦੇ ਹਨ।

ਰਾਮਗੜ੍ਹੀਆ ਅਕਾਲ ਜਥੇਬੰਦੀ ਵੱਲੋਂ ਮਲਕੀਤ ਥਿੰਦ ਨੂੰ ਸਿਰੋਪਾਓ ਭੇਟ

ਗੁਰਹਰਸਹਾਏ (ਮਨਦੀਪ ਸਿੰਘ ਸੋਢੀ)-ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਕਲਸੀ ਆਪਣੀ ਜਥੇਬੰਦੀ ਦੇ ਹੋਰਨਾਂ ਮੈਂਬਰਾਂ ਸਮੇਤ ਗੋਲੂ ਕਾ ਮੋੜ ਵਿਖੇ ਬੀ.ਸੀ.ਵਿੰਗ ਪੰਜਾਬ ਦੇ ਨਵ-ਨਿਯੁਕਤ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਥਿੰਦ ਦੇ ਘਰ ਪਹੁੰਚੇ, ਜਿਥੇ ਉਨ੍ਹਾਂ ਥਿੰਦ ਨੂੰ ਬੀ ਸੀ ਵਿੰਗ ਪੰਜਾਬ ਦੇ ਚੇਅਰਮੈਨ ਲੱਗਣ ਤੇ ਵਧਾਈ ਦਿੱਤੀ ਤੇ ਜਥੇਬੰਦੀ ਵੱਲੋਂ ਸਿਰਪਾਉ ਭੇਟ ਕੀਤਾ।ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਨੇ ਵੀ ਥਿੰਦ ਨੂੰ ਫੋਨ ਰਾਹੀਂ ਵਧਾਈ ਦਿੱਤੀ।ਇਸ ਮੌਕੇ ਮਲਕੀਤ ਥਿੰਦ ਨੇ ਇਸ ਮਿਲੀ ਜ਼ਿੰਮੇਵਾਰੀ ਲਈ ਆਪਣੀ ਪਾਰਟੀ ਦਾ ਧੰਨਵਾਦ ਕੀਤਾ ਤੇ ਆਏ ਹੋਏ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਮੈਂਬਰਾਂ ਦਾ ਸਵਾਗਤ ਕੀਤਾ।

ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਕਾਰ ਸੇਵਾ ਸ਼ੁਰੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਝੜੌਦੀ ਵਿਖੇ ਗੁਰਦੁਆਰਾ ਨਾਨਕ ਦਰਬਾਰ ਦੀ ਨਵੀਂ ਇਮਾਰਤ ਦੀ ਕਾਰ ਸੇਵਾ ਸੰਗਤਾਂ ਵੱਲੋਂ ਸ਼ੁਰੂ ਕਰ ਦਿੱਤੀ ਹੈ। ਕਾਰ ਸੇਵਾ ਦੀ ਸ਼ੁਰੂਆਤ ਕਰਾਉਣ ਲਈ ਵਿਸ਼ੇਸ਼ ਤੌਰ 'ਤੇ ਮਹਾਂਪੁਰਸ਼ ਬਾਬਾ ਅਜੀਤ ਸਿੰਘ ਜੌਲਾਂ ਵਾਲੇ ਪੁੱਜੇ, ਜਿਨ੍ਹਾਂ ਨੇ ਇਸ ਇਮਾਰਤ ਦੀ ਨੀਂਹ ਰੱਖੀ। ਇਸ ਮੌਕੇ ਬਾਬਾ ਜੀ ਵਲੋਂ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ 1 ਲੱਖ ਰੁਪਏ ਦੀ ਭੇਟਾ ਦਿੱਤੀ ਤੇ ਪਿੰਡ ਵਾਸੀਆਂ ਤੇ ਸਮੂਹ ਸੰਗਤਾਂ ਵਲੋਂ ਕੀਤੇ ਜਾ ਰਹੇ ਕਾਰਜ ਦੀ ਸ਼ਲਾਘਾ ਕੀਤੀ। ਉਨ੍ਹਾਂ ਸੰਗਤਾਂ ਨੂੰ ਬਾਣੀ ਨਾਲ ਜੁੜਨ ਅਤੇ ਰੋਜ਼ਾਨਾ ਗੁਰੂ ਘਰ ਵਿਖੇ ਨਤਮਸਤਕ ਹੋਣ ਲਈ ਵੀ ਪ੍ਰੇਰਿਤ ਕੀਤਾ। ਪਿੰਡ ਦੀ ਪੰਚਾਇਤ ਵਲੋਂ ਮਹਾਂਪੁਰਸ਼ਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ।

ਸੁਖਬੀਰ ਸਿੰਘ ਬਾਦਲ ਨੇ 'ਆਪ' ਸਰਕਾਰ 'ਤੇ ਕੀਤੇ ਸ਼ਬਦੀ ਵਾਰ

ਨਾਭਾ (ਵਰਿੰਦਰ ਵਰਮਾ)-ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਪਿੰਡ ਘੰਨੂੜਕੀ ਦੇ ਗੁਰਸ਼ਬਦ ਪ੍ਰਕਾਸ਼ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਲਈ ਪਹੁੰਚੇ। ਇਸ ਮੌਕੇ ਸੁਖਬੀਰ ਸਿੰਘ ਬਾਦਲ ਨੂੰ ਸਿਰਪਾਉ ਭੇਟ ਕੀਤਾ ਗਿਆ।ਇਸ ਮੌਕੇ ਹਲਕਾ ਨਾਭਾ ਤੋਂ ਇੰਚਾਰਜ ਮੱਖਣ ਦੀ ਲਾਲਕਾ ਦੀ ਅਗਵਾਈ ਹੇਠ ਪਾਰਟੀ ਦੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਮੁਖੀ ਬਾਬਾ ਸੁਰਜੀਤ ਸਿੰਘ ਨਾਲ ਕਰੀਬ ਡੇਢ ਘੰਟਾ ਮੁਲਾਕਾਤ ਕੀਤੀ।ਸੁਖਬੀਰ ਸਿੰਘ ਬਾਦਲ ਨੇ ਵਕਫ ਬੋਰਡ ਬਿੱਲ 'ਤੇ ਕਿਹਾ ਕਿ ਸਰਕਾਰ ਨੂੰ ਧਰਮ ਵਿੱਚ ਦਖਲਅੰਦਾਜ਼ੀ ਨਹੀਂ ਕਰਨੀ ਚਾਹੀਦੀ, ਜੋ ਕੇਂਦਰ ਸਰਕਾਰ ਇਹ ਸਭ ਕੁਝ ਕਰ ਰਹੀ ਹੈ, ਬਿਲਕੁਲ ਗਲਤ ਹੈ।ਡਰੱਗ ਕੇਸ ਵਿੱਚ ਸਿੱਟ ਵੱਲੋਂ ਵਿਕਰਮ ਮਜੀਠੀਏ ਖਿਲਾਫ ਸਰਚ ਵਾਰੰਟ ਦੀ ਮੰਗ ਤੇ ਸੁਖਬੀਰ ਬਾਦਲ ਨੇ ਕਿਹਾ ਸਰਕਾਰ ਦੀ ਧੱਕੇਸ਼ਾਹੀ ਤੋਂ ਸ਼੍ਰੋਮਣੀ ਅਕਾਲੀ ਦਲ ਡਰਨ ਵਾਲਾ ਨਹੀਂ ਤੇ ਪੰਜਾਬ ਸਰਕਾਰ ਜੋ ਮਰਜ਼ੀ ਕਰ ਲਵੇ, ਪਰ ਇਨ੍ਹਾਂ ਦਾ ਹੁਣ ਇੱਕ ਸਾਲ ਰਹਿ ਗਿਆ ਹੈ।ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਕੇਜਰੀਵਾਲ ਪੰਜਾਬ ਦਾ ਅਸਲ ਮੁੱਖ ਮੰਤਰੀ ਬਣ ਚੁੱਕਾ ਹੈ।ਪੰਜਾਬ ਸਰਕਾਰ ਦਾ ਇੱਕ ਸਾਲ ਬਾਕੀ ਹੈ, ਸੱਤਾ ਬਦਲਦੇ ਹੀ ਸਾਰਾ ਹਿਸਾਬ ਆਮ ਆਦਮੀ ਪਾਰਟੀ ਤੋਂ ਲਿਆ ਜਾਵੇਗਾ।ਇਸ ਮੌਕੇ ਤੇ ਅਕਾਲੀ ਦਲ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਬੰਟੀ ਰੁਮਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਬਿਕਰਮਜੀਤ ਮਜੀਠੀਏ ਖਿਲਾਫ ਸਿੱਟ ਬਣਾ ਕੇ ਜਿਵੇਂ ਮਰਜ਼ੀ ਸਰਚ ਵਰੰਟ ਜਾਰੀ ਕਰ ਲਵੇ, ਪਰ ਉਸ ਵਿੱਚ ਨਿਕਲਣਾ ਕੁਝ ਨਹੀਂ ਹੈ, ਪਰ 13 ਸਾਲ ਹੋ ਗਏ ਸਾਰੀ ਸਰਕਾਰਾ ਨੇ ਵੇਖ ਲਿਆ।ਪਰ ਅਸੀਂ ਡੱਟ ਕੇ ਲੜਾਈ ਲੜਾਂਗੇ ਆਖਿਰਕਾਰ ਜਿੱਤ ਸੱਚਾਈ ਦੀ ਹੀ ਹੋਣੀ ਹੈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਅਤੇ ਗੁਰਦੁਆਰਾ ਦੇ ਮੁਖੀ ਬਾਬਾ ਸੁਰਜੀਤ ਸਿੰਘ ਨੇ ਕਿਹਾ ਕਿ ਸਾਡੇ ਨਾਲ ਸੁਖਬੀਰ ਬਾਦਲ ਦੇ ਪਰਵਾਰਕ ਰਿਲੇਸ਼ਨ ਹਨ ਅਤੇ ਡੇਢ ਘੰਟਾ ਉਨ੍ਹਾਂ ਨੇ ਸਾਡੇ ਨਾਲ ਬਿਤਾਇਆ ਹੈ।

ਸੰਘਣੀ ਆਬਾਦੀ ਵਾਲੀ ਥਾਂ ਬਣੇ ਕਬਾੜ ਦੇ ਗੁਦਾਮ 'ਚ ਲੱਗੀ ਅੱਗ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਨਰਵਾਣਾ ਰੋਡ 'ਤੇ ਸੰਘਣੀ ਆਬਾਦੀ ਵਾਲੇ ਇਲਾਕੇ ਵਿੱਚ ਸਥਿਤ ਇੱਕ ਗੋਦਾਮ ਵਿੱਚ ਰੱਖੇ ਕਬਾੜ ਵਿੱਚ ਅਚਾਨਕ ਅੱਗ ਲੱਗ ਗਈ।ਅਗਜਨੀ ਦੀ ਵਾਪਰੀ ਇਸ ਘਟਨਾ ਦੌਰਾਨ ਗੁਦਾਮ ਵਿੱਚ ਪਿਆ ਕਾਫੀ ਸਮਾਨ ਸੜ ਗਿਆ, ਜਦੋਂਕਿ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ।

ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਮੌਕੇ ਉੱਤੇ ਪਹੁੰਚੇ ਡੇਰਾ ਸੱਚਾ ਸੌਦਾ ਸਿਰਸਾ ਦੇ ਗਰੀਨੈਸ ਵੈਲਫੇਅਰ ਫੋਰਸ ਦੇ ਵਲੰਟੀਅਰਾਂ, ਨਗਰ ਕੌਂਸਲ ਪਾਤੜਾਂ ਦੇ ਕ੍ਰਮਚਾਰੀ ਤੇ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲੋਕਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ।ਹਾਲਾਂਕਿ, ਫਾਇਰ ਬ੍ਰਿਗੇਡ ਦੀ ਗੱਡੀ ਦੇਰੀ ਨਾਲ ਪਹੁੰਚੀ, ਜਿਸ ਕਾਰਨ ਲੋਕਾਂ ਵਿੱਚ ਗੁੱਸਾ ਫੈਲ ਗਿਆ। ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

ਦੁਪਹਿਰ ਸਮੇਂ ਵਾਪਰੀ ਇਸ ਘਟਨਾ ਦਾ ਪਤਾ ਲੱਗਣ ਉੱਤੇ ਹੀ ਆਸ ਪਾਸ ਦੇ ਇਲਾਕੇ ਵਿੱਚ ਖਰਬਲੀ ਮੱਚ ਗਈ ਪਰ ਮੌਕੇ ਉੱਤੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਕੁਝ ਹੀ ਸਮੇਂ ਵਿੱਚ ਅੱਗ 'ਤੇ ਕਾਬੂ ਪਾ ਲਿਆ, ਜਿਸ ਕਰਕੇ ਵੱਡੀ ਘਟਨਾ ਟਲ ਗਈ।ਇਸ ਘਟਨਾ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੇ ਜਾਣ ਦੇ ਬਾਵਜੂਦ ਫਾਇਰ ਬ੍ਰਿਗੇਡ ਦੀ ਗੱਡੀ ਕਾਫੀ ਪਛੜ ਕੇ ਆਈ ਜਿਸ ਕਰਕੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ ਦੱਸਣ ਯੋਗ ਹੈ ਕਿ ਪਿਛਲੇ ਕੁਝ ਹੀ ਸਮੇਂ ਵਿੱਚ ਸ਼ਹਿਰ ਅੰਦਰ ਅਗੰਜਨੀ ਦੀਆਂ ਸਮੇਂ ਸਮੇਂ ਉੱਤੇ ਵਾਪਰੀਆਂ ਕਈ ਘਟਨਾਵਾਂ ਕਰਕੇ ਲੋਕਾਂ ਵੱਲੋਂ ਫਾਇਰ ਬ੍ਰਿਗੇਡ ਦੀ

ਮੰਗ ਵੱਡੇ ਪੱਧਰ ਉੱਤੇ ਕੀਤੀ ਜਾ ਰਹੀ ਹੈ। ਪਰ ਵਾਰ ਵਾਰ ਵਾਅਦਿਆਂ ਦੇ ਬਾਵਜੂਦ ਹਾਲੇ ਤੱਕ ਸ਼ਹਿਰ ਵਿੱਚ ਫਾਇਰ ਬ੍ਰਿਗੇਡ ਦੀ ਗੱਡੀ ਦਾ ਪ੍ਰਬੰਧ ਨਹੀਂ ਹੋ ਸਕਿਆ। ਇਸ ਦੌਰਾਨ ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ ਨੇ ਕਿਹਾ ਕਿ ਸ਼ੁਤਰਾਣਾ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਇਹ ਮੁੱਦਾ ਵਿਧਾਨ ਸਭਾ ਵਿੱਚ ਉਠਾਇਆ ਹੈ ਅਤੇ ਜਲਦੀ ਹੀ ਸ਼ਹਿਰ ਵਿੱਚ ਫਾਇਰ ਬ੍ਰਿਗੇਡ ਦਾ ਪ੍ਰਬੰਧ ਕੀਤਾ ਜਾਵੇਗਾ।

ਔਰਤਾਂ ਨੇ 33% ਰਾਖਵਾਂਕਰਨ ਰਿਜ਼ਰਵੇਸ਼ਨ ਲਾਗੂ ਕਰਨ ਸੰਬੰਧੀ ਕੀਤਾ ਸ਼ਕਤੀ ਪ੍ਰਦਰਸ਼ਨ

ਫ਼ਿਰੋਜ਼ਪੁਰ (ਗੁਰਬਚਨ ਸਿੰਘ)

ਫ਼ਿਰੋਜ਼ਪੁਰ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਜੀਤ ਕੌਰ ਬੰਗੜ ਤੇ ਸਰਬਜੀਤ ਕੌਰ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਦੀ ਯੋਗ ਅਗਵਾਈ ਵਿੱਚ ਔਰਤਾਂ ਵਾਸਤੇ 33% ਕੋਟਾ ਲਾਗੂ ਕਰਨ ਦੀ ਮੰਗ ਨੂੰ ਲੈ ਸਥਿਤ ਫ਼ਿਰੋਜ਼ਪੁਰ ਕਾਂਗਰਸ ਭਵਨ ਤੋਂ ਲੈ ਕੇ ਲਾਈਟਾਂ ਵਾਲੇ ਚੌਕ ਤੱਕ ਵੱਡੀ ਗਿਣਤੀ ਵਿੱਚ ਔਰਤਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਮੁਰਦਾਬਾਦ ਦੀ ਨਾਅਰੇਬਾਜ਼ੀ ਕੀਤੀ ਗਈ, ਆਗੂ ਬੰਗੜ ਤੇ ਬਰਾੜ ਨੇ ਕਿਹਾ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਦੇਸ਼ ਦੀਆਂ ਔਰਤਾਂ ਨੂੰ ਰਾਜ ਸਭਾ ਵਿਧਾਨ ਸਭਾ ਵਿੱਚ ਰਾਖਵਾਂਕਰਨ 33% ਰਿਜ਼ਰਵੇਸ਼ਨ ਦਿੱਤੀ ਜਾਵੇਗੀ, ਪਰ ਅੱਜ ਸਾਲਾਂ ਦੇ ਹਿਸਾਬ ਨਾਲ ਸਮਾਂ ਬੀਤ ਗਿਆ, ਪਰ ਸਰਕਾਰ ਨੇ ਔਰਤਾਂ ਦੀ 33% ਰਿਜ਼ਰਵੇਸ਼ਨ ਨੂੰ ਲਾਗੂ ਨਹੀਂ ਕੀਤਾ, ਜਿਸ ਦੇ ਵਿਰੋਧ ਵਿਚ ਅੱਜ ਫ਼ਿਰੋਜ਼ਪੁਰ ਦੀਆਂ ਮਹਿਲਾਵਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਦੇ ਖਿਲਾਫ਼ ਰੋਸ ਪ੍ਰਦਰਸ਼ਨ ਨਾਅਰੇਬਾਜ਼ੀ ਕੀਤੀ ਗਈ ਹੈ ਅਤੇ ਸਰਕਾਰ ਦੇ ਨਾਂਅ ਏ ਡੀ ਸੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ।

ਅਕਾਲੀ ਦਲ ਦੀ ਭਰਤੀ ਮੁਹਿੰਮ ਹੋਈ ਸ਼ੁਰੂ

**ਨਿਹਾਲ ਸਿੰਘ ਵਾ

5-April-page-11-2025.qxd 4/4/2025 11:06 PM Page 1

ਰਾਜਪਾਲ ਕਟਾਰੀਆ ਨੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਜਨ ਅੰਦੋਲਨ ਵਿੱਢਣ ਲਈ ਦਿੱਤਾ ਸੱਦਾ

ਫਤਿਹਗੜ੍ਹ ਚੂੜੀਆਂ, ਬਟਾਲਾ (ਜਸਦੇਵ ਸਿੰਘ ਮਾਨ/ਤਰਲੋਕ ਬੱਗਾ)- ਪੰਜਾਬ ਦੇ ਰਾਜਪਾਲ ਅਤੇ ਪ੍ਰਧਾਨ ਭਾਰਤੀ ਰੈੱਡ ਕਰਾਸ ਸੋਸਇਟੀ, ਪੰਜਾਬ ਗੁਲਾਬ ਚੰਦ ਕਟਾਰੀਆ ਵਲੋਂ ਨਸ਼ੇ ਦੀ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਜਨ ਅੰਦੋਲਨ ਵਿੱਢਣ ਦਾ ਲੋਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਹੀ ਇਸ ਅਲਾਮਤ ਨਾਲ ਨਜਿੱਠਿਆ ਜਾ ਸਕਦਾ ਹੈ। ਨਸ਼ਿਆਂ ਵਿਰੁੱਧ ਪੈਦਲ ਯਾਤਰਾ ਦੇ ਅੱਜ ਦੂਜੇ ਦਿਨ ਫਤਿਹਗੜ੍ਹ ਚੂੜੀਆਂ ਤੋਂ ਪੈਦਲ ਯਾਤਰਾ ਦੀ ਸ਼ੁਰੂਆਤ ਕਰਨ ਮੌਕੇ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਮੈਂ ਸਾਰੇ ਲੋਕਾਂ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਵਲੋਂ ਇਸ ਪੈਦਲ ਯਾਤਰਾ ਵਿੱਚ ਹਿੱਸਾ ਲਿਆ ਗਿਆ।ਉਨਾਂ ਕਿਹਾ ਕਿ ਮਹਾਨ ਧਰਤੀ 'ਤੇ ਪੈਦਾ ਹੋਣ ਵਾਲੇ ਬਹਾਦਰ ਪੰਜਾਬੀਆਂ ਨੂੰ ਅੱਜ ਬਾਹਰੀ ਤਾਕਤਾਂ ਵੱਲੋਂ ਸਰੀਰਕ ਤੌਰ 'ਤੇ ਕਮਜ਼ੋਰ ਕਰਨ ਦੀ ਇਸ ਸਾਜਿਸ਼ ਦਾ ਸਾਨੂੰ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ ਅਤੇ ਪੰਜਾਬ ਦੀ ਧਰਤੀ ਤੋਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ 'ਚ ਸਰਕਾਰ ਵੱਲੋਂ ਆਰੰਭੀ ਲੜਾਈ 'ਚ ਸਾਥ ਦੇਣਾ ਚਾਹੀਦਾ ਹੈ। ਉਨਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਅਤੇ ਨਸ਼ਾ ਮੁਕਤ ਭਾਰਤ

ਬਣਾਉਣਾ ਹੀ ਸਾਡਾ ਮੰਤਵ ਹੈ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਅਸੀਂ ਰਲ ਕੇ ਇਸ ਜੰਗ ਨੂੰ ਜ਼ਰੂਰ ਜਿੱਤਾਂਗੇ। ਰਾਜਪਾਲ ਕਟਾਰੀਆ ਨੇ ਕਿਹਾ ਕਿ ਨਸ਼ੇ ਵਰਗੀ ਬੁਰਾਈ ਸਮਾਜ ਵਿਚ ਆਈ ਹੈ ਅਤੇ ਸਾਨੂੰ ਮਿਲ ਕੇ ਉਸ ਦਾ ਸਾਹਮਣਾ ਕਰਨਾ ਹੋਵੇਗਾ। ਉਨਾਂ ਪਿੰਡ ਤੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀਆਂ ਗਲੀਆਂ-ਮੁਹੱਲਿਆਂ ਦੇ ਬਾਹਰ ਬੋਰਡ ਲਗਾਉਣ ਕਿ ਅਸੀਂ ਇਸ ਬੁਰਾਈ ਦਾ ਡਟ ਕੇ ਵਿਰੋਧ ਕਰਦੇ ਹਾਂ ਅਤੇ ਨਸ਼ੇ ਨੂੰ ਖਤਮ ਕਰਨ ਲਈ ਪੂਰਨ ਸਹਿਯੋਗ ਕਰਾਂਗੇ।ਰਾਜਪਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਹੁਣ ਪੰਜਾਬ ਦੇ ਹਰ ਜਾਗਰੂਕ ਨਾਗਰਿਕ ਲਈ ਮੌਕਾ ਹੈ ਕਿ ਉਹ ਇਸ ਲੜਾਈ 'ਚ ਸਰਕਾਰ ਦਾ ਸਾਥ ਦੇਵੇ ਅਤੇ ਪੰਜਾਬ ਦੀ ਧਰਤੀ ਨੂੰ ਨਸ਼ਾ ਮੁਕਤ ਬਣਾਵੇ।ਅੱਜ ਰਾਜਪਾਲ ਪੰਜਾਬ ਕਟਾਰੀਆ ਦੀ ਅਗਵਾਈ ਹੇਠ ਪੈਦਲ ਯਾਤਰਾ ਬੰਦੇਸ਼ਾ ਰਿਜ਼ੋਰਟ, ਪਿੰਡ ਢਾਂਡੇ ਤੋਂ ਸ਼ੁਰੂ ਹੋ ਕੇ ਫਤਿਹਗੜ੍ਹ ਚੂੜੀਆਂ ਦੇ ਬਜ਼ਾਰਾਂ ਵਿਚੋਂ ਦੀ ਹੁੰਦੀ ਹੋਈ ਪੰਡਿਤ ਮੋਹਨ ਲਾਲ ਐਸ.ਡੀ ਕਾਲਜ (ਲੜਕੀਆਂ) ਫਤਿਹਗੜ੍ਹ ਚੂੜੀਆਂ ਵਿਖੇ ਸਮਾਪਤ ਹੋਈ। ਯਾਤਰਾ ਦੇ ਅਖੀਰ ਵਿੱਚ ਰਾਜਪਲ ਨੇ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤ ਪੰਜਾਬ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ ਦੀ ਸਹੁੰ ਵੀ ਚੁਕਾਈ। ਪੈਦਲ ਯਾਤਰਾ ਦੌਰਾਨ ਜ਼ਿਲ੍ਹਾ ਵਾਸੀਆਂ ਵੱਲੋਂ ਹਾਂ ਪੱਖੀ ਹੁੰਗਾਰਾ ਦਿੱਤਾ ਗਿਆ ਅਤੇ ਸਮਾਜ ਦੇ ਹਰ ਵਰਗ ਨੇ ਪੂਰੇ ਉਤਸ਼ਾਹ ਨਾਲ ਇਸ ਪੈਦਲ ਯਾਤਰਾ ਵਿੱਚ ਹਿੱਸਾ ਲਿਆ।ਇਸ ਤੋਂ ਬਾਅਦ ਰਾਜਪਾਲ ਨੇ ਵਿਲੇਜ ਡਿਫੈਂਸ ਕਮੇਟੀਆਂ ਦੇ ਪ੍ਰਤੀਨਿਧੀਆਂ ਨਾਲ ਵੀ ਮੀਟਿੰਗ ਕੀਤੀ ਅਤੇ ਨਸ਼ੇ ਦੀ ਰੋਕਥਾਮ ਵਿੱਚ ਉਨ੍ਹਾਂ ਦਾ ਸਹਿਯੋਗ ਮੰਗਿਆ। ਉਨ੍ਹਾਂ ਵਿਲੇਜ ਡਿਫੈਂਸ ਕਮੇਟੀਆਂ ਵੱਲੋਂ ਮਿਸਾਲੀ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਮੇਟੀ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਵੇਕ ਪ੍ਰਤਾਪ ਸਿੰਘ, ਪ੍ਰਿੰਸੀਪਲ ਸਕੱਤਰ, ਰਾਜਪਾਲ ਪੰਜਾਬ, ਸ਼ਿਵਦੁਲਾਰ ਸਿੰਘ ਢਿਲੋਂ ਸਕੱਤਰ ਭਾਰਤੀ ਰੈੱਡ ਕਰਾਸ ਸੁਸਾਇਟੀ ਪੰਜਾਬ, ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ, ਸਤਿੰਦਰ ਸਿੰਘ ਡੀ.ਆਈ.ਜੀ.(ਬਾਰਡਰ ਰੇਂਜ) ਸ੍ਰੀ ਅੰਮ੍ਰਿਤਸਰ, ਦਿਲਜਿੰਦਰ ਸਿੰਘ ਐੱਸ.ਐੱਸ.ਪੀ. ਪਠਾਨਕੋਟ, ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜ), ਗੁਰਪ੍ਰੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਵੀਰਪਾਲ ਕੌਰ ਐਸ.ਡੀ.ਐਮ ਫਤਿਹਗੜ੍ਹ ਚੂੜੀਆਂ, ਗੁਰਪ੍ਰੀਤ ਸਿੰਘ ਡੀ ਡੀ ਪੀ ਓ, ਰਣਪ੍ਰੀਤ ਸਿੰਘ ਆਰ.ਟੀ.ਏ, ਨੈਸ਼ਨਲ ਐਵਾਰਡੀ ਰੋਮੇਸ਼ ਮਹਾਜਨ, ਰਾਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸ), ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਧਾਰਮਿਕ, ਸਮਾਜਿਕ, ਸਿੱਖਿਆ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਸੰਯੁਕਤ ਕਿਸਾਨ ਮੋਰਚੇ ਨੇ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ

ਪਠਾਨਕੋਟ/ ਧਾਰੀਵਾਲ/ (ਦਵਿੰਦਰ ਸਿੰਘ/ਮਨਦੀਪ ਸਿੰਘ ਵਿੱਕੀ)- ਪਠਾਨਕੋਟ ਜ਼ਿਲ੍ਹੇ ਵਿੱਚ ਬਾਰਠ ਸਾਹਿਬ ਦੇ ਗੇਟ ਨੈਸ਼ਨਲ ਹਾਈਵੇ ਉੱਤੇ, ਮੀਰਥਲ ਅਤੇ ਨਰੋਟ ਜੈਮਲ ਸਿੰਘ ਵਿਖੇ ਤਿੰਨ ਥਾਵਾਂ 'ਤੇ ਮੋਦੀ ਅਤੇ ਟਰੰਪ ਦੇ ਪੁਤਲੇ ਫੂਕੇ ਗਏ। ਬਾਰਠ

ਸਾਹਿਬ ਨੈਸ਼ਨਲ ਹਾਈਵੇ 'ਤੇ ਆਈ ਐਸ ਗੁਲਾਟੀ ਬੀ ਕੇ ਯੂ ਸਾਦੀਪੁਰ, ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਸਿੰਘ ਘੋ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਬੀ ਕੇ ਯੂ ਰਾਜੇਵਾਲ ਵੱਲੋਂ ਕੇਵਲ ਸਿੰਘ ਕੰਗ, ਕਿਰਤੀ ਕਿਸਾਨ ਯੂਨੀਅਨ ਵੱਲੋਂ ਪਰਮਜੀਤ ਰਤਨਗੜ੍ਹ, ਅਤੇ ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਵੱਲੋਂ ਇਕਬਾਲ ਸਿੰਘ ਨੇ ਅਗਵਾਈ ਕੀਤੀ।

ਜਿਸ ਨੂੰ ਪਰਸ਼ੋਤਮ ਕੁਮਾਰ, ਸੁਧਾ ਰਾਣੀ, ਨੇਤਰ ਸਿੰਘ, ਸੁਰਿੰਦਰ ਸਹਿਗਲ, ਜਗਦੀਸ਼ ਰਾਜ, ਗੁਰਬਗ ਸਿੰਘ, ਲਖਵਿਦਰ ਸਿੰਘ, ਪਲਵਿੰਦਰ ਸਿੰਘ, ਸੋਹਣ ਸਿੰਘ, ਅਮਰੀਕ ਸਿੰਘ, ਸਰਬਜੀਤ, ਨਰਿੰਦਰ ਸਿੰਘ, ਬਲਬੀਰ ਸਿੰਘ, ਨਰੰਜਨ ਸਿੰਘ, ਕਮਲ ਸਿੰਘ, ਅਜੀਤ ਰਾਮ, ਦਰਸਨ ਸਿੰਘ, ਰਣਜੀਤ ਸਿੰਘ, ਕੁਲਬੀਰ ਸਿੰਘ, ਹਾਂਸ ਰਾਜ, ਵਿਜੇ ਕੁਮਾਰ, ਜਗਦੀਸ਼ ਸਿੰਘ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੱਸਿਆ ਕਿ ਅਮਰੀਕਾ ਦਾ ਰਾਸ਼ਟਰਪਤੀ ਟਰੰਪ ਬਾਕੀ ਦੇਸ਼ਾਂ ਉਤੇ ਟੈਰਿਫ ਦੀਆ ਦਰਾਂ ਵਧਾ ਕੇ ਵਪਾਰਕ ਜੰਗ ਸ਼ੁਰੂ ਕਰ ਰਿਹਾ ਹੈ, ਜਿਹੜਾ ਆਰਥਿਕ ਸੰਕਟ ਨੂੰ ਹੋਰ ਡੂੰਘਾ ਕਰੇਗਾ। ਚੀਨ, ਕੈਨੇਡਾ ਤੇ ਹੋਰ ਦੇਸ਼ ਜਵਾਬੀ ਤੌਰ 'ਤੇ ਆਪ ਵੀ ਟੈਰਿਫ ਵਧਾ ਰਹੇ ਹਨ ਅਤੇ ਵਪਾਰ ਦੇ ਹੋਰ ਰਾਹ ਤਲਾਸ਼ ਰਹੇ ਹਨ ।ਉਸ ਨੇ ਭਾਰਤ 'ਤੇ ਵੀ ਟੈਰਿਫ 26 ਪ੍ਰਤੀਸ਼ਤ ਲਗਾ ਦਿੱਤਾ ਹੈ ਤੇ ਟਰੰਪ ਨੇ ਇਸ਼ਾਰਾ ਕੀਤਾ ਹੈ ਕਿ ਭਾਰਤ ਸਰਕਾਰ ਟੈਰਿਫ ਦੀ ਦਰ ਘਟਾ ਰਹੀ ਹੈ। ਇਸ ਨਾਲ ਭਾਰਤ ਦਾ ਉਦਯੋਗ ਤੇ ਖੇਤੀ ਸੈਕਟਰ ਉੱਜੜ ਜਾਵੇਗਾ ਅਤੇ ਭਾਰਤ ਵਿੱਚ ਘੱਟ ਰੇਟ 'ਤੇ ਕਿਸਾਨੀ ਜਿਣਸਾਂ ਆ ਜਾਣਗੀਆਂ, ਕਿਉਂਕਿ ਅਮਰੀਕਾ ਵਿਚ ਖੇਤੀ ਲਾਗਤ ਘੱਟ ਹੈ ਅਤੇ ਉਥੋਂ ਦੀ ਸਰਕਾਰ ਕਿਸਾਨਾਂ ਨੂੰ ਬਹੁਤ ਵੱਧ ਸਬਸਿਡੀਆਂ ਦੇ ਰਹੀ ਹੈ। ਇਸ ਲਈ ਮੋਦੀ ਸਰਕਾਰ ਨੂੰ ਟਰੰਪ ਅੱਗੇ ਝੁਕਣਾ ਨਹੀਂ ਚਾਹੀਦਾ। ਉਹਨਾਂ ਨੇ ਕਿਸਾਨਾਂ ਨੂੰ ਹੋਰ ਵੱਡਾ ਏਕਾ ਕਰਨ ਦੀ ਅਪੀਲ ਕੀਤੀ ਅਤੇ ਤਿੱਖੇ ਸੰਘਰਸ਼ ਕਰਨ ਲਈ ਕਿਹਾ।

ਚੇਅਰਮੈਨ ਬਹਿਲ ਨੇ ਚੱਗੂਵਾਲ ਵਿਖੇ ਵਿਕਾਸ ਕਾਰਜਾਂ ਦੀ ਕੀਤੀ ਸ਼ੁਰੂਆਤ

ਗੁਰਦਾਸਪੁਰ (ਦਿਨੇਸ਼ ਕੁਮਾਰ)- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਭਗਵੰਤ ਮਾਨ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੱਤੀ ਜਾ ਰਹੀ ਹੈ। ਹਲਕੇ ਵਿੱਚ ਨਵੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਹਰ ਪਿੰਡ ਵਿੱਚ ਵਿਕਾਸ ਕਾਰਜ ਜ਼ੋਰਾਂ ਨਾਲ ਚੱਲ ਰਹੇ ਹਨ।ਵਿਕਾਸ ਕਾਰਜਾਂ ਦੀ ਏਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਚੱਗੂਵਾਲ ਵਿਖੇ ਅੱਜ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਪਿੰਡ ਦੀ ਸੜਕ ਨੂੰ ਚੌੜਾ ਕਰਨ, ਖੇਡ ਮੈਦਾਨ ਬਣਾਉਣ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਨਵੀਨੀਕਰਨ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਵਿਕਾਸ ਕਾਰਜਾਂ ਉੱਪਰ ਮਾਨ ਸਰਕਾਰ ਵੱਲੋਂ 20 ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਨਾਲ ਪਿੰਡ ਦੇ ਸਰਪੰਚ ਮਨਦੀਪ ਸਿੰਘ, ਪੰਚਾਇਤ ਮੈਂਬਰ ਅਤੇ ਹੋਰ ਮੁਹਤਬਰ ਵੀ ਹਾਜ਼ਰ ਸਨ। ਪਿੰਡ ਚੱਗੂਵਾਲ ਵਿਕਾਸ

ਕਾਰਜਾਂ ਦਾ ਉਦਘਾਟਨ ਕਰਨ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਦਾ ਕੋਈ ਵੀ ਪਿੰਡ ਵਿਕਾਸ ਪੱਖੋਂ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਜਿੱਥੇ ਅਵਾਮ ਦੀ ਭਲਾਈ ਲਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਓਥੇ ਬੁਨਿਆਦੀ ਢਾਂਚੇ ਵਿੱਚ ਵੀ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕ੍ਰਾਂਤੀ ਤਹਿਤ ਹੁਣ ਸਾਡਾ ਸੂਬਾ ਪੰਜਾਬ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹੇਗਾ।

ਮਾਨ ਸਰਕਾਰ ਨੇ ਆਮ ਆਦਮੀ ਕਲੀਨਿਕਾਂ 'ਚ ਲੈਬ ਟੈੱਸਟਾਂ ਦੀ ਗਿਣਤੀ ਵਧਾਈ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਕ੍ਰਾਂਤੀ ਤਹਿਤ ਸੂਬਾ ਵਾਸੀਆਂ ਨੂੰ ਸਸਤੀਆਂ ਤੇ ਮਿਆਰੀ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਸੂਬਾ ਵਾਸੀਆਂ ਨੂੰ ਇੱਕ ਹੋਰ ਵੱਡੀ ਰਾਹਤ ਦਿੰਦਿਆਂ ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਵਿੱਚ 8 ਹੋਰ ਨਵੇਂ ਲੈਬ ਟੈੱਸਟਾਂ ਦੀ ਸਹੂਲਤ ਦੇ ਦਿੱਤੀ ਹੈ, ਜਿਸ ਨਾਲ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਕੀਤੇ ਜਾਂਦੇ 38 ਲੈਬ ਟੈੱਸਟਾਂ ਦੀ ਗਿਣਤੀ ਵਧ ਕੇ 46 ਹੋ ਗਈ ਹੈ।ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਅੱਜ ਗੁਰਦਾਸਪੁਰ ਦੇ ਮਾਨ ਕੌਰ ਸਿੰਘ ਸਥਿਤ ਆਮ ਆਦਮੀ ਕਲੀਨਿਕ ਦਾ ਦੌਰਾ ਕਰਕੇ ਏਥੇ ਡਾਕਟਰਾਂ ਅਤੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਅਤੇ ਲੈਬ ਟੈੱਸਟਾਂ ਦੀ ਸਹੂਲਤ ਦਾ ਜਾਇਜ਼ਾ ਲਿਆ। ਸਮੂਹ ਮਰੀਜ਼ਾਂ ਨੇ ਆਮ ਆਦਮੀ ਕਲੀਨਿਕਾਂ ਅਤੇ ਹੋਰ ਸਿਹਤ ਸੰਸਥਾਵਾਂ ਵਿੱਚ ਮਿਲ ਰਹੀਆਂ ਸਿਹਤ ਸੇਵਾਵਾਂ ਬਾਰੇ ਆਪਣੀ ਤਸੱਲੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਵਿੱਚ ਲੈਬ ਟੈੱਸਟਾਂ ਦੀ ਸਹੂਲਤਾਂ ਵਿੱਚ ਵਾਧਾ ਕਰ ਦਿੱਤਾ ਹੈ ਜਿਸ ਨਾਲ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਲੈਬ ਟੈੱਸਟਾਂ ਦੀ ਗਿਣਤੀ 38 ਤੋਂ ਵਧ ਕੇ 46 ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਲੈਬ ਟੈੱਸਟਾਂ ਵਿੱਚ ਵਾਧਾ ਕੀਤਾ ਗਿਆ ਹੈ ਉਨ੍ਹਾਂ ਵਿੱਚ ਟਾਈਫ਼ਾਈਡ, ਐੱਚ.ਆਈ.ਵੀ. ਏਡਸ, ਆਰ.ਪੀ.ਆਰ./ ਵੀ.ਡੀ.ਆਰ.ਐੱਲ,ਐੱਚ.ਬੀ.ਐੱਸ.ਏ.ਜੀ, ਐੱਸ.ਵੀ, ਐੱਚ.ਬੀ.ਏ.ਆਈ.ਸੀ, ਡੇਂਗੂ, ਯੂਰੀਨ ਫ਼ਾਰ ਐਲਬਿਊਮਿਨ ਟੈੱਸਟ ਸ਼ਾਮਿਲ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਇਹ ਸਾਰੇ ਟੈੱਸਟ ਮੁਫ਼ਤ ਹੋਣਗੇ।ਉਨ੍ਹਾਂ ਦੱਸਿਆ ਕਿ

ਜ਼ਿਲ੍ਹਾ ਗੁਰਦਾਸਪੁਰ ਵਿੱਚ ਆਮ ਆਦਮੀ ਕਲੀਨਿਕ ਪੂਰੀ ਸਫ਼ਲਤਾ ਨਾਲ ਚੱਲ ਰਹੇ ਹਨ ਅਤੇ ਹੁਣ ਤੱਕ ਜ਼ਿਲ੍ਹੇ ਵਿੱਚ ਆਮ ਆਦਮੀ ਕਲੀਨਿਕਾਂ ਰਾਹੀਂ 22 ਲੱਖ ਤੋਂ ਵੱਧ ਮਰੀਜ਼ ਸਿਹਤ ਸੇਵਾਵਾਂ ਦਾ ਲਾਭ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜੇਕਰ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਆਮ ਆਦਮੀ ਕਲੀਨਿਕ ਮਾਨ ਕੌਰ ਸਿੰਘ, ਜੌੜਾ ਛੱਤਰਾਂ, ਬੱਬੇਹਾਲੀ, ਗੋਹਤ ਪੋਖਰ, ਤਿੱਬੜ, ਭੋਪਰ ਸੈਦਾਂ, ਹਯਾਤ ਨਗਰ, ਭੁੰਬਲੀ ਦੀ ਗੱਲ ਕਰੀਏ ਤਾਂ ਇੱਥੇ ਕਰੀਬ 3 ਲੱਖ ਮਰੀਜ਼ਾਂ ਦਾ ਇਲਾਜ ਹੋਇਆ ਹੈ, ਜਦਕਿ 2.25 ਲੱਖ ਮਰੀਜ਼ਾਂ ਦੇ ਮੁਫ਼ਤ ਲੈਬ ਟੈੱਸਟ ਹੋਏ ਹਨ।ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਅੰਕੁਰ ਕੌਸ਼ਲ, ਮੈਡੀਕਲ ਅਫ਼ਸਰ ਡਾ. ਕਿਰਨ, ਮਾਸ ਮੀਡੀਆ ਅਫ਼ਸਰ ਪਰਮਿੰਦਰ ਸਿੰਘ, ਸਤੀਸ਼ ਸੈਣੀ ਆਦਿ ਹਾਜ਼ਰ ਸਨ।

ਲਾਪਤਾ ਬੱਚੇ ਦੀ ਲਾਸ਼ ਨਹਿਰ 'ਚੋਂ ਮਿਲੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਮਾੜੀਗੌੜ ਸਿੰਘ ਤੋਂ ਨੌਂ ਸਾਲਾ ਗੁਰਪਿਆਰ ਸਿੰਘ ਪੁੱਤਰ ਗੁਰਮੁਖ ਸਿੰਘ ਨਾਮਕ ਬੱਚੇ ਦੀ ਪਿੰਡ ਦੀ ਹੀ ਨਹਿਰ ਵਿੱਚੋਂ ਲਾਸ਼ ਬਰਾਮਦ ਹੋਣ ਦੀ ਖ਼ਬਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਬੱਚਾ 2 ਅਪ੍ਰੈਲ ਤੋਂ ਲਾਪਤਾ ਸੀ। ਪੁਲਸ ਵੱਲੋਂ ਬੱਚੇ ਦੀ ਲਾਸ਼ ਨੂੰ ਕਬਜ਼ੇ ਵਿੱਚ

5 Apr Page-12.qxd 4/4/2025 10:53 PM Page 1

ਭਗਵੰਤ ਮਾਨ ਮਾਂ ਨੈਣਾ ਦੇਵੀ ਦੇ ਦਰਬਾਰ ਪੁੱਜੇ

ਬਲਾਚੌਰ (ਜਸਵਿੰਦਰ ਬੈਂਸ)- ਮੁੱਖ ਮੰਤਰੀ ਭਗਵੰਤ ਮਾਨ ਸ਼ੁੱਕਰਵਾਰ ਨੂੰ ਹਿਮਾਚਲ ਪ੍ਰਦੇਸ਼ ਦੇ ਬਿਲਾਸਪੁਰ ਜ਼ਿਲ੍ਹੇ ਵਿੱਚ ਸਥਿਤ ਮਾਂ ਨੈਣਾ ਦੇਵੀ ਦੇ ਦਰਬਾਰ ਪਹੁੰਚੇ। ਇਸ ਦੌਰਾਨ ਉਨ੍ਹਾਂ ਦੀ ਪਤਨੀ ਡਾ. ਗੁਰਪ੍ਰੀਤ ਕੌਰ ਵੀ ਉਨ੍ਹਾਂ ਨਾਲ ਮੌਜੂਦ ਸਨ। ਮੁੱਖ ਮੰਤਰੀ ਨੇ ਇਸ ਦੌਰਾਨ ਹਵਨ ਯੱਗ ਕੀਤਾ। ਉੱਥੇ ਮਾਂ ਦੀ ਪੂਜਾ ਕੀਤੀ ਗਈ। ਬਲਾਚੌਰ ਦੇ ਪਿੰਡ ਲੋਹਟ ਦੇ ਸ੍ਰੀ ਦੁਰਗਾ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਲਗਾਏ ਗਏ ਲੰਗਰ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਸ਼ਿਰਕਤ ਕੀਤੀ। ਮੰਦਰ ਪ੍ਰਬੰਧਕ ਕਮੇਟੀ ਵੱਲੋਂ ਮਾਤਾ ਦੀ ਚੁਨਰੀ ਨਾਲ ਮੁੱਖ ਮੰਤਰੀ ਮਾਨ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਸੇਵਾਦਾਰ ਮਾਸਟਰ ਸੁਰਜੀਤ ਸਿੰਘ , ਦਿਲਬਾਗ ਸਿੰਘ ਯੂਐਸਏ , ਕੁਲਵਿੰਦਰ ਯੂਐਸਏ ਰਾਜਿੰਦਰ ਸਿੰਘ, ਪ੍ਰੇਮ ਸਿੰਘ,ਪ੍ਰਦੀਪ ਸਿੰਘ, ਲੱਕੀ, ਭੁਪਿੰਦਰ ਸਿੰਘ, ਸੌਰਵ, ਬਲਵੀਰ ਸਿੰਘ, ਕਿਸ਼ਨ ਸਿੰਘ, ਜਿੰਦਰ, ਕਾਕਾ, ਜੀਤਾ, ਵਿਸ਼ਾਲ, ਕੰਨੂ, ਚਰਨਜੀਤ, ਜਤਿੰਦਰ ਹਲਵਾਈ ਸਮੇਤ ਸਾਰੇ ਸੇਵਾਦਾਰ ਮੌਜੂਦ ਸਨ।

ਝੰਡੇਰਾਂ ਵਿਖੇ ਰੱਤੂ ਜਠੇਰਿਆਂ ਦਾ ਸਾਲਾਨਾ ਮੇਲਾ 13 ਨੂੰ

ਬੰਗਾ (ਅਵਤਾਰ ਕਲੇਰ) ਬਾਬਾ ਡੋਗਰ ਪੀਰ, ਬਾਬਾ ਜਾਹਰ ਪੀਰ,ਬਾਬਾ ਸੇਲਬਰਾਹ ਦੇ ਅਸਥਾਨ ਝੰਡੇਰਾਂ ਵਿਖੇ ਸਾਲਾਨਾ ਵਿਸਾਖੀ ਜੋੜ ਮੇਲਾ 13 ਅਪ੍ਰੈਲ ਨੂੰ ਮਨਾਇਆ ਜਾਵੇਗਾ।ਸੇਵਾਦਾਰ ਪ੍ਰਿੰਸੀਪਲ ਜਨਕ ਰਾਜ ਰੱਤੂ ਅਤੇ ਮੇਜਰ ਰਾਮ ਰੱਤੂ ਦੇ ਦੱਸਿਆ ਕਿ ਇਸ ਵਿਸਾਖੀ ਜੋੜ ਮੇਲੇ 'ਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚ ਰਹੀਆਂ ਹਨ। ਉਹਨਾਂ ਦੱਸਿਆ ਕਿ 11 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਅਰੰਭ ਹੋਣਗੇ, 13 ਅਪ੍ਰੈਲ ਨੂੰ ਭੋਗ ਪਾਏ ਜਾਣਗੇ, ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ, ਰਾਗੀ, ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ।ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਮੇਜਰ ਰਾਮ ਰੱਤੂ, ਪ੍ਰਿੰਸੀਪਲ ਜਨਕ ਰਾਜ ਰੱਤੂ,ਸੋਹਣ ਲਾਲ, ਰਾਮ ਲਾਲ, ਪ੍ਰਿੰਸ ਰੱਤੂ, ਦਵਿੰਦਰ ਰੱਤੂ, ਬਲਦੇਵ ਰਾਜ, ਬਲਜਿੰਦਰ ਰੱਤੂ, ਮਹਿੰਦਰ ਰਾਮ ਜੇ ਈ, ਹਰਵਿੰਦਰ ਲਾਲ, ਹੀਰਾ ਰੱਤੂ, ਪਵਨ ਕੁਮਾਰ ਆਦਿ ਹਾਜ਼ਰ ਸਨ।

ਮਾ. ਰਜਿੰਦਰਪਾਲ ਸਿੰਘ ਨੇ ਸਰਕਾਰੀ ਹਾਈ ਸਕੂਲ ਦਾ ਬਤੌਰ ਹੈੱਡ ਸੰਭਾਲਿਆ ਚਾਰਜ

ਕਾਲਾ ਸੰਘਿਆਂ (ਮਨਜੀਤ ਮਾਨ)— ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਸੰਧੂ ਚੱਠਾ ਦੇ ਸਰਕਾਰੀ ਹਾਈ ਸਕੂਲ ਵਿਖੇ ਮਾਸਟਰ ਰਜਿੰਦਰਪਾਲ ਸਿੰਘ ਨੇ ਬਤੌਰ ਹੈੱਡ ਮਾਸਟਰ ਚਾਰਜ ਸੰਭਾਲਿਆ। ਇਸ ਤੋਂ ਪਹਿਲਾਂ ਮਾਸਟਰ ਰਜਿੰਦਰਪਾਲ ਸਿੰਘ ਗ਼ਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲ਼ਾ ਸੰਘਿਆਂ ਵਿਖੇ ਬਤੌਰ ਡੀ ਪੀ ਈ ਸੇਵਾਵਾਂ ਨਿਭਾ ਰਹੇ ਸਨ ਅਤੇ ਹਾਈ ਸਕੂਲ ਸੰਧੂ ਚੱਠਾ ਵਿਖੇ ਹੈੱਡ ਮਾਸਟਰ ਦੀ ਪੋਸਟ ਪਿਛਲੇ ਕਰੀਬ 9 ਸਾਲਾਂ ਤੋਂ ਖ਼ਾਲੀ ਸੀ ਅਤੇ ਇਥੇ ਪੰਜਾਬੀ ਮਾਸਟਰ ਅਮਰਜੀਤ ਬਤੌਰ ਇੰਚਾਰਜ਼ ਸੇਵਾਵਾਂ ਨਿਭਾ ਰਹੇ ਸਨ। ਅਹੁਦਾ ਸੰਭਾਲਣ ਮੌਕੇ ਰਜਿੰਦਰਪਾਲ ਸਿੰਘ ਨੇ ਕਿਹਾ ਕਿ ਸੰਧੂ ਚੱਠਾ ਸਕੂਲ ਇਥੋਂ ਦੇ ਸਟਾਫ ਦੀ ਸਖ਼ਤ ਮਿਹਨਤ ਸਦਕਾ ਜ਼ਿਲ੍ਹੇ ਦੇ ਗਿਣੇ ਚੁਣੇ ਵਧੀਆ ਸਕੂਲਾਂ ਵਿੱਚ ਆਉਂਦਾ ਹੈ ਅਤੇ ਇਥੋਂ ਦੇ ਸਟਾਫ ਵੱਲੋਂ ਸਕੂਲ ਨੂੰ ਬਾਖ਼ੂਬੀ ਚਲਾਇਆ ਜਾ ਰਿਹਾ ਸੀ ਅਤੇ ਹੁਣ ਮੈਂ ਸਾਰੇ ਮਿਲ਼ ਕੇ ਸਕੂਲ ਨੂੰ ਹੋਰ ਵੀ ਵਧੀਆ ਢੰਗ ਨਾਲ ਚਲਾਉਣ ਦੀ ਕੋਸ਼ਿਸ਼ ਕਰਾਂਗਾ। ਪਿੰਡ ਸੰਧੂ ਚੱਠਾ ਦੇ ਡਾ ਸਤਪਾਲ ਸਰਪੰਚ ਪਤੀ ਅਤੇ ਸਮੁੱਚੀ ਪੰਚਾਇਤ ਵੱਲੋਂ ਨਵੇਂ ਸਕੂਲ ਹੈੱਡ ਨੂੰ ਜੀ ਆਇਆਂ ਕਹਿੰਦਿਆਂ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁਰਚਰਨ ਸਿੰਘ ਚਾਹਲ, ਸੀਨੀਅਰ ਪੱਤਰਕਾਰ ਸਟੇਟ ਐਵਾਰਡੀ ਰੌਸ਼ਨ ਖੈੜਾ,ਪ੍ਰਧਾਨ ਅਮਰੀਕ ਸਿੰਘ ਨੱਢਾ ,ਕੁਲਬੀਰ ਸਿੰਘ ,ਬਿੰਦਰ ਸਿੰਘ ਮਾਸਟਰ ਸਤਪਾਲ ਬਾਗੜੀ ਤੇ ਕਾਲਾ ਸੰਘਿਆਂ ਸਕੂਲ ਦਾ ਸਮੁੱਚਾ ਸਟਾਫ਼, ਅਮਰਜੀਤ ਸਿੰਘ ਕੰਪਿਊਟਰ ਫੈਕਲਟੀ,ਅਮਰ ਸਿੰਘ,ਰਵਿੰਦਰ ਕੁਮਾਰ,ਬਲਜੀਤ ਕੌਰ,ਅਮਨਦੀਪ ਕੌਰ ਆਦਿ ਹਾਜ਼ਰ ਸਨ।

ਐੱਸ ਐੱਸ ਪੀ ਦਿਹਾਤੀ ਦੇ ਨਾਂਅ 'ਤੇ ਦਿੱਤਾ ਮੰਗ ਪੱਤਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਬੀਤੇ ਦਿਨੀਂ ਤਹਿਸੀਲ ਦੇ ਪਿੰਡ ਨੰਗਲ ਵਿਖੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਨਾਲ ਛੇੜਛਾੜ ਕੀਤੀ ਗਈ ਸੀ। ਇਸ ਘਟਨਾ ਕਰਕੇ ਦਲਿਤ ਸਮਾਜ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਹੈ। ਏਕਤਾ ਮੰਚ ਵੈੱਲਫੇਅਰ ਸੁਸਾਇਟੀ (ਰਜਿ:) ਨੂਰਮਹਿਲ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕਰਦੀ ਹੈ।ਜਿਸ ਨਾਲ਼ ਸਮੁੱਚੇ ਸਮਾਜ ਵਿੱਚ ਆਪਸੀ ਭਾਈਚਾਰਾ ਸਾਂਝ, ਸਮਾਨਤਾ ਅਤੇ ਸਥਿਰਤਾ ਬਣੀ ਰਹੇ। ਇਸ ਸੰਬੰਧੀ ਮੰਚ ਵੱਲੋ ਇਕ ਮੰਗ ਪੱਤਰ ਸਬ ਇੰਸਪੈਕਟਰ ਕਿਸ਼ਨ ਗੋਪਾਲ ਮੁੱਖ ਅਫ਼ਸਰ ਥਾਣਾ ਨੂਰਮਹਿਲ ਰਾਹੀਂ ਐੱਸ.ਐੱਸ.ਪੀ. ਦਿਹਾਤੀ ਦੇ ਨਾਂਅ 'ਤੇ ਦਿੱਤਾ ਗਿਆ। ਇਸ ਮੌਕੇ ਚੇਅਰਮੈਨ ਨਰਿੰਦਰ ਭੰਡਾਲ, ਪ੍ਰਧਾਨ ਗਗਨਦੀਪ ਨਈਅਰ, ਜਰਨਲ ਸਕੱਤਰ ਜਸਵੀਰ ਸਹਿਲ, ਪੀ.ਆਰ.ਓ. ਬਲਵਿੰਦਰ ਸਿੰਘ, ਖ਼ਜਾਨਚੀ ਰਵਿੰਦਰ ਸਿੰਘ, ਵਾਈਸ ਖ਼ਜਾਨਚੀ ਹਨੀ ਵਿਰਦੀ, ਮੈਂਬਰ ਹਰਜਿੰਦਰ ਮੱਟੂ ਤੇ ਸਤੀਸ਼ ਕੁਮਾਰ ਹਾਜਰ ਸਨ।

'ਨਵੀਂ ਸੋਚ ਨਵਾਂ ਪੰਜਾਬ' ਮੁਹਿੰਮ ਤਹਿਤ ਸਮਾਗਮ ਅੱਜ

ਸੁਲਤਾਨਪੁਰ ਲੋਧੀ (ਨਜਸ)- ਹਲਕਾ ਸੁਲਤਾਨਪੁਰ ਲੋਧੀ ਦੇ ਵਿਧਾਇਕ ਰਾਣਾ ਇੰਦਰਪ੍ਰਤਾਪ ਸਿੰਘ ਅਤੇ ਹਲਕਾ ਕਪੂਰਥਲਾ ਦੇ ਵਿਧਾਇਕ ਰਾਣਾ ਗੁਰਜੀਤ ਸਿੰਘ ਵੱਲੋਂ 5 ਅਪ੍ਰੈਲ ਨੂੰ ਸਥਾਨਕ ਪੈਲੇਸ ਵਿਖੇ 'ਨਵੀਂ ਸੋਚ ਨਵਾਂ ਪੰਜਾਬ' ਮੁਹਿੰਮ ਤਹਿਤ ਵਿਸ਼ੇਸ਼ ਸਮਾਗਮ ਦਾ ਆਯੋਜਨ ਦੁਪਹਿਰ 12 ਵਜੇ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੁਲਤਾਨਪੁਰ ਲੋਧੀ ਹਲਕੇ ਦੇ ਕਿਸਾਨ, ਮਜ਼ਦੂਰ ਅਤੇ ਹੋਰ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ। ਇਸ ਮੌਕੇ ਵਿਧਾਇਕ ਰਾਣਾ ਇੰਦਰਪ੍ਰਤਾਪ ਸਿੰਘ ਨੇ ਕਿਹਾ ਕਿ ਇਸ ਮਿਸ਼ਨ ਦਾ ਮੁੱਖ ਉਦੇਸ਼ ਵਧੀਆ ਖੇਤੀਬਾੜੀ ਅਭਿਆਸ ਨੂੰ ਅਪਣਾਉਣਾ, ਫਸਲਾਂ ਦੀ ਵਿਭਿੰਨਤਾ ਅਤੇ ਝੋਨੇ ਦੀ ਫਸਲ ਦੀ ਬਜਾਏ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨਾ ਹੈ ਜੋ ਕਿ ਜ਼ਿਆਦਾ ਪਾਣੀ ਦੀ ਖਪਤ ਕਰਦੀ ਹੈ ਤਾਂ ਜੋ ਕਿਸਾਨ ਘੱਟ ਲਾਗਤ 'ਤੇ ਵਧੇਰੇ ਆਮਦਨ ਕਮਾ ਸਕਣ। ਇਸ ਸਮਾਗਮ ਵਿੱਚ ਖੇਤੀ ਮਾਹਿਰ ਆਪਣੇ ਤਜਰਬੇ ਸਾਂਝੇ ਕਰਨਗੇ।

ਪੱਤਰਕਾਰ ਭਾਈਚਾਰੇ ਨੂੰ ਆ ਰਹੀਆਂ ਮੁਸ਼ਕਲਾਂ ਸੰਬੰਧੀ ਅਹਿਮ ਮੀਟਿੰਗ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ) ਵਰਕਿੰਗ ਰਿਪੋਰਟ ਐਸੋਸੀਏਸ਼ਨ ਪੰਜਾਬ ਆਫ ਇੰਡੀਆ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਯੂਨਿਟਾਂ ਦੇ ਸਮੂਹ ਪੱਤਰਕਾਰ ਭਾਈਚਾਰੇ ਦੀ ਮੀਟਿੰਗ ਮੁੱਖ ਦਫਤਰ ਸ਼ਰਮਾ ਸਵੀਟ ਸ਼ਾਪ ਭਰਵਾਈ ਰੋਡ ਹੁਸ਼ਿਆਰਪੁਰ ਵਿਖੇ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਵੱਖ ਵੱਖ ਯੂਨਿਟਾਂ ਤੋਂ ਪਹੁੰਚੇ ਹੋਏ ਪੱਤਰਕਾਰਾਂ ਨੇ ਹਾਈ ਕਮਾਂਡ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ। ਮੀਟਿੰਗ ਦੌਰਾਨ ਬੋਲਦਿਆਂ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਪੱਤਰਕਾਰਾਂ ਨੂੰ ਭਰੋਸਾ ਦਵਾਇਆ ਕਿ ਇਹਨਾਂ ਸਾਰੀਆਂ ਮੁਸ਼ਕਿਲਾਂ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਵੇਗਾ। ਅੱਜ ਦੀ ਇਸ ਵਿਸ਼ੇਸ਼ ਮੀਟਿੰਗ ਵਿੱਚ ਹਰਵਿੰਦਰ ਸਿੰਘ ਭੁੰਗਰਨੀ ਨੂੰ ਸਰਬ ਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਭੂੰਗਰਨੀ ਨੇ ਆਖਿਆ ਕਿ ਉਹ ਹਾਈ ਕਮਾਂਡ ਵੱਲੋਂ ਸੌਂਪੀ ਹੋਈ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਉਪਰੰਤ ਤਰਸੇਮ ਦੀਵਾਨਾ ਨੇ ਆਖਿਆ ਕਿ ਉਹ ਪੱਤਰਕਾਰ ਭਾਈਚਾਰੇ ਨਾਲ ਹਰ ਵਕਤ ਚੱਟਾਨ ਵਾਂਗ ਖੜ੍ਹੇ ਰਹਿਣਗੇ।ਇਸ ਮੌਕੇ ਗੁਰਵਿੰਦਰ ਸਿੰਘ ਪਲਾਹਾ, ਜਸਵੀਰ ਸਿੰਘ ਮੁੱਖਲਿਆਣਾ, ਪੰਕਜ ਕੁਮਾਰ, ਗੁਰਪਾਲ ਸਿੰਘ, ਇੰਦਰਜੀਤ ਸਿੰਘ ਮੁਖਲਿਆਣਾ, ਅਮਰਜੀਤ ਕੁਮਾਰ, ਸੁਖਵਿੰਦਰ, ਇੰਦਰਜੀਤ ਸਿੰਘ, ਦਲਵੀਰ ਚਰਖਾ, ਰਮਨ ਕੁਮਾਰ, ਅਸ਼ਵਨੀ ਸ਼ਰਮਾ, ਕੌਸ਼ਲ ਜੀ, ਕੁਲਵੀਰ ਸਿੰਘ, ਨਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਦਿਲਬਾਗ ਹਾਰਟਾ, ਨਿਰਵੈਰ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪੱਤਰਕਾਰ ਹਾਜ਼ਰ ਸਨ।

ਡਿਲਿਵਰੀ ਵਾਲੇ ਨੂੰ ਦਾਤਰ ਦੀ ਨੋਕ 'ਤੇ ਲੁੱਟਣ ਵਾਲੇ ਕਾਬੂ

ਕਾਲਾ ਸੰਘਿਆਂ (ਮਨਜੀਤ ਮਾਨ)- ਨਜ਼ਦੀਕੀ ਪਿੰਡ ਕੇਸਰਪੁਰ ਨੇੜਿਓਂ ਇਕ ਆਨਲਾਈਨ ਕੰਪਨੀ ਦਾ ਸਮਾਨ ਘਰਾਂ ਵਿੱਚ ਡਿਲਿਵਰੀ ਕਰਨ ਵਾਲੇ ਨੌਜਵਾਨ ਨੂੰ ਤੇਜ਼ਧਾਰ ਹਥਿਆਰ ਦੀ ਨੋਕ 'ਤੇ ਲੁੱਟਣ ਵਾਲਿਆਂ ਨੂੰ ਸਥਾਨਕ ਪੁਲਸ ਨੇ 24 ਘੰਟਿਆਂ ਵਿੱਚ ਕਾਬੂ ਕਰ ਲਿਆ ਹੈ।ਪੁਲਸ ਚੌਕੀ ਦੇ ਇੰਚਾਰਜ਼ ਏ ਐਸ ਆਈ ਅਮਰਜੀਤ ਸਿੰਘ ਨੇ ਦੱਸਿਆ ਕਿ ਚਰਨਜੀਤ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਅਡਨਾਵਾਲੀ ਥਾਣਾ ਫੱਤੂਢੀਂਗਾ ਨੇ ਸ਼ਿਕਾਇਤ ਦਰਜ਼ ਕਰਵਾਈ ਕਿ ਉਹ ਮੀਸ਼ੋ ਕੰਪਨੀ ਵਿਚ ਕੰਮ ਕਰਦਾ ਹੈ ਅਤੇ ਘਰਾਂ ਵਿੱਚ ਆਨਲਾਈਨ ਆਰਡਰ ਦੇ ਕੋਰੀਅਰ ਸਪਲਾਈ ਦਾ ਕੰਮ ਕਰਦਾ ਹੈ। ਬੀਤੀ ਇਕ ਅਪ੍ਰੈਲ ਨੂੰ ਪਿੰਡ ਕੇਸਰਪੁਰ ਨੇੜੇ ਦੋ ਨਾ ਮਲੂਮ ਵਿਅਕਤੀ ਦਾਤਰ ਦੀ ਨੋਕ' ਤੇ ਉਸ ਕੋਲੋਂ ਇਕ ਮੋਬਾਈਲ ਵੀਵੋ ਕੰਪਨੀ ਅਤੇ 18963 ਰੁਪਏ ਦੀ ਖੋਹ ਕਰਕੇ ਲੈ ਗਏ, ਤੁਰੰਤ ਕਾਰਵਾਈ ਕਰਦਿਆਂ ਮੁਕੱਦਮਾ ਨੰਬਰ 73 ਅਧੀਨ ਧਾਰਾ 307,3(5) BNS (382,34 IPC) ਤਹਿਤ ਦਰਜ ਕੀਤਾ। ਸੀ ਸੀ ਟੀ ਵੀ ਕੈਮਿਰਿਆਂ ਦੀ ਮਦਦ ਨਾਲ ਵਾਰਦਾਤ ਨੂੰ ਅੰਜ਼ਾਮ ਦੇਣ ਵਾਲੇ ਦੋ ਮੋਟਰਸਾਈਕਲ ਸਵਾਰਾਂ ਨੂੰ ਜੱਲੋਵਾਲ ਪੁਲੀ ਦੇ ਨਜ਼ਦੀਕੀ ਤੋਂ ਕਾਬੂ ਕੀਤਾ ਗਿਆ, ਜਿਨ੍ਹਾਂ ਦੀ ਪਛਾਣ ਹਰਨੇਕ ਸਿੰਘ ਉਰਫ ਨੇਕ ਪੁੱਤਰ ਰਣਧੀਰ ਸਿੰਘ ਵਾਸੀ ਰਹੀਮਪੁਰ ਜ਼ਿਲ੍ਹਾ ਜਲੰਧਰ ਅਤੇ ਜਸਵਿੰਦਰ ਸਿੰਘ ਉਰਫ ਗੋਰੂ ਪੁੱਤਰ ਲਖਬੀਰ ਸਿੰਘ ਵਾਸੀ ਈਦਾ ਜ਼ਿਲ੍ਹਾ ਜਲੰਧਰ ਵਜੋਂ ਹੋਈ ਹੈ। ਮੋਟਰਸਾਈਕਲ ਦੀ ਅਗਲੀ ਨੰਬਰ ਪਲੇਟ ਵੀ ਨਹੀਂ ਸੀ। ਵਾਰਦਾਤ ਵਿੱਚ ਵਰਤਿਆ ਦਾਤਰ, ਇਕ ਮੋਬਾਇਲ ਅਤੇ 2500 ਰੁਪਏ ਨਕਦੀ ਬਰਾਮਦ ਹੋਈ ਹੈ।

ਸੰਯੁਕਤ ਕਿਸਾਨ ਮੋਰਚਾ ਨੇ ਨਰਿੰਦਰ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)— ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਮੁੱਚੇ ਪੰਜਾਬ ਦੇ ਜ਼ਿਲ੍ਹਾ ਤਹਿਸੀਲ ਅਤੇ ਬਲਾਕ ਪੱਧਰ 'ਤੇ ਅਮਰੀਕਾ ਦੇ ਰਾਸ਼ਟਰਪਤੀ ਡੋਨਲ ਟਰੰਪ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ। ਸੁਲਤਾਨਪੁਰ ਲੋਧੀ ਦੇ ਤਲਵੰਡੀ ਪੋਲ ਵਿਖੇ ਸੰਯੁਕਤ ਕਿਸਾਨ ਮੋਰਚਾ ਅਤੇ ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਮਿਲ ਕੇ ਪੁਤਲਾ ਫੂਕਿਆ ਗਿਆ ਅਤੇ ਨਾਅਰੇਬਾਜ਼ੀ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰਜਿੰਦਰ ਸਿੰਘ ਰਾਣਾ ਐਡਵੋਕੇਟ, ਰਘਵੀਰ ਸਿੰਘ ਮਹਿਰਮ ਵਾਲਾ, ਧਰਮਿੰਦਰ ਸਿੰਘ, ਅਮਰਜੀਤ ਸਿੰਘ ਟਿੱਬਾ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਾ ਦੇ ਟਰੰਪ ਵੱਲੋਂ ਮੁਕਤ ਵਪਾਰ ਸਮਝੌਤਾ ਕਰਕੇ ਖੇਤੀ ਖੇਤਰ ਨੂੰ ਸਾਮਰਾਜੀ ਬਹੁਕੌਮੀ ਕਾਰਪੋਰੇਸ਼ਨਾਂ ਲਈ ਖੁਲਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਇਸ ਲਈ ਅਮਰੀਕਾ ਦਾ ਵਫ਼ਦ ਭਾਰਤ ਦੇ ਦੌਰੇ 'ਤੇ ਹੈ। ਕਈ ਦੇਸ਼ਾਂ ਨੇ ਟਰੰਪ ਦੀਆਂ ਇਨ੍ਹਾਂ ਨੀਤੀਆਂ ਦਾ ਕਰੜਾ ਵਿਰੋਧ ਕੀਤਾ ਹੈ ਪਰ ਭਾਰਤ ਦੀ ਮੋਦੀ ਸਰਕਾਰ ਮੁਕਤ ਵਪਾਰ ਸਮਝੌਤੇ ਵੱਲ਼ ਵਧ ਰਹੀ ਹੈ ।ਸੰਯੁਕਤ ਕਿਸਾਨ ਮੋਰਚਾ ਵੱਲੋਂ ਬਲਾਕ ਪੱਧਰ 'ਤੇ ਮੋਦੀ ਤੇ ਟਰੰਪ ਦੀਆਂ ਅਰਥੀਆਂ ਸਾੜ ਕੇ ਮੁਕਤ ਵਪਾਰ ਸਮਝੌਤੇ ਦਾ ਵਿਰੋਧ ਕੀਤਾ ਕੀਤਾ ਗਿਆ।ਅਮਰਜੀਤ ਸਿੰਘ ਟਿੱਬਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਕਪੂਰਥਲਾ , ਮੁਕੰਦ ਸਿੰਘ ਸਦੋ ਭਲਣਾ ਨੇ ਆਪਣੇ ਸੰਬੋਧਨ ਵਿੱਚ ਅਮਰੀਕਾ ਦੇ ਮਨਸੂਬਿਆਂ ਬਾਰੇ ਸਪੱਸ਼ਟ ਟਿੱਪਣੀ ਕੀਤੀ ਉਹਨਾਂ ਕਿਹਾ ਕਿ ਅਮਰੀਕਾ ਦੇ ਟੈਕਸਾਂ ਨਾਲ ਭਾਰਤੀ ਬਾਜ਼ਾਰ ਵਿੱਚ ਆਪਣੀਆਂ ਵਸਤੂਆਂ ਕਰਕੇ ਭਾਰਤੀ ਕਿਸਾਨ ਛੋਟੇ ਦੁਕਾਨਦਾਰ ਵਪਾਰੀਆਂ ਦੀ ਤਬਾਹੀ ਹੋਵੇਗੀ।ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਨਿਰਮਲ ਸਿੰਘ ਸ਼ੇਰਪੁਰ ਸੱਦਾ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਸਰਵਨ ਸਿੰਘ ਮੀਤ ਪ੍ਰਧਾਨ, ਪ੍ਰਿਤਪਾਲ ਸਿੰਘ ਸਾਬਕਾ ਸਰਪੰਚ, ਡਾਕਟਰ